ਇਸ਼ਤਿਹਾਰ ਲਵਾਓ
ਵਪਾਰ ਵਧਾਓ
ਰੋਜ਼ਾਨਾ ਲੋਕ ਬਾਣੀ
ਅਖਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com



ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਸ਼ਨਿਵਾਰ, 07 ਮਈ 2022 ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

R.N.I. Punpun/29016/2008 ✲ ਸਾਲ : 14 ✲ ਅੰਕ : 420 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

## ਫੈਕਟਰੀ 'ਚ ਲੱਗੀ ਅੱਗ, ਕਈ ਮਜ਼ਦੂਰਾਂ ਦੇ ਅੰਦਰ ਫਸੇ ਹੋਣ ਦਾ ਖ਼ਦਸ਼ਾ

**ਜਲੰਧਰ**


ਥਾਣਾ ਮਕਸੂਦਾਂ ਅਧੀਨ ਪੈਂਦੇ ਪਿੰਡ ਸੰਗਲ ਸੋਹਲ ਨੇੜੇ ਥਰਮਾਕੋਲ ਬਣਾਉਣ ਵਾਲੀ ਫੈਕਟਰੀ @ਚ ਭਿਆਨਕ ਅੱਗ ਲੱਗਣ ਦੀ ਖ਼ਬਰ ਸਾਹਮਣੇ ਆਈ ਹੈ। ਇਸ ਦੌਰਾਨ ਫਾਇਰ ਬ੍ਰਿਗੇਡ ਦੀਆਂ 35 ਤੋਂ ਵਧ ਗੱਡੀਆਂ ਮੌਕੇ @ਤੇ ਪਹੁੰਚ ਗਈਆਂ ਹਨ। ਥਾਣਾ ਮਕਸੂਦਾਂ ਅਤੇ ਮੰਡ ਚੌਂਕੀ ਦੀ ਪੁਲਿਸ ਮੌਕੇ @ਤੇ ਪਹੁੰਚ ਗਈ ਹੈ। ਸੂਤਰਾਂ ਮੁਤਾਬਿਕ ਫੈਕਟਰੀ ਅੰਦਰ ਕਈ ਮਜ਼ਦੂਰਾਂ ਦੇ ਅੰਦਰ ਫਸੇ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ, ਜਿਨ੍ਹਾਂ ਨੂੰ ਪੁਲਿਸ ਅਤੇ ਫਾਇਰ ਬ੍ਰਿਗੇਡ ਬਾਹਰ ਕੱਢਣ @ਚ ਲੱਗੇ ਹੋਏ ਹਨ।



# ਅਮਰੀਕਾ ਦੇ ਵਿਦੇਸ਼ ਮੰਤਰੀ ਕੋਰੋਨਾ ਪਾਜ਼ਿਟਿਵ



ਅਮਰੀਕਾ ਦੇ ਵਿਦੇਸ਼ ਮੰਤਰੀ ਐਂਟੋਨੀ ਬਲਿੰਕਨ ਕੋਰੋਨਾ ਵਾਇਰਸ ਨਾਲ ਸੰਕਰਮਿਤ ਹੋ ਗਏ ਹਨ। ਉਨ੍ਹਾਂ ਵਿਚ ਕੋਰੋਨਾ ਦੇ ਹਲਕੇ ਲੱਛਣ ਦਿਖਾਈ ਦੇ ਰਹੇ ਹਨ। ਤੁਹਾਨੂੰ ਦੱਸ ਦੇਈਏ ਕਿ ਬਲਿੰਕਨ ਨੇ ਕੋਰੋਨਾ ਵੈਕਸੀਨ ਦੀਆਂ ਦੋਵੇਂ ਖੁਰਾਕਾਂ ਲਈਆਂ ਹਨ। ਇਸ ਦੇ ਨਾਲ ਹੀ ਉਸ ਨੂੰ ਬੂਸਟਰ ਡੋਜ਼ ਵੀ ਦਿੱਤੀ ਗਈ ਹੈ। ਅਮਰੀਕੀ ਸਰਕਾਰ ਦੇ ਇਕ ਬਿਆਨ ਵਿਚ ਕਿਹਾ ਗਿਆ ਹੈ ਕਿ ਬਲਿੰਕਨ ਨੇ ਪਿਛਲੇ ਕਈ ਦਿਨਾਂ ਤੋਂ ਰਾਸ਼ਟਰਪਤੀ ਜੋਅ ਬਿਡੇਨ ਨਾਲ ਮੁਲਾਕਾਤ ਨਹੀਂ ਕੀਤੀ ਹੈ। ਇਸ ਲਈ ਫਿਲਹਾਲ ਉਨ੍ਹਾਂ @ਤੇ ਕੋਰੋਨਾ ਦਾ ਖ਼ਤਰਾ ਮੰਡਰਾ ਰਿਹਾ ਹੈ। ਅਮਰੀਕੀ ਮੀਡੀਆ ਮੁਤਾਬਕ ਉਸ ਦੇ ਪਹਿਲੇ ਦੋ ਟੈਸਟਾਂ ਦੀ ਰਿਪੋਰਟ ਨੈਗੇਟਿਵ ਆਈ ਹੈ। ਪਰ ਬਾਅਦ ਵਿੱਚ ਉਹ ਪਾਜ਼ੇਟਿਵ ਨਿਕਲਿਆ। ਬਲਿੰਕਨ ਨੇ ਆਪਣੇ ਘਰ ਵਿੱਚ ਆਪਣੇ ਆਪ ਨੂੰ ਅਲੱਗ ਕਰ ਲਿਆ ਹੈ। ਕਿਹਾ ਜਾ ਰਿਹਾ ਹੈ ਕਿ ਉਹ ਜਲਦੀ ਹੀ ਠੀਕ ਹੋ ਕੇ ਕੰਮ @ਤੇ ਪਰਤਣਗੇ।ਬਲਿੰਕਨ ਨੇ ਹਫਤੇ ਦੇ ਅੰਤ ਵਿੱਚ ਵਾਸ਼ਿੰਗਟਨ ਵਿੱਚ ਵ੍ਹਾਈਟ ਹਾਊਸ ਦੇ ਪੱਤਰਕਾਰਾਂ ਦੇ ਡਿਨਰ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ ਮੀਡੀਆ ਅਤੇ ਰਾਜਨੀਤੀ ਦੀਆਂ ਪ੍ਰਮੁੱਖ ਹਸਤੀਆਂ ਸਮੇਤ ਹਜ਼ਾਰਾਂ ਲੋਕ ਮੌਜੂਦ ਸਨ।



## ਪੰਜਾਬ ਪੁਲੀਸ 'ਤੇ ਭਾਜਪਾ ਨੇਤਾ ਨੂੰ ਅਗਵਾ ਕਰਨ ਦਾ ਕੇਸ ਦਰਜ

**ਨਵੀਂ ਦਿੱਲੀ/ਲੋਕ ਬਾਣੀ**

ਪੰਜਾਬ ਪੁਲੀਸ ਵੱਲੋਂ ਭਾਜਪਾ ਆਗੂ ਤਜਿੰਦਰ ਸਿੰਘ ਬੱਗਾ ਨੂੰ ਗ੍ਰਿਫ਼ਤਾਰ ਕਰਨ ਦਿੱਲੀ ਪੁਲੀਸ ਨੇ ਅੱਜ ਪੰਜਾਬ ਪੁਲੀਸ 'ਤੇ ਅਗਵਾ ਦਾ ਮਾਮਲਾ ਦਰਜ ਕੀਤਾ ਹੈ। ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਬੱਗਾ ਦੇ ਪਿਤਾ ਨੇ ਸ਼ਿਕਾਇਤ ਦਿੱਤੀ ਹੈ ਕਿ ਕੁੱਝ ਲੋਕ ਸਵੇਰੇ 8 ਵਜੇ ਦੇ ਕਰੀਬ ਘਰ ਆਏ ਅਤੇ ਉਨ੍ਹਾਂ ਦੇ ਪੁੱਤਰ ਨੂੰ ਚੁੱਕ ਕੇ ਲੈ ਗਏ। ਉਨ੍ਹਾਂ ਦੱਸਿਆ ਕਿ ਜਨਕਪੁਰੀ ਥਾਣੇ ਵਿੱਚ ਕੇਸ ਦਰਜ ਕਰ ਲਿਆ ਗਿਆ ਹੈ। ਇਸੇ ਦੌਰਾਨ ਬੱਗਾ ਨੂੰ ਲਿਜਾ ਜਾ ਰਹੀ ਪੰਜਾਬ ਪੁਲੀਸ ਦੀ ਟੀਮ ਨੂੰ ਹਰਿਆਣਾ ਪੁਲੀਸ ਨੇ ਕੌਮੀ ਸ਼ਾਹਰਾਹ 'ਤੇ ਪਿੰਡ ਖਾਨਪੁਰ ਕੋਲੀਆਂ ਨੇੜੇ ਰੋਕ ਲਿਆ। ਐੱਸਪੀ ਕੁਰੂਕਸ਼ੇਤਰ ਅੰਸ਼ੂ ਸਿੰਗਲਾ ਦਾ ਕਹਿਣਾ ਹੈ ਕਿ ਦਿੱਲੀ ਪੁਲੀਸ ਦੀ ਸੂਚਨਾ ਤੋਂ ਬਾਅਦ ਵਾਹਨਾਂ ਨੂੰ ਕੁਝ ਪੜਤਾਲ ਲਈ ਰੋਕ ਲਿਆ ਹੈ। ਪੰਜਾਬ ਪੁਲੀਸ ਦੇ ਸੂਤਰਾਂ ਨੇ ਦੱਸਿਆ ਕਿ ਡੀਜੀਪੀ ਹਰਿਆਣਾ ਨੂੰ ਐੱਫਆਈਆਰ ਦੀ ਕਾਪੀ ਸਮੇਤ ਪੱਤਰ ਭੇਜਿਆ ਜਾ ਰਿਹਾ ਹੈ।

## ਵਿਦਿਆਰਥੀਆਂ ਨੂੰ ਲਿਜਾ ਰਿਹਾ ਛੋਟਾ ਹਾਥੀ ਪਲਟਿਆ

### ਡਰਾਈਵਰ ਸਣੇ 16 ਜ਼ਖ਼ਮੀ



**ਕੋਟਕਪੂਰਾ/ਲੋਕ ਬਾਣੀ:-** ਨੇੜਲੇ ਪਿੰਡ ਹਰੀਨੌ ਵਿੱਚ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਲੈ ਕੇ ਜਾ ਰਹੇ ਟਾਟਾ ਏਸ (ਛੋਟਾ ਹਾਥੀ) ਦੇ ਪਲਟਣ ਕਾਰਨ ਡਰਾਈਵਰ ਤੋਂ ਇਲਾਵਾ 15 ਵਿਦਿਆਰਥੀਆਂ ਜ਼ਖ਼ਮੀ ਹੋ ਗਏ। ਸਰਕਾਰੀ ਹਾਈ ਸਕੂਲ ਕੁਹਾਰਵਾਲਾ ਦੇ 30 ਦੇ ਕਰੀਬ ਵਿਦਿਆਰਥੀ ਰੋੜੀ ਕਪੂਰਾ ਵਿੱਚ ਦਸਵੀਂ ਜਮਾਤ ਦਾ ਪੇਪਰ ਦੇਣ ਜਾ ਰਹੇ ਸੀ ਤੇ ਜਦੋਂ ਉਹ ਪਿੰਡ ਹਰੀਨੌ ਨੇੜੇ ਪਹੁੰਚੇ ਤਾਂ ਅਚਾਨਕ ਸੰਤੁਲਨ ਵਿਗੜ ਜਾਣ ਕਾਰਨ ਇਹ ਵਾਹਨ ਪਲਟ ਗਿਆ, ਜਿਸ ਕਾਰਨ ਡਰਾਈਵਰ ਤੋਂ ਇਲਾਵਾ ਪੰਦਰਾਂ ਵਿਦਿਆਰਥੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਲੋਕਾਂ ਦੀ ਮਦਦ ਨਾਲ ਸਿਵਲ ਹਸਪਤਾਲ ਕੋਟਕਪੂਰਾ ਵਿਖੇ ਭਰਤੀ ਕਰਵਾਇਆ ਗਿਆ। ਵੈਨ ਡਰਾਈਵਰ ਕੁਲਵੰਤ ਸਿੰਘ ਨੇ ਦੱਸਿਆ ਕਿ ਇਹ ਹਾਦਸਾ ਵੈਨ ਦਾ ਅਚਾਨਕ ਸੰਤੁਲਨ ਵਿਗੜਣ ਕਾਰਨ ਹੋਇਆ ਹੈ। ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਿੰਦਰ ਸਿੰਘ ਗਾਂਧੀ ਨੇ ਦੱਸਿਆ ਕਿ ਡਰਾਈਵਰ ਸਮੇਤ ਚਾਰ ਵਿਦਿਆਰਥੀਆਂ ਦੇ ਕੁੱਝ ਜ਼ਿਆਦਾ ਸੱਟਾਂ ਹਨ ਪਰ ਸਾਰੇ ਵਿਦਿਆਰਥੀ ਖਤਰੇ ਤੋਂ ਬਾਹਰ ਹਨ।

## ਤਾਲਿਬਾਨ ਨੇ ਔਰਤਾਂ 'ਤੇ ਲਾਈ ਵੱਖ-ਵੱਖ ਤਰਾਂ ਦੀ ਪਾਬੰਦੀ

ਅਫਗਾਨਿਸਤਾਨ 'ਚ ਸੱਤਾ 'ਤੇ ਕਾਬਜ਼ ਹੋਣ ਤੋਂ ਬਾਅਦ ਤਾਲਿਬਾਨ ਇਕ ਤੋਂ ਬਾਅਦ ਇਕ ਔਰਤਾਂ @ਤੇ ਪਾਬੰਦੀਆਂ ਲਗਾ ਰਹੇ ਹਨ। ਹੁਣ ਤਾਲਿਬਾਨ ਨੇ ਔਰਤਾਂ ਨੂੰ ਗੱਡੀ ਚਲਾਉਣ ਤੋਂ ਰੋਕਣ ਲਈ ਕਦਮ ਚੁੱਕਣੇ ਸ਼ੁਰੂ ਕਰ ਦਿੱਤੇ ਹਨ। ਤਾਲਿਬਾਨ ਨੇ ਅਫਗਾਨਿਸਤਾਨ ਵਿੱਚ ਔਰਤਾਂ ਨੂੰ ਡਰਾਈਵਿੰਗ ਦਾ ਲਾਇਸੈਂਸ ਨਾ ਦੇਣ ਦਾ ਹੁਕਮ ਦਿੱਤਾ ਹੈ।

ਇਸ ਤੋਂ ਪਹਿਲਾਂ ਤਾਲਿਬਾਨ ਨੇ ਔਰਤਾਂ ਨੂੰ ਬੱਸਾਂ ਜਾਂ ਹੋਰ ਵਾਹਨਾਂ @ਚ ਲੰਬੀ ਦੂਰੀ ਤੱਕ ਇਕੱਲਿਆਂ ਸਫਰ ਕਰਨ @ਤੇ ਪਾਬੰਦੀ ਲਗਾ ਦਿੱਤੀ ਸੀ। ਤਾਲਿਬਾਨ ਦੇ ਹੁਕਮਾਂ ਮੁਤਾਬਕ



ਔਰਤਾਂ ਇਕੱਲੇ ਬੱਸ ਵਿਚ 70 ਕਿਲੋਮੀਟਰ ਤੋਂ ਵੱਧ ਦਾ ਸਫ਼ਰ ਨਹੀਂ ਕਰ ਸਕਣਗੀਆਂ। ਇਸ ਤੋਂ ਅੱਗੇ ਜਾਣ ਲਈ ਉਨ੍ਹਾਂ ਦੇ ਨਾਲ ਆਦਮੀ ਦਾ ਹੋਣਾ ਜ਼ਰੂਰੀ ਹੋਵੇਗਾ।ਨਿਯਮਾਂ ਮੁਤਾਬਕ ਤਾਲਿਬਾਨ ਦੇ ਸ਼ਾਸਨ 'ਚ ਔਰਤਾਂ ਉੱਚੀ ਅੱਡੀ ਨਹੀਂ ਪਹਿਨ ਸਕਦੀਆਂ। ਕੋਈ ਵੀ ਅਜਿਹੀ ਜੁੱਤੀ ਨਹੀਂ ਪਹਿਨ ਸਕਦਾ, ਜਿਸ ਨਾਲ ਰੌਲਾ ਪਵੇ। ਔਰਤਾਂ ਨੇਲ ਪਾਲਿਸ਼ ਨਹੀਂ ਲਗਾ ਸਕਦੀਆਂ। ਬਹੁਤ ਜ਼ਿਆਦਾ ਮੇਕਅੱਪ ਕਰਨ ਦੀ ਵੀ ਮਨਾਹੀ ਹੈ। ਔਰਤਾਂ ਜਨਤਕ ਥਾਂ 'ਤੇ ਉੱਚੀ ਆਵਾਜ਼ 'ਚ ਗੱਲ ਨਹੀਂ ਕਰ ਸਕਦੀਆਂ। ਬਾਲਕੋਨੀ ਵਿੱਚ ਖੜ੍ਹੇ ਨਹੀਂ ਹੋ ਸਕਦੇ। ਤਾਂ ਜੋ ਕੋਈ ਵੀ ਅਣਜਾਣ ਵਿਅਕਤੀ ਉਨ੍ਹਾਂ ਦੀ ਆਵਾਜ਼ ਸੁਣ ਅਤੇ ਦੇਖ ਨਾ ਸਕੇ। ਔਰਤਾਂ ਨੂੰ ਫੋਟੋਆਂ ਖਿੱਚਣ, ਵੀਡੀਓ ਬਣਾਉਣ ਜਾਂ ਐਕਸਪੋਜ਼ ਕਰਨ ਦੀ ਸਖ਼ਤ ਮਨਾਹੀ ਹੈ।

## ਮਹਾਰਾਸ਼ਟਰ 'ਚ ਭਿਆਨਕ ਸੜਕ ਹਾਦਸਾ

**ਅਹਿਮਦਨਗਰ/ਲੋਕ ਬਾਣੀ**

ਅਹਿਮਦਨਗਰ ਜ਼ਿਲ੍ਹੇ ਦੇ ਕੋਪਰਗਾਓਂ ਤਹਿਸੀਲ @ਚ ਭਿਆਨਕ ਸੜਕ ਹਾਦਸੇ @ਚ 7 ਲੋਕਾਂ ਦੀ ਮੌਤ ਹੋ ਗਈ, ਉੱਥੇ ਹੀ 6 ਲੋਕ ਗੰਭੀਰ ਜ਼ਖ਼ਮੀ ਹੋ ਗਏ। ਜਾਣਕਾਰੀ ਮੁਤਾਬਿਕ ਇਹ ਹਾਦਸਾ ਉਸ ਸਮੇਂ ਹੋਇਆ ਜਦੋਂ ਇਕ ਕੰਟੇਨਰ ਰਿਕਸ਼ੇ ਨਾਲ ਟਕਰਾਅ ਗਿਆ।

## .ਗੈਰਕਾਨੂੰਨੀ ਤਰੀਕੇ ਨਾਲ ਅਮਰੀਕਾ 'ਚ ਦਾਖ਼ਲ ਹੋ ਰਹੇ ਭਾਰਤੀ ਗ੍ਰਿਫਤਾਰ

**ਨਿਊਯਾਰਕ/ਲੋਕ ਬਾਣੀ:-** ਕੈਨੇਡਾ ਤੋਂ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਨ ਵਾਲੇ ਛੇ ਭਾਰਤੀ ਨਾਗਰਿਕਾਂ ਨੂੰ ਅਮਰੀਕੀ ਅਧਿਕਾਰੀਆਂ ਨੇ ਗ੍ਰਿਫ਼ਤਾਰ ਕੀਤਾ ਹੈ।ਫੜੇ ਗਏ ਵਿਅਕਤੀਆਂ ਦੀ ਉਮਰ 19 ਤੋਂ 21 ਸਾਲ ਦਰਮਿਆਨ ਦੱਸੀ ਜਾ ਰਹੀ ਹੈ। ਇਹ ਸਾਰੇ ਲੋਕ ਕਿਸ਼ਤੀ ਵਿੱਚ ਸਵਾਰ ਸਨ। ਇਸ ਮਾਮਲੇ ਨੂੰ ਮਨੁੱਖੀ ਤਸਕਰੀ ਨਾਲ ਜੋੜਿਆ ਜਾ ਰਿਹਾ ਹੈ। ਸੱਤਵਾਂ ਵਿਅਕਤੀ ਅਮਰੀਕੀ ਨਾਗਰਿਕ ਹੈ। ਦੋਸ਼ੀ ਪਾਏ ਜਾਣ 'ਤੇ ਇਨ੍ਹਾਂ ਨੂੰ ਜੁਰਮਾਨੇ ਦੇ ਨਾਲ 10 ਸਾਲ ਦੀ ਸਜ਼ਾ ਹੋ ਸਕਦੀ ਹੈ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਮਹਿਲਾ IAS ਅਫ਼ਸਰ ਦੇ ਘਰ 'ਤੇ 54 ਵਲੋਂ ਛਾਪੇਮਾਰੀ, ਕਰੋੜਾਂ ਰੁਪਏ ਬਰਾਮਦ



**ਰਾਂਚੀ/ਲੋਕ ਬਾਣੀ**

ਈਡੀ ਦੀ ਟੀਮ ਸ਼ੁੱਕਰਵਾਰ ਸਵੇਰੇ 5 ਵਜੇ ਤੋਂ ਝਾਰਖੰਡ ਦੀ ਸੀਨੀਅਰ ਆਈਏਐਸ ਅਧਿਕਾਰੀ ਪੂਜਾ ਸਿੰਘਲ ਅਤੇ ਉਸ ਦੇ ਨਜ਼ਦੀਕੀ ਵਿਅਕਤੀਆਂ ਦੇ 20 ਟਿਕਾਣਿਆਂ 'ਤੇ ਛਾਪੇਮਾਰੀ ਕਰ ਰਹੀ ਹੈ। ਇਸ ਦੌਰਾਨ ਪੂਜਾ ਸਿੰਘਲ ਦੇ ਕਰੀਬੀ ਸੀਏ ਦੇ ਘਰੋਂ 25 ਕਰੋੜ ਰੁਪਏ ਦੀ ਨਕਦੀ ਮਿਲਣ ਦੀ ਖ਼ਬਰ ਹੈ।

ਈਡੀ ਦੇ ਅਧਿਕਾਰੀ ਨੋਟ ਗਿਣਨ ਵਾਲੀ ਮਸ਼ੀਨ ਤੋਂ ਨਕਦੀ ਦੀ ਗਿਣਤੀ ਕਰਨ ਵਿੱਚ ਲੱਗੇ ਹੋਏ ਹਨ। ਹਾਲਾਂਕਿ ਅਜੇ ਤੱਕ ਇਸ ਦੀ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੂਜਾ ਸਿੰਘਲ ਦੇ ਘਰ ਤੋਂ ਕਈ ਦਸਤਾਵੇਜ਼ ਅਤੇ ਅਹਿਮ ਦਸਤਾਵੇਜ਼ ਵੀ ਮਿਲੇ ਦੱਸੇ ਜਾ ਰਹੇ ਹਨ।

ਈਡੀ ਦੀ ਟੀਮ ਰਾਂਚੀ ਦੇ ਪੰਚਵਟੀ ਰੈਜ਼ੀਡੈਂਸੀ ਦੇ ਬਲਾਕ ਨੰਬਰ 9, ਚਾਂਦਨੀ ਚੌਕ, ਕਾਂਕੇ ਰੋਡ, ਹਰੀਓਮ ਟਾਵਰ, ਲਾਲਪੁਰ ਦੀ ਨਵੀਂ ਇਮਾਰਤ, ਪਲਸ ਹਸਪਤਾਲ, ਬਰਿਆਤੂ ਵਿੱਚ ਛਾਪੇਮਾਰੀ ਕਰ ਰਹੀ ਹੈ। ਪਲਸ ਹਸਪਤਾਲ ਪੂਜਾ ਸਿੰਘਲ ਦੇ ਪਤੀ ਅਤੇ ਕਾਰੋਬਾਰੀ ਅਭਿਸ਼ੇਕ ਝਾਅ ਦੀ ਮਲਕੀਅਤ ਹੈ। ਈਡੀ ਦੀ ਟੀਮ ਆਈਏਐਸ ਪੂਜਾ ਸਿੰਘਲ ਦੀ ਸਰਕਾਰੀ ਰਿਹਾਇਸ਼ 'ਤੇ ਵੀ ਪਹੁੰਚ ਗਈ ਹੈ।

ਪੂਜਾ ਸਿੰਘਲ ਝਾਰਖੰਡ ਦੀ ਸੀਨੀਅਰ ਅਧਿਕਾਰੀ ਹੈ। ਵਰਤਮਾਨ ਵਿੱਚ ਉਨ੍ਹਾਂ ਕੋਲ ਉਦਯੋਗ ਸਕੱਤਰ ਅਤੇ ਮਾਈਨਸ ਸਕੱਤਰ ਦਾ ਚਾਰਜ ਹੈ। ਇਸ ਤੋਂ ਇਲਾਵਾ ਪੂਜਾ ਸਿੰਘਲ ਝਾਰਖੰਡ ਰਾਜ ਖਣਿਜ ਵਿਕਾਸ ਨਿਗਮ (•♥$43) ਦੀ ਚੇਅਰਮੈਨ ਵੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਪੂਜਾ ਸਿੰਘਲ ਭਾਜਪਾ ਸਰਕਾਰ ਵਿੱਚ ਖੇਤੀਬਾੜੀ ਸਕੱਤਰ ਦੇ ਅਹੁਦੇ 'ਤੇ ਤਾਇਨਾਤ ਸੀ। ਮਨਰੇਗਾ ਘੁਟਾਲੇ ਵੇਲੇ ਪੂਜਾ ਖੁੰਟੀ ਵਿੱਚ ਡੀਸੀ ਵਜੋਂ ਤਾਇਨਾਤ ਸੀ।

ਆਈਏਐਸ ਪੂਜਾ ਸਿੰਘਲ ਨੂੰ ਚਤਰਾ, ਖੁੰਟੀ ਅਤੇ ਪਲਾਮੂ ਜ਼ਿਲ੍ਹਿਆਂ ਵਿੱਚ ਡਿਪਟੀ ਕਮਿਸ਼ਨਰ ਵਜੋਂ ਆਪਣੇ ਕਾਰਜਕਾਲ ਦੌਰਾਨ ਵਿੱਤੀ ਬੇਨਿਯਮੀਆਂ ਦੇ ਕਈ ਗੰਭੀਰ ਦੋਸ਼ਾਂ ਦਾ ਸਾਹਮਣਾ ਕਰਨਾ ਪਿਆ ਹੈ। ਈਡੀ ਨੇ ਮਨਰੇਗਾ ਘੁਟਾਲੇ ਦੇ ਇੱਕ ਮਾਮਲੇ ਵਿੱਚ ਹਾਈਕੋਰਟ ਦੇ ਹੁਕਮਾਂ 'ਤੇ ਪੂਰੇ ਮਾਮਲੇ ਦੀ ਜਾਣਕਾਰੀ ਨਾਲ ਜੁੜਿਆ ਪੱਤਰ ਦਾਖ਼ਲ ਕੀਤਾ ਸੀ। ਖੁੰਟੀ ਵਿੱਚ ਮਨਰੇਗਾ ਵਿੱਚ 18.06 ਕਰੋੜ ਰੁਪਏ ਦੇ ਘਪਲੇ ਦੇ ਸਮੇਂ ਪੂਜਾ ਸਿੰਘਲ ਉੱਥੇ ਡਿਪਟੀ ਕਮਿਸ਼ਨਰ ਸਨ।

# ਪੰਜਾਬ ਦੀ ਫਿਰ ਬੱਲੇ-ਬੱਲੇ; ਕੌਮੀ ਸੀਨੀਅਰ ਹਾਕੀ ਚੈਂਪੀਅਨਸ਼ਿਪ 'ਚ ਪੰਜਾਬ ਦੀ ਧੀ ਕਰੇਗੀ ਕਪਤਾਨੀ



**ਚੰਡੀਗੜ੍ਹ/ਲੋਕ ਬਾਣੀ:-** ਭੋਪਾਲ (ਮੱਧ ਪ੍ਰਦੇਸ਼) ਵਿਖੇ 6 ਮਈ ਤੋਂ ਸ਼ੁਰੂ ਹੋਣ ਵਾਲੀ 12ਵੀਂ ਹਾਕੀ ਇੰਡੀਆ ਕੌਮੀ ਸੀਨਿਅਰ ਮਹਿਲਾ ਹਾਕੀ ਚੈਂਪੀਅਨਸ਼ਿਪ ਵਿਚ ਭਾਗ ਲੈਣ ਵਾਲੀ ਪੰਜਾਬ ਹਾਕੀ ਟੀਮ ਦੀ ਕਪਤਾਨੀ ਨਵਪ੍ਰੀਤ ਕੌਰ ਕਰੇਗੀ। ਭਾਰਤ ਵਿਚ ਹਾਕੀ ਦੀ ਸਿਰਮੌਰ ਸੰਸਥਾ ਹਾਕੀ ਇੰਡੀਆ ਵਲੋਂ ਹਾਕੀ ਪੰਜਾਬ ਨੂੰ ਮੁਅੱਤਲ ਕਰਨ ਉਪਰੰਤ ਨਿਯੁਕਤ ਕੀਤੀ ਹਾਕੀ ਪੰਜਾਬ ਦੀ ਐਡਹੱਕ ਕਮੇਟੀ ਦੇ ਮੈਂਬਰ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਅਨੁਸਾਰ 12ਵੀਂ ਹਾਕੀ ਇੰਡੀਆ ਕੌਮੀ ਸੀਨਿਅਰ ਮਹਿਲਾ ਹਾਕੀ ਚੈਂਪੀਅਨਸ਼ਿਪ 6 ਤੋਂ 17 ਮਈ ਤਕ ਭੋਪਾਲ (ਮੱਧ ਪ੍ਰਦੇਸ਼) ਵਿਚ ਭਾਗ ਲੈਣ ਲਈ ਪੰਜਾਬ ਦੀ ਸੀਨੀਅਰ ਹਾਕੀ ਟੀਮ ਦੀ ਅਗਵਾਈ ਨਵਪ੍ਰੀਤ ਕੌਰ ਕਰੇਗੀ ਜਦਕਿ ਸ਼ਾਲੂ ਮਾਨ (ਪਟਿਆਲਾ) ਪੰਜਾਬ ਟੀਮ ਦੀ ਉਪ ਕਪਤਾਨ ਹੋਵੇਗੀ। ਉਹਨਾਂ ਅੱਗੇ ਕਿਹਾ ਕਿ ਇਸ ਤੋਂ ਇਲਾਵਾ ਪੰਜਾਬ ਹਾਕੀ ਟੀਮ ਵਿਚ ਕ੍ਰਮਵਾਰ ਕਮਲਜੀਤ ਕੌਰ, ਜੋਤਿਕਾ ਕਲਸੀ, ਸ਼ੇਰਿਆ ਮਿਸ਼ਰਾ, ਮੀਨਾਕਸ਼ੀ, ਸੰਜਣਾ, ਕਿਰਨਦੀਪ ਕੌਰ, ਨਵਜੋਤ ਕੌਰ, ਮਹਿਮਾ, ਰੁਪਿੰਦਰ ਕੌਰ, ਯਾਸ਼ਿਕਾ ਨੇਗੀ, ਸਿਮਰਨ ਚੋਪੜਾ, ਸਲੀਕਾ, ਚੰਦਾਨਪ੍ਰੀਤ ਕੌਰ, ਰਸ਼ਨਪਰੀਤ ਕੌਰ, ਕਿਰਨਦੀਪ ਕੌਰ ਅਤੇ ਸਰਬਦੀਪ ਕੌਰ ਨੂੰ ਸ਼ਾਮਿਲ ਕੀਤਾ ਗਿਆ ਹੈ ।

# ਪੁਰਾਣੀ ਪੈਨਸ਼ਨ ਬਹਾਲ ਕਰਵਾਉਣ ਲਈ ਇਸ ਮੁਲਾਜ਼ਮ ਜਥੇਬੰਦੀ ਨੇ ਕੀਤਾ ਵੱਡਾ ਐਲਾਨ




**ਚੰਡੀਗੜ੍ਹ/ਲੋਕ ਬਾਣੀ**

ਸੂਬੇ ਅੰਦਰ ਐੱਨ.ਪੀ.ਐੱਸ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਪ੍ਰਣਾਲੀ ਅਧੀਨ ਲਿਆਉਣ ਲਈ ਸੰਘਰਸ਼ੀਲ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਲੁਧਿਆਣਾ ਵਿਖੇ ਗਦਰੀ ਭਾਨ ਸਿੰਘ ਸਨੇਤ ਯਾਦਗਾਰੀ ਹਾਲ ਵਿੱਚ ਸੂਬਾ ਕਨਵੀਨਰ ਅਤਿੰਦਰ ਪਾਲ ਸਿੰਘ ਦੀ ਅਗਵਾਈ ਵਿੱਚ ਸੂਬਾ ਕਮੇਟੀ ਦੀ ਅਹਿਮ ਮੀਟਿੰਗ ਕੀਤੀ ਗਈ ਸੀ। ਮੀਟਿੰਗ ਵਿੱਚ ਜ਼ੋਨਲ ਕਨਵੀਨਰਾਂ ਗੁਰਬਿੰਦਰ ਖਹਿਰਾ, ਜਸਵੀਰ ਸਿੰਘ ਭੰਮਾ, ਵਿੱਤ ਸਕੱਤਰ ਜਸਵਿੰਦਰ ਔਜਲਾ ਸਮੇਤ ਸੂਬਾ ਸਲਾਹਕਾਰ ਵਿਕਰਮ ਦੇਵ ਸਿੰਘ ਅਤੇ ਜਰਮਨਜੀਤ ਸਿੰਘ ਵੀ ਸ਼ਾਮਲ ਹੋਏ। ਉਪਰੋਕਤ ਮੀਟਿੰਗ ਵਿੱਚ ਲਏ ਫ਼ੈਸਲਿਆਂ ਦੀ ਰੌਸ਼ਨੀ ਵਿੱਚ ਪਟਿਆਲਾ ਜ਼ਿਲ੍ਹੇ ਨੇ ਆਪਣੇ ਇਕ ਅਹਿਮ ਮੀਟਿੰਗ ਸਥਾਨਕ ਜ਼ਿਲ੍ਹਾ ਸਿੱਖਿਆ ਦਫ਼ਤਰ ਪਟਿਆਲਾ ਵਿਖੇ ਕੀਤੀ।

ਮੀਟਿੰਗ ਉਪਰੰਤ ਸੂਬਾ ਕਨਵੀਨਰ ਅਤਿੰਦਰ ਪਾਲ ਸਿੰਘ ਅਤੇ ਜਿਲ੍ਹਾ ਕਨਵੀਨਰ ਸਤਪਾਲ ਸਮਾਣਵੀਵੱਲੋਂ ਮੀਟਿੰਗ ਦੇ ਫੈਸਲਿਆਂ ਦੀ ਜਾਣਕ?ਾਰੀ ਸਾਂਝੀ ਕਰਦਿਆਂ ਦੱਸਿਆ ਗਿਆ ਕਿ ਆਪ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਨੂੰ, ਚੋਣਾਂ ਦੌਰਾਨ ਆਪ ਪਾਰਟੀ ਦੀ ਸਰਕਾਰ ਬਣਨ 'ਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਕੀਤੇ ਐਲਾਨਾਂ ਨੂੰ ਲਾਗੂ ਕਰਵਾਉਣ ਲਈ, ਫਰੰਟ ਦੀਆਂ ਜ਼ਿਲਾ ਇਕਾਈਆਂ ਵੱਲੋਂ ਦਿੱਤੇ ਜਾ ਰਹੇ ਮੰਗ ਪੱਤਰਾਂ ਦੀ ਸਰਗਰਮੀ ਦੀ ਰਿਪੋਰਟਿੰਗ ਮੀਟਿੰਗ ਵਿੱਚ ਪੇਸ਼ ਕੀਤੀ ਗਈ। ਜਿਸ ਤੇ ਤਸੱਲੀ ਪ੍ਰਗਟਾਉਂਦਿਆਂ ਇਸ ਮੁਹਿੰਮ ਨੂੰ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ। ਪੈਨਸ਼ਨ ਫਰੰਟ ਦੇ ਅਗਲੇਰੇ ਪ੍ਰੋਗਰਾਮਾਂ ਤਹਿਤ 9 ਜੁਲਾਈ ਨੂੰ ਸੰਗਰੂਰ ਵਿਖੇ ਐੱਨ.ਪੀ.ਐੱਸ ਮੁਲਾਜ਼ਮਾਂ ਦੀ ਸਮੂਹ ਜ਼ਿਲਿਆਂ ਚੋਂ ਸ਼ਮੂਲੀਅਤ ਨਾਲ਼ ਸੂਬਾਈ ਕਨਵੈਨਸ਼ਨ ਕੀਤੀ ਜਾਵੇਗੀ।

ਕਨਵੈਨਸ਼ਨ ਉਪਰੰਤ ਆਪ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਚੀਮਾ, ਜਿੰਨਾ ਵੱਲੋਂ ਪ੍ਰਮੁੱਖਤਾ ਨਾਲ਼ ਸੱਤਾ ਵਿੱਚ ਆਉਣ 'ਤੇ ਪੁਰਾਣੀ ਪੈਨਸ਼ਨ ਢਾਂਚੇ ਨੂੰ ਮੁੜ ਬਹਾਲ ਕਰਨ ਦੇ ਚੋਣ ਐਲਾਨ ਕੀਤੇ ਗਏ ਸਨ, ਦੀ ਰਿਹਾਇਸ਼ ਵੱਲ ਵਾਅਦਾ ਯਾਦ ਦਿਵਾਊ ਮਾਰਚ ਵੀ ਕੱਢਿਆ ਜਾਵੇਗਾ।

# ਸਿੱਖਿਆ ਵਿਭਾਗ ਮੁੜ ਵਿਵਾਦਾਂ 'ਚ ਘਿਰਿਆ





ਚੰਡੀਗੜ੍ਹ ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ ਵੱਲੋਂ ਇੱਕ ਪੱਤਰ ਜਾਰੀ ਕਰਕੇ, ਪੰਜਾਬ ਭਰ ਦੇ ਹਜ਼ਾਰਾਂ ਪ੍ਰਿੰਸੀਪਲਾਂ ਅਤੇ ਮੁੱਖ ਅਧਿਆਪਕਾਂ ਨੂੰ 7 ਮਈ ਵਾਲੇ ਦਿਨ ਇਕ ਜਗ੍ਹਾ ਇਕੱਠੇ ਕਰਕੇ ਮੀਟਿੰਗ ਕਰਨ ਦੇ ਢੰਗ ਤਰੀਕੇ ਨੂੰ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਨੇ ਗ਼ੈਰ ਵਾਜਬ ਕਰਾਰ ਦਿੰਦਿਆਂ ਕਿਹਾ ਕਿ ਵਿਭਾਗੀ ਸੰਵਿਧਾਨਿਕ ਢਾਂਚੇ ਦੀ ਉਲੰਘਣਾ ਕਰਕੇ ਅਜਿਹੇ ਇਕੱਠ ਕਰਨਾ ਮਹਿਜ਼ ਸਿਆਸੀ ਵਿਖਾਵੇਬਾਜ਼ੀ ਤੋਂ ਪ੍ਰੇਰਿਤ ਜਾਪਦਾ ਹੈ। ਜਦ ਕਿ ਸਕੂਲ ਮੁਖੀਆਂ ਨੂੰ ਕੋਈ ਵੀ ਹਦਾਇਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਰਾਹੀਂ, ਬਿਨਾਂ ਖੱਜਲ ਖੁਆਰ ਕੀਤਿਆਂ ਜ਼ਿਲ੍ਹਾ ਪੱਧਰ 'ਤੇ ਵੀ ਦਿੱਤੀ ਜਾ ਸਕਦੀ ਹੈ। ਇਸ ਸਭ ਦੇ ਮੱਦੇਨਜ਼ਰ ਆਗੂਆਂ ਨੇ ਸਿੱਖਿਆ ਮੰਤਰੀ ਤੋਂ ਇਸ ਫ਼ੈਸਲੇ ਨੂੰ ਰੀਵਿਊ ਕਰਨ ਦੀ ਮੰਗ ਕੀਤੀ ਹੈ।

ਡੀਟੀਐੱਫ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮੁਕੇਸ਼ ਕੁਮਾਰ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਨੇ ਕਿਹਾ ਕਿ ਸਿੱਖਿਆ ਵਿਭਾਗ ਵਿਚ ਸੈਕੰਡਰੀ ਅਤੇ ਪ੍ਰਾਇਮਰੀ ਵਿਭਾਗਾਂ ਵਿੱਚ ਡਾਇਰੈਕਟਰ, ਡਿਪਟੀ ਡਾਇਰੈਕਟਰ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਅਹਿਮ ਕੜੀ ਵਜੋਂ ਸ਼ਾਮਲ ਹਨ, ਜਿਨ੍ਹਾਂ ਨਾਲ ਮੁੱਖ ਮੰਤਰੀ ਜਾਂ ਸਿੱਖਿਆ ਮੰਤਰੀ ਮੀਟਿੰਗ ਕਰਕੇ ਆਪਣਾ ਸੰਦੇਸ਼ ਜਾਂ ਹਦਾਇਤਾਂ ਹੇਠਾਂ ਤਕ ਬਹੁਤ ਆਸਾਨੀ ਨਾਲ ਪੁੱਜਦਾ ਕਰ ਸਕਦੇ ਹਨ।

ਜਿਸ ਦੀ ਅਗਲੀ ਕੜੀ ਵਜੋਂ ਜ਼ਿਲ੍ਹਿਆਂ ਵਿੱਚ ਸਕੂਲ ਮੁਖੀਆਂ ਨਾਲ ਲੋੜ ਪੈਣ 'ਤੇ ਮੀਟਿੰਗਾਂ ਕੀਤੀਆਂ ਜਾ ਸਕਦੀਆਂ ਹਨ, ਜਿਸ ਨਾਲ ਵਿਭਾਗ ਅਤੇ ਸਕੂਲ ਮੁਖੀਆਂ ਦੇ ਸਮੇਂ ਤੇ ਵਿੱਤ ਦੀ ਬੱਚਤ ਵੀ ਹੋਵੇਗੀ ਅਤੇ ਵਿਚਾਰਾਂ ਦਾ ਆਦਾਨ ਪ੍ਰਦਾਨ ਕਰਨਾ ਵੀ ਸੰਭਵ ਹੋਵੇਗਾ। ਸਕੂਲਾਂ ਵਿਚ ਵੱਡੀ ਗਿਣਤੀ ਵਿੱਚ ਖਾਲੀ ਅਸਾਮੀਆਂ, ਬੀਐਮ ਅਤੇ ਡੀਐਮ ਦੀ ਵੱਡੀ ਗਿਣਤੀ ਵਿਚ ਸਕੂਲੋਂ ਬਾਹਰ ਡਿਊਟੀ, ਪ੍ਰੀਖਿਆ ਡਿਊਟੀਆਂ ਅਤੇ ਮੁਲਾਂਕਣ ਡਿਊਟੀਆਂ ਆਦਿ ਕਰਕੇ ਜਿਥੇ ਵੱਡੀ ਗਿਣਤੀ ਵਿਚ ਅਧਿਆਪਕ ਸਕੂਲੋਂ ਬਾਹਰ ਹਨ, ਅਜਿਹੀ ਹਾਲਤ ਵਿਚ ਸਕੂਲਾਂ ਤੋਂ ਪ੍ਰਿੰਸੀਪਲ ਅਤੇ ਮੁੱਖ ਅਧਿਆਪਕਾਂ ਨੂੰ ਸੱਦ ਕੇ ਮੀਟਿੰਗ ਕਰਨਾ ਠੀਕ ਨਹੀਂ ਹੈ।

ਇਸ ਮੌਕੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ

# ਗੁਰਬਾਣੀ ਨਾਲ ਜੁੜੀਆਂ 21 ਮੋਬਾਈਲ APP ਵਿਰੁੱਧ ਕਾਰਵਾਈ ਦੇ ਹੁਕਮ



**ਅੰਮ੍ਰਿਤਸਰ/ਲੋਕ ਬਾਣੀ**

ਗੁਰਬਾਣੀ ਨੂੰ ਇੰਟਰਨੈੱਟ 'ਤੇ ਡਿਜੀਟਲ ਰੂਪ ਵਿਚ ਲਿਆਉਣ ਸਬੰਧੀ ਹੁਣ ਤਕ ਕੋਈ ਨਿਯਮ ਨਹੀਂ ਹੈ, ਜਿਸ ਕਾਰਨ ਗੁਰਬਾਣੀ ਦੇ ਡਿਜੀਟਲ ਰੂਪ ਵਿੱਚ ਕਈ ਵੱਡੀਆਂ ਗ਼ਲਤੀਆਂ ਤੇ ਊਣਤਾਈਆਂ ਸਾਹਮਣੇ ਆਈਆਂ ਹਨ। ਇਹ ਮਾਮਲਾ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਉਭਾਰਿਆ ਗਿਆ ਹੈ। ਉਨ੍ਹਾਂ 21 ਅਜਿਹੀਆਂ ਮੋਬਾਈਲ ਐਪਸ ਦੀ ਜਾਂਚ ਕੀਤੀ ਹੈ, ਜਿਨ੍ਹਾਂ ਵਿੱਚ ਨਿਤਨੇਮ ਦੀਆਂ ਬਾਣੀਆਂ ਵਿੱਚ ਕਈ ਗਲਤੀਆਂ ਹਨ।

ਇਹ ਮਾਮਲਾ ਬੀਤੇ ਦਿਨ ਅਕਾਲ ਤਖ਼ਤ ਵਿਖੇ ਸੱਦੀ ਗਈ ਪੰਥਕ ਜਥੇਬੰਦੀਆਂ ਦੀ ਮੀਟਿੰਗ ਸਮੇਂ ਉਭਰਿਆ ਸੀ। ਇਸ ਸਬੰਧੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਨੂੰ ਆਦੇਸ਼ ਦਿੱਤਾ ਹੈ ਕਿ ਉਹ ਇਕ ਮਹੀਨੇ ਵਿੱਚ ਇਨ੍ਹਾਂ ਐਪਸ 'ਤੇ ਚੱਲ ਰਹੀਆਂ ਨਿਤਨੇਮ ਦੀਆਂ ਬਾਣੀਆਂ ਵਿੱਚ ਤਰੁਟੀਆਂ ਨੂੰ ਦੂਰ ਕਰਾਉਣ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਕੇ ਬੰਦ ਕਰਵਾਇਆ ਜਾਵੇ।

# ਭਾਜਪਾ ਲੁੱਚਿਆ ਲਫੰਗਿਆਂ ਦੀ ਪਾਰਟੀ : ਆਪ ਵਿਧਾਇਕ



**ਨਵੀਂ ਦਿੱਲੀ/ਲੋਕ ਬਾਣੀ:-** ਦਿੱਲੀ ਦੇ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਬਲਿਆਨ ਨੇ ਕਿਹਾ ਕਿ, ਲੁੱਚੇ-ਲਫੰਗਿਆਂ ਦੀ ਪਾਰਟੀ ਭਾਜਪਾ ਦੇ ਨੇਤਾ ਤਜਿੰਦਰਪਾਲ ਬੱਗਾ ਨੂੰ ਪੰਜਾਬ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਹੈ।

ਦੱਸ ਦਈਏ ਕਿ, ਵਿਧਾਇਕ ਨਰੇਸ਼ ਬਲਿਆਨ ਦਾ ਇਹ ਬਿਆਨ, ਇਤਰਾਜ਼ਯੋਗ ਬਿਆਨਾਂ ਸਮੇਤ ਕੁਝ ਹੋਰ ਮਾਮਲਿਆਂ 'ਚ ਭਾਜਪਾ ਆਗੂ ਤਜਿੰਦਰਪਾਲ ਬੱਗਾ ਦੀ ਪੁਲਿਸ ਵੱਲੋਂ ਕੀਤੀ ਗਈ ਗ੍ਰਿਫਤਾਰੀ ਤੋਂ ਬਾਅਦ ਸਾਹਮਣੇ ਆਇਆ ਹੈ।

# ਨਗਰ ਨਿਗਮ ਦੇ ਜ਼ੋਨਲ ਕਮਿਸ਼ਨਰ ਵੱਲੋਂ ਗਿਆਸਪੁਰਾ 'ਚ ਕੂੜੇ ਦੇ ਡੰਪ ਦਾ ਕੀਤਾ ਦੌਰਾ



**ਲੁਧਿਆਣਾ/ਸੁਖਚੈਨ ਮਹਿਰਾ**

ਨਗਰ ਨਿਗਮ ਦੇ ਜ਼ੋਨਲ ਕਮਿਸ਼ਨਰ ਡਾ. ਪੂਨਮਪ੍ਰੀਤ ਕੌਰ ਵੱਲੋਂ ਸਥਾਨਕ ਗਿਆਸਪੁਰਾ ਵਿਖੇ ਕੂੜੇ ਦੇ ਡੰਪ ਦਾ ਦੌਰਾ ਕੀਤਾ ਗਿਆ। ਇਸ ਮੌਕੇ ਹਲਕਾ ਦੱਖਣੀ ਤੋਂ ਵਿਧਾਇਕ ਸ੍ਰੀਮਤੀ ਰਜਿੰਦਰਪਾਲ ਕੌਰ ਛੀਨਾ ਵੀ ਮੌਜੂਦ ਸਨ।

ਜ਼ੋਨਲ ਕਮਿਸ਼ਨਰ ਜ਼ੋਨ ਸੀ ਡਾ. ਪੂਨਮਪ੍ਰੀਤ ਕੌਰ ਨੇ ਦੱਸਿਆ ਕਿ ਇੱਥੇ ਲੱਗਣ ਵਾਲੇ ਸਟੈਟਿਕ ਕੰਪੈਕਟਰ ਦਾ ਕੰਮ ਅਖੀਰਲੇ ਪੜਾਅ @ਤੇ ਹੈ। ਉਨ੍ਹਾ ਇਹ ਵੀ ਦੱਸਿਆ ਕਿ ਇੱਥੇ 3 ਸਟੈਟਿਕ ਕੰਪੈਕਟਰ ਲਗਾਏ ਜਾ ਰਹੇ ਹਨ ਅਤੇ ਜਦੋਂ ਇਹ ਕੰਪੈਕਟਰ ਪੂਰੀ ਤਰ੍ਹਾਂ ਕਾਰਜ਼ਸ਼ੀਲ ਹੋ ਜਾਣਗੇ ਤਾਂ ਰੋਜ਼ਾਨਾ ਆਉਂਦੇ ਕੂੜੇ ਦਾ ਨਿਪਟਾਰਾ ਮੌਕੇ ਤੇ ਕੀਤਾ ਜਾਵੇਗਾ। ਉਨ੍ਹਾਂ ਐਮ ਐਲ ਏ ਸਾਹਿਬਾ ਨੂੰ ਦੱਸਿਆ ਕਿ ਇਸ ਡੰਪ @ਤੇ ਪਹਿਲਾਂ ਤੋਂ ਲੱਗੇ ਕੂੜੇ ਦੇ ਢੇਰ (legacy waste) ਨੂੰ ਚੁਕਵਾਇਆ ਜਾ ਰਿਹਾ ਹੈ ਅਤੇ ਇਸ ਦੇ ਜਲਦ ਨਿਪਟਾਰੇ ਲਈ ਕੰਮ ਵਿੱਚ ਤੇਜ਼ੀ ਲਿਆਉਣ ਲਈ ਨਗਰ ਨਿਗਮ ਦੀ ਸਿਹਤ ਸ਼ਾਖਾ ਵੱਲੋਂ ਉਪਰਾਲਾ ਕੀਤਾ ਗਿਆ ਹੈ।

ਇਸ ਮੌਕੇ ਤੇ ਸਥਾਨਕ ਲੋਕਾਂ ਦੀਆਂ ਕੂੜਾ ਕਰਕਟ ਅਤੇ ਪ੍ਰਦੂਸ਼ਣ ਨਾਲ ਸਬੰਧਤ ਮੁਸ਼ਕਿਲਾਂ ਵੀ ਸ਼੍ਰੀਮਤੀ ਛੀਨਾ ਜੀ ਅਤੇ ਡਾ ਪੂਨਮ ਨੇ ਸੁਣੀਆਂ ਅਤੇ ਕਿਹਾ ਕਿ ਸਮਾਰਟ ਸਿਟੀ ਪ੍ਰੋਜੈਕਟ ਅਧੀਨ ਸਟੈਟਿਕ ਕੰਪੈਕਟਰ ਲਗਾਏ ਜਾ ਰਹੇ ਹਨ ਜਿਸ ਨਾਲ ਲੋਕਾਂ ਨੂੰ ਕੂੜੇ ਦੇ ਲੱਗੇ ਢੇਰਾਂ ਤੋਂ ਨਿਜਾਤ ਮਿਲੇਗੀ।

ਡੰਪ ਦੇ ਦੌਰੇ ਦੌਰਾਨ ਜੋਨਲ ਕਮਿਸ਼ਨਰ ਦੇ ਧਿਆਨ ਵਿੱਚ ਆਇਆ ਕਿ ਕੁਝ ਥਾਵਾਂ @ਤੇ ਕੂੜੇ ਨੂੰ ਅੱਗ ਲੱਗੀ ਪਾਈ ਗਈ, ਜਿਸ ਸਬੰਧੀ ਉਨ੍ਹਾਂ ਸੀ.ਐਸ.ਆਈ. ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਨੂੰ ਅਗਾਹ ਕੀਤਾ ਜਾਵੇ ਕਿ ਇਨ੍ਹਾਂ ਕੂੜੇ ਦੇ ਢੇਰਾਂ ਨੂੰ ਅੱਗ ਲਗਾਉਣ ਵਾਲੇ ਸ਼ਰਾਰਤੀ ਅਨਸਰਾਂ @ਤੇ ਨਿਗ੍ਹਾ ਰੱਖੀ ਜਾਵੇ ਤਾਂ ਜੋ ਉਨ੍ਹਾਂ ਦੇ ਮੌਕੇ @ਤੇ ਹੀ ਚਾਲਾਨ ਕੀਤੇ ਜਾ ਸਕਣ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਅਜਿਹੇ ਦੋਸ਼ੀ ਵਿਅਕਤੀਆਂ ਦੀ ਗੁਪਤ ਢੰਗ ਨਾਲ ਵੀਡੀਓ ਬਣਾ ਕੇ ਨਿਗਮ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅੱਗ ਲਗਾ ਕੇ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਵਾਲੇ ਵਿਅਕਤੀਆਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।

# ਪਿਛਲੀਆਂ ਸਰਕਾਰਾਂ ਨੇ ਸਾਢੇ ਚਾਰ ਸਾਲਾਂ ਦੇ ਰਾਜ ਤੋਂ ਬਾਅਦ ਜੋ ਕਰਨ ਦੀ ਕੋਸ਼ਿਸ਼ ਕੀਤੀ

**ਲੁਧਿਆਣਾ/ਸੁਖਚੈਨ ਮਹਿਰਾ**

ਪੰਜਾਬ ਦੇ ਵਿੱਤ, ਯੋਜਨਾ, ਯੋਜਨਾ ਲਾਗੂ ਕਰਨ, ਕਰ ਤੇ ਆਬਕਾਰੀ ਅਤੇ ਸਹਿਕਾਰਤਾ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਪਿਛਲੀ ਸਰਕਾਰ ਨੇ 4.5 ਸਾਲ ਦੇ ਸ਼ਾਸਨ ਤੋਂ ਬਾਅਦ ਜੋ ਕੁਝ ਕਰਨ ਦੀ ਕੋਸ਼ਿਸ਼ ਕੀਤੀ, ਉਹੀ ਭਗਵੰਤ ਮਾਨ ਦੀ ਅਗਵਾਈ ਵਾਲੀ @ਆਮ ਆਦਮੀ ਪਾਰਟੀ@ ਦੀ ਸਰਕਾਰ ਨੇ ਸੱਤਾ ਵਿੱਚ ਆਉਣ ਦੇ ਪਹਿਲੇ 50 ਦਿਨਾਂ ਵਿੱਚ ਹੀ ਕਰ ਵਿਖਾਇਆ। ਉਨ੍ਹਾਂ ਕਿਹਾ ਕਿ ਆਗਾਮੀ @ਜਨਤਾ ਬਜਟ@ ਬਾਰੇ ਲੋਕਾਂ ਤੋਂ ਸੁਝਾਅ ਮੰਗਣਾ ਇੱਕ ਇਤਿਹਾਸਕ ਤਬਦੀਲੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ @ਜਨਤਾ ਬਜਟ@ ਲਈ ਲੋਕਾਂ ਤੋਂ ਸੁਝਾਅ ਮੰਗ ਰਹੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ @ਅਸੀਂ ਪਹਿਲਾਂ ਹੀ 26000 ਤੋਂ ਵੱਧ ਸਰਕਾਰੀ ਨੌਕਰੀਆਂ ਦਾ ਇਸ਼ਤਿਹਾਰ ਜਾਰੀ ਕਰ ਚੁੱਕੇ ਹਾਂ, ਇਸ ਤੋਂ ਇਲਾਵਾ ਕਈ ਹੋਰ ਲੋਕ-ਪੱਖੀ ਫੈਸਲੇ ਵੀ ਪਹਿਲਾਂ ਹੀ ਲਏ ਜਾ ਚੁੱਕੇ ਹਨ। ਇੱਥੋਂ ਤੱਕ ਕਿ ਸਾਡੇ ਪਹਿਲੇ ਬਜਟ ਵਿੱਚ ਸਮਾਜ ਦੇ ਸਾਰੇ ਵਰਗਾਂ ਤੋਂ ਸੁਝਾਅ ਮੰਗਣਾ ਆਪਣੇ ਆਪ ਵਿੱਚ ਇੱਕ ਕ੍ਰਾਂਤੀਕਾਰੀ ਕਦਮ ਹੈ@। ਕੈਬਨਿਟ ਮੰਤਰੀ ਨੇ ਇਹ ਗੱਲ ਅੱਜ ਸਥਾਨਕ ਬੱਚਤ ਭਵਨ ਵਿਖੇ ਲੁਧਿਆਣਾ ਦੇ ਉਦਯੋਗਪਤੀਆਂ ਨਾਲ ਗੱਲਬਾਤ ਕਰਦਿਆਂ ਅਤੇ ਉਨ੍ਹਾਂ ਦੇ @ਜਨਤਾ ਬਜਟ@ ਲਈ ਸੁਝਾਅ ਲੈਣ ਮੌਕੇ ਕਹੀ। ਮੀਟਿੰਗ ਦੌਰਾਨ ਵਿਧਾਇਕ ਸਰਵਜੀਤ ਕੌਰ ਮਾਣੂੰਕੇ, ਮਦਨ ਲਾਲ ਬੱਗਾ, ਦਲਜੀਤ ਸਿੰਘ ਗਰੇਵਾਲ (ਭੋਲਾ), ਰਜਿੰਦਰਪਾਲ ਕੌਰ ਛੀਨਾ, ਜੀਵਨ ਸਿੰਘ ਸੰਗੋਵਾਲ, ਹਾਕਮ ਸਿੰਘ ਠੇਕੇਦਾਰ, ਹਰਦੀਪ ਸਿੰਘ ਮੁੰਡੀਆਂ, ਕੁਲਵੰਤ ਸਿੰਘ ਸਿੱਧੂ, ਮਨਵਿੰਦਰ ਸਿੰਘ ਗਿਆਸਪੁਰਾ ਅਤੇ ਗੁਰਪ੍ਰੀਤ ਬੱਸੀ ਗੋਗੀ, ਡਾ.ਕੇ.ਐਨ.ਐਸ., ਅਮਨਦੀਪ ਸਿੰਘ ਮੋਹੀ ਤੋਂ ਇਲਾਵਾ ਕਈ ਹੋਰ ਵੀ ਮੌਜੂਦ ਸਨ।

# ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਜਦਾ ਕਰਨ ਲਈ ਬਹਿਰਾਮਪੁਰ ਵਿਖੇ ਲਗਾਇਆ ਸਿਹਤ ਮੇਲਾ



**ਗੁਰਦਾਸਪੁਰ/ਨਵਨੀਤ ਕੁਮਾਰ**

ਪੰਜਾਬ ਸਰਕਾਰ ਤੇ ਸਿਵਲ ਸਰਜਨ ਗੁਰਦਾਸਪੁਰ ਹਦਾਇਤਾ ਅਨੁਸਾਰ ਪੀ.ਐਚ.ਸੀ. ਬਹਿਰਾਮਪੁਰ ਵਿਖੇ ਸਿਹਤ ਮੇਲਾ ਲਗਾਇਆ ਗਿਆ। ਇਸ ਸਿਹਤ ਮੇਲੇ ਵਿੱਚ ਸ. ਸਮਸ਼ੇਰ ਸਿੰਘ ਹਲਕਾ ਇੰਚਾਰਜ ਦੀਨਾਨਗਰ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ . ਭਾਰਤ ਭੂਸਣ , ਐਸ.ਐਮ.ਓ. ਵੀਨਾ ਸਿੰਘੋਵਾਲ , ਜ਼ਿਲ੍ਹਾ ਐਪੀ.ਡੀ.ਆਲੋਜਿਸਟ ਡਾ . ਪ੍ਰਭਜੋਤ ਕੌਰ ਕਲਸੀ , ਡਾ. ਭਾਵਨਾ , ਗੁਰਿੰਦਰ ਕੌਰ ਜ਼ਿਲ੍ਹਾ ਮਾਸ ਮੀਡੀਆ , ਚੰਪਾ ਰਾਣੀ ਹਾਜ਼ਰ ਹੋਏ। ਮੇਲੇ ਵਿੱਚ ਆਏ ਹੋਏ ਲੋਕਾਂ ਨੂੰ ਸਿਹਤ ਮਹਿਕਮੇ ਵਲੋਂ ਚਲਾਏ ਜਾ ਰਿਹੇ ਪ੍ਰੋਗਰਾਮਾਂ ਸਬੰਧੀ ਵੱਖ-ਵੱਖ ਜਾਣਕਾਰੀ ਦਿੱਤੀ। ਇਸ ਮੌਕੇ ਸੰਬੋਧਨ ਕਰਦਿਆਂ ਸ. ਸਮਸ਼ੇਰ ਸਿੰਘ ਆਪ ਪਾਰਟੀ ਦੇ ਸੀਨੀਅਰ ਆਗੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਹਿਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਸਿਹਤ ਮੇਲੇ ਲਗਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਘਰੇ ਬੈਠੇ ਹੀ ਸਿਹਤ ਸੁਵਿਧਾ ਮਿਲਣ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਲੋਕਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਿਹਤ ਮੇਲੇ ਵਿੱਚ ਲੋੜਵੰਦਾਂ ਨੂੰ ਹੈਲਥ ਟੀਮਾਂ ਵਲੋਂ ਦੁਵਾਈਆਂ ਅਤੇ ਲੋਕਾਂ ਦਾ ਚੈਕਅੱਪ ਕੀਤਾ ਗਿਆ। ਇਸ ਮੋਕੇ ਤੇ ਐਸ.ਐਮ. ਓ. ਡਾ. ਜੋਤਪਾਲ ਸਿੰਘ, ਪੀ.ਐਚ.ਸੀ. ਬਹਿਰਾਮਪੁਰ ਨੇ ਆਏ ਮੁੱਖ ਮਹਿਮਾਨ ਅਤੇ ਲੋਕਾਂ ਦਾ ਧੰਨਵਾਦ ਕੀਤਾ।

# ਸ੍ਰੀ ਹੇਮਕੁੰਟ ਸਕੂਲ ਵਿਖੇ ਕਿਡਜ਼ੀ ਵਿੰਗ ਵੱਲੋਂ ਮਨਾਇਆ ਗਿਆ ਮਾਂ ਦਿਵਸ



**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ ਸਹੋਤਾ**

ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਦਿਆਰਥੀਆਂ ਨੇ ਮਾਂ ਦਿਵਸ ਮਨਾਇਆ, ਜਿਸ ਵਿੱਚ ਮਾਂ ਦੀ ਮਮਤਾ ਤੇ ਪ੍ਰੇਮ ਦੇ ਗੀਤ ਕਵਿਤਾਵਾਂ ਬੱਚਿਆਂ ਵੱਲੋਂ ਪੇਸ਼ ਕੀਤੇ ਗਏ, ਸ੍ਰੀ ਹੇਮਕੁੰਟ ਸੰਸਥਾਵਾਂ ਕੋਟ ਈਸੇ ਖਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਐੱਮ ਡੀ ਮੈਡਮ ਰਣਜੀਤ ਕੌਰ ਸੰਧੂ ਅਤੇ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਵੱਲੋਂ, ਸਕੂਲ ਵਿੱਚ ਪੜ੍ਹਾ ਰਹੇ ਮਦਰਜ਼ ਅਧਿਆਪਕਾਂ ਨੂੰ ਵਧਾਈਆਂ ਦਿੱਤੀਆਂ ਅਤੇ ਕੇਕ ਕੱਟ ਕੀਤਾ ਗਿਆ, ਐੱਮ ਡੀ ਮੈਡਮ ਰਣਜੀਤ ਕੌਰ ਸੰਧੂ ਨੇ ਦੱਸਿਆ ਕਿ ਮਾ ਰੱਬ ਦਾ ਰੂਪ ਹੁੰਦੀ ਹੈ ਅਤੇ ਕਦੇ ਵੀ ਮਾਂ ਦਾ ਦਿਲ ਨਹੀਂ ਦੁਖਾਉਣਾ ਚਾਹੀਦਾ ਅਤੇ ਮਾਂ ਦਾ ਹਮੇਸ਼ਾ ਸਤਿਕਾਰ ਕਰਨਾ ਚਾਹੀਦਾ ਹੈ। ਹਰ ਵਿਅਕਤੀ ਦੇ ਜੀਵਨ ਵਿਚ ਮਾਂ ਦਾ ਸਥਾਨ ਸਭ ਤੋਂ ਉੱਚਾ ਹੁੰਦਾ ਹੈ। ਕਿਉਂਕਿ ਮਾਂ ਹੀ ਸਾਨੂੰ ਜਨਮ ਦਿੰਦੀ ਹੈ ਨੌਵੀਂ ਅਤੇ ਬਾਰ੍ਹਵੀਂ ਕਲਾਸ ਦੇ ਬੱਚਿਆਂ ਨੇ ਆਪਣੀ ਮਾਂ ਦਾ ਪਸੰਦੀਦਾ ਖਾਣਾ ਬਣਾ ਕੇ ਉਨ੍ਹਾਂ ਦਾ ਧੰਨਵਾਦ ਕੀਤਾ , ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਰਮਨਜੀਤ ਕੌਰ ਨੇ ਕਿਹਾ ਕਿ ਸਾਡਾ ਫਰਜ਼ ਹੈ ਕਿ ਅਸੀਂ ਹਮੇਸ਼ਾ ਮਾਂ ਦੀ ਦੇਖਭਾਲ ਕਰੀਏ ਅਤੇ ਹਮੇਸ਼ਾ ਉਸ ਨੂੰ ਖ਼ੁਸ਼ ਰੱਖੀਏ ਕਿਉਂਕਿ ਉਨ੍ਹਾਂ ਦੇ ਕਾਰਨ ਹੀ ਇਸ ਦੁਨੀਆਂ ਤੇ ਆਏ ਹਾਂ , ਉਨ੍ਹਾਂ ਸਾਨੂੰ ਦੁਨੀਆਂ ਚ ਵਿਚਰਨਾ ਸਿਖਾਇਆ ਹੈ ਅਤੇ ਚੰਗੀਆਂ ਸਿਹਤ ਸੇਵਾਵਾਂ ਦਿੱਤੀ ਹਨ।

# ਸਿਵਲ ਸਰਜਨ ਵੱਲੋਂ ਆਮ ਲੋਕਾਂ ਨੂੰ ਡੇਗੂ ਤੇ ਮਲੇਰੀਆ ਤੋਂ ਬਚਾਅ ਲਈ ਐਡਵਾਈਜ਼ਰੀ ਜਾਰੀ

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਸਿਵਲ ਸਰਜਨ ਡਾ ਐਸ ਪੀ ਸਿੰਘ ਵੱਲੋਂ ਆਮ ਲੋਕਾਂ ਨੂੰ ਡੇਗੂ ਅਤੇ ਮਲੇਰੀਆ ਤੋਂ ਬਚਾਅ ਲਈ ਐਡਵਾਈਜ਼ਰੀ ਜਾਰੀ ਕੀਤੀ ਹੈ। ਸਿਵਲ ਸਰਜਨ ਨੇ ਕਿਹਾ ਕਿ ਡੇਂਗੂ ਅਤੇ ਮਲੇਰੀਆ ਦਾ ਸੀਜ਼ਨ ਸ਼ੁਰੂ ਹੋ ਚੁੱਕਾ ਹੈ, ਇਸ ਤੋਂ ਕਿਵੇਂ ਬਚਿਆ ਜਾ ਸਕਦਾ ਹੈ ਅਤੇ ਇਸ ਦੇ ਲੱਛਣ ਕੀ ਹਨ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ ਸਿੰਘ ਨੇ ਦੱਸਿਆ ਕਿ ਡੇਗੂ ਬੁਖਾਰ ਏਡੀਜ ਅਜੈਪਟੀ ਨਾਮ ਦੇ ਮਾਦਾ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਅਤੇ ਇਸ ਨੂੰ ਟਾਇਗਰ ਮੱਛਰ ਵੀ ਕਹਿੰਦੇ ਹਨ, ਕਿਉ ਕਿ ਇਸ ਦੇ ਉਪਰ ਟਾਇਗਰ ਵਰਗੀਆਂ ਧਾਰੀਆਂ ਬਣੀਆਂ ਹੁੰਦੀਆਂ ਹਨ।ਉਨ੍ਹਾਂ ਦੱਸਿਆ ਕਿ ਇਹ ਮੱਛਰ ਕੂਲਰਾਂ, ਗਮਲਿਆਂ, ਟਾਇਰਾਂ, ਫਰਿੱਜਾਂ ਦੇ ਪਿੱਛੇ ਲੱਗੀਆਂ ਟਰੇਆ ਦੇ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ।ਇਸ ਲਈ ਸਾਨੂੰ ਆਪਣੇ ਆਲੇ ਦੁਆਲੇ ਅਤੇ ਘਰਾਂ ਵਿਚ ਪਾਣੀ ਨੂੰ ਇਕ ਜਗ੍ਹਾ ਖੜ੍ਹਾ ਨਹੀ ਹੋਣ ਦੇਣਾ ਚਾਹੀਦਾ। ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹਫਤੇ ਦੇ ਇਕ ਦਿਨ ਉਪਰੋਕਤ ਦੱਸੀਆਂ ਥਾਂਵਾਂ @ਤੇ ਖੜ੍ਹੇ ਪਾਣੀ ਨੂੰ ਸਾਫ ਕੀਤਾ ਜਾਵੇ।ਮੱਛਰ ਦੇ ਕੱਟਣ ਤੋ ਬਚਾਅ ਲਈ ਪੂਰੇ ਕੱਪੜੇ ਪਾਉਣੇ ਚਾਹੀਦੇ ਹਨ, ਰਾਤ ਨੂੰ ਸੌਣ ਸਮੇ ਮੱਛਰਦਾਨੀਆਂ ਲਾ ਕੇ ਸੌਣਾ ਚਾਹੀਦਾ ਹੈ ਅਤੇ ਮੱਛਰ ਦੇ ਕੱਟਣ ਤੋ ਬਚਾਅ ਲਈ ਮੱਛਰ ਭਿਜਾਉਣ ਵਾਲੀਆ ਕਰੀਮਾਂ ਆਦਿ ਦੀ ਵੀ ਵਰਤੋ ਕਰਨੀ ਚਾਹੀਦੀ ਹੈ। ਅੱਜ ਸ਼ੁੱਕਰਵਾਰ ਵਾਲੇ ਦਿਨ ਸਿਹਤ ਵਿਭਾਗ ਦੀਆਂ ਟੀਮਾਂ ਵਲੋ ਵੱਖ-ਵੱਖ ਥਾਂਵਾਂ @ਤੇ ਖੜ੍ਹੇ ਪਾਣੀ ਨੂੰ ਸਾਫ ਕਰਕੇ ਫਰਾਈ ਡੇਅ - ਡਰਾਈ ਡੇਅ ਮਨਾਇਆ ਗਿਆ। ਇਸ ਮੌਕੇ ਸਿਹਤ ਕਰਮਚਾਰੀਆਂ ਵਲੋ ਆਮ ਲੋਕਾਂ ਨੂੰ ਵੀ ਇਹ ਦਿਨ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਨਾਲ ਹੀ ਉਨਾਂ ਪਿੰਡਾਂ ਵਿਚ ਛੱਪੜਾਂ ਆਦਿ ਵਿਚ ਖੜੇ ਪਾਣੀ ਉਪਰ ਤੇਲ ਦਾ ਛਿੜਕਾਅ ਕਰਨ ਦੀ ਵੀ ਸਲਾਹ ਦਿੱਤੀ।

# ਗੁਰਪਾਲ ਸਿੰਘ ਇੰਡੀਅਨ ਅਤੇ ਮੈਡਮ ਲਲਿਤ ਨੇ ਸੂਬਾ ਇੰਚਾਰਜ ਜਰਨੈਲ ਸਿੰਘ ਤੇ ਸੂਬਾ ਸਕੱਤਰ ਹਰਚੰਦ ਸਿੰਘ ਬਰਸਟ ਨਾਲ ਕੀਤੀ ਮੁਲਾਕਾਤ



**ਕਪੂਰਥਲਾ/ਪਰਮਜੀਤ ਸੰਨੀ**

ਪੰਜਾਬ ਵਿਧਾਨਸਭਾ ਚੋਣ ਜਿੱਤਣ ਦੇ ਬਾਅਦ ਹੁਣ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਹੋਣ ਵਾਲੀਆਂ ਅਗਾਮੀ ਨਗਰ ਨਿਗਮ ਤੇ ਨਗਰ ਪੰਚਾਇਤ ਚੋਣਾਂ ਲਈ ਹੁਣ ਤੋਂ ਹੀ ਰਣਨੀਤੀ ਤਿਆਰ ਕਰਨੀ ਸ਼ੁਰੂ ਕਰ ਦਿੱਤੀ ਹੈ।ਪੰਜਾਬ ਦੇ ਕਈ ਜਿਲ੍ਹਿਆਂ ਵਿੱਚ ਚੋਣਾਂ ਹੋਣਗੀਆਂ।ਪਾਰਟੀ ਦੀ ਰਣਨੀਤੀ ਤੇ ਚਰਚਾ ਲਈ ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਗੁਰਪਾਲ ਸਿੰਘ ਇੰਡੀਅਨ ਅਤੇ ਜਿਲ੍ਹਾ ਕੋਡਿਨੇਟਰ ਮੈਡਮ ਲਲਿਤ ਨੇ ਆਮ ਆਦਮੀ ਪਾਰਟੀ ਦੇ ਸੂਬਾ ਦਫ਼ਤਰ ਚੰਡੀਗੜ ਵਿਖੇ ਸੂਬਾ ਇੰਚਾਰਜ ਜਰਨੈਲ ਸਿੰਘ ਅਤੇ ਸੂਬਾ ਸਕੱਤਰ ਹਰਚੰਦ ਸਿੰਘ ਬਰਸਟ ਨਾਲ ਜ਼ਿਲ੍ਹੇ ਵਿਚ ਹੋਣ ਵਾਲੀਆਂ ਅਗਾਮੀ ਨਗਰ ਨਿਗਮ ਤੇ ਨਗਰ ਪੰਚਾਇਤ ਚੋਣਾਂ ਦੇ ਸੰਬੰਧ ਵਿਚ ਵਿਚਾਰ ਵਟਾਂਦਰਾ ਕੀਤਾ, ਜਿਸ ਵਿਚ ਸੰਗਠਨ ਦੀ ਜ਼ਿੰਮੇਵਾਰੀ ਅਗਾਮੀ ਚੋਣਾਂ ਲੜਨ ਲਈ ਲਗਾਈ ਗਈ।ਇਸ ਬੈਠਕ ਵਿੱਚ ਮੁਲਾਕਾਤ ਦੌਰਾਨ ਸੂਬਾ ਇੰਚਾਰਜ ਜਰਨੈਲ ਸਿੰਘ ਨੇ ਅਗਲੀਆਂ ਚੋਣਾਂ ਲਈ ਹੁਣ ਤੋਂ ਜੁੱਟ ਜਾਣ ਅਤੇ ਆਮ ਆਦਮੀ ਪਾਰਟੀ ਨੂੰ ਮਜਬੂਤੀ ਪ੍ਰਦਾਨ ਕਰਨ ਲਈ ਗੁਰਪਾਲ ਇੰਡੀਅਨ ਨੂੰ ਕਿਹਾ।ਇਸ ਮੌਕੇ ਤੇ ਗੁਰਪਾਲ ਇੰਡਿਅਨ ਨੇ ਦੱਸਿਆ ਕਿ ਪ੍ਰਦੇਸ਼ ਇੰਚਾਰਜ ਜਰਨੈਲ ਸਿੰਘ ਨੇ ਵਾਰਡ ਪੱਧਰ ਤੇ ਪਾਰਟੀ ਦੇ ਢਾਂਚੇ ਨੂੰ ਮਜਬੂਤ ਕਰਨ ਤੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਹੈ।ਇਸਦੇ ਇਲਾਵਾ ਜਿਲ੍ਹੇ ਦੇ ਕਈ ਅਹਿਮ ਮੁੱਦਿਆਂ ਤੇ ਵੀ ਜਰਨੈਲ ਸਿੰਘ ਦੇ ਨਾਲ ਚਰਚਾ ਕੀਤੀ ਗਈ।ਉਨ੍ਹਾਂਨੇ ਦੱਸਿਆ ਕਿ ਆਪ ਨਗਰ ਨਿਗਮ ਚੋਣਾਂ ਦੀ ਦੇਖਭਾਲ ਦਾ ਕੰਮ ਜਰਨੈਲ ਸਿੰਘ ਨੂੰ ਸੌਂਪਿਆ ਹੈ,ਜਿਨ੍ਹਾਂ ਨੇ ਹਾਲ ਹੀ ਵਿੱਚ ਹੋਇਆ ਵਿਧਾਨ ਸਭਾ ਚੋਣਾਂ ਤੇ ਚੰਡੀਗੜ ਐਮਸੀ ਦੀਆਂ ਚੋਣਾਂ ਵਿੱਚ ਪਾਰਟੀ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ ਸੀ।ਹਰਚੰਦ ਸਿੰਘ ਬਰਸਟ ਨੂੰ ਨਿਗਮ ਚੋਣਾਂ ਦੀ ਰਣਨੀਤੀ ਦੀ ਦੇਖਭਾਲ ਦਾ ਕੰਮ ਵੀ ਸੌਂਪਿਆ ਗਿਆ ਹੈ।ਇਸ ਲਈ ਦੋਨਾਂ ਆਗੂਆਂ ਨਾਲ ਮੁਲਾਕਾਤ ਕਰਕੇ ਪਾਰਟੀ ਨੂੰ ਮਜਬੂਤੀ ਪ੍ਰਦਾਨ ਕਰਨ ਲਈ ਰਣਨੀਤੀ ਤੈਅ ਕੀਤੀ ਗਈ।

# ਪੰਜਾਬ ਦੇ ਵਿਧਾਇਕਾਂ ਨੂੰ 9 ਮਈ ਨੂੰ ਟਰੈਕਟਰ ਅਤੇ ਮੋਟਰਸਾਈਕਲ ਮਾਰਚ ਉਪਰੰਤ ਦਿੱਤੇ ਜਾਣਗੇ ਮੰਗ ਪੱਤਰ



**ਗੁਰਦਾਸਪੁਰ/ਨਵਨੀਤ ਕੁਮਾਰ**

ਸੰਯੁਕਤ ਕਿਸਾਨ ਮੋਰਚੇ ਪੰਜਾਬ ਦੀਆਂ ਸੋਲ਼ਾਂ ਕਿਸਾਨ ਜਥੇਬੰਦੀਆਂ ਵੱਲੋਂ ਨੌਂ ਮਈ ਨੂੰ ਮੰਗ ਪੱਤਰ ਦਿੱਤੇ ਜਾਣਗੇ। ਜਿਸਦੇ ਬਾਰੇ ਜਾਣਕਾਰੀ ਦਿੰਦਿਆਂ ਸਤਬੀਰ ਸਿੰਘ ਸੁਲਤਾਨੀ ਮੱਖਣ ਸਿੰਘ ਕੁਹਾੜ ਸੁਖਦੇਵ ਸਿੰਘ ਭਾਗੋਕਾਵਾਂਮੇਜਰ ਸਿੰਘ ਰੋੜਾਂਵਾਲੀ ਗੁਲਜ਼ਾਰ ਸਿੰਘ ਬਸੰਤਕੋਟ ਗੁਰਵਿੰਦਰ ਸਿੰਘ ਜੀਵਨਚੱਕ ਐੱਸ ਪੀ ਸਿੰਘ ਗੋਸਲ ਗੁਰਦੀਪ ਸਿੰਘ ਮੁਸਤਫਾਬਾਦ ਬਲਵਿੰਦਰ ਸਿੰਘ ਰਵਾਲ ਆਦਿ ਆਗੂਆਂ ਨੇ ਇੱਕ ਤਿਆਰੀ ਮੀਟਿੰਗ ਉਪਰੰਤ ਸਾਂਝੇ ਬਿਆਨ ਵਿੱਚ ਦੱਸਿਆ ਕਿ ਕਿਸਾਨਾਂ ਦੀਆਂ ਮੰਗਾਂ ਮਨਵਾਉਣ ਲਈ ਨੌਂ ਮਈ ਨੂੰ ਸਾਰੇ ਹਲਕਾ ਵਿਧਾਇਕਾਂ ਨੂੰ ਟਰੈਕਟਰ ਜਾਂ ਮੋਟਰਸਾਈਕਲ ਮਾਰਚ ਕਰ ਕੇ ਮੰਗ ਪੱਤਰ ਦਿੱਤੇ ਜਾਣਗੇ। ਜਿਸ ਵਿਚ ਮੁੱਖ ਤੌਰ ਤੇ ਲਖੀਮਪੁਰ ਖੀਰੀ ਦੇ ਦੋਸ਼ੀਆਂ ਨੂੰ ਸਖ਼ਤ ਤੇ ਜਲਦੀ ਸਜ਼ਾਵਾਂ ਦਿੱਤੀਆਂ ਜਾਣ ਤੇ ਬੇਦੋਸ਼ੇ ਜੇਲ੍ਹੀਂ ਡੱਕੇ ਕਿਸਾਨਾਂ ਨੂੰ ਕੇਸ ਖ਼ਤਮ ਕਰ ਕੇ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਭਾਰਤ ਦੇਸ਼ ਵਿਚ ਹਰ ਫਸਲ ਤੇ ਸੀ ਟੂ ਫਾਰਮੂਲੇ ਦੇ ਤਹਿਤ ਪੰਜਾਹ ਪ੍ਰਤੀਸ਼ਤ ਵਾਧੇ ਨਾਲ ਐਮ ਐੱਸ ਪੀ ਦਿੱਤੀ ਜਾਵੇ। ਪੰਜਾਬ ਵਿੱਚ ਬਾਰਾਂ ਘੰਟੇ ਖੇਤੀ ਲਈ ਤੇ ਚੌਵੀ ਘੰਟੇ ਘਰੇਲੂ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇ। ਖਾਦਾਂ ਡੀਜ਼ਲ ਪੈਟਰੋਲ ਦੀਆਂ ਕੀਮਤਾਂ ਵਿਚ ਕੀਤੇ ਵਾਧੇ ਵਾਪਸ ਲਏ ਜਾਣ। ਕਣਕ ਦੀ ਫ਼ਸਲ ਵਿੱਚ ਘਟ ਝਾੜ ਨੂੰ ਦੇਖਦੇ ਹੋਏ ਮੁਆਵਜਾ ਦਿੱਤਾ ਜਾਵੇ। ਗੰਨੇ ਦੇ ਬਕਾਇਆਂ ਦੀ ਅਦਾਇਗੀ ਜਲਦੀ ਕੀਤੀ ਜਾਵੇ। ਨਹਿਰੀ ਪਾਣੀ ਟੇਲਾਂ ਤੱਕ ਪਹੁੰਚਦਾ ਕਰਨਾ ਯਕੀਨੀ ਬਣਾਇਆ ਜਾਵੇ। ਅਵਾਰਾ ਤੇ ਜੰਗਲੀ ਪਸ਼ੂਆਂ ਨੂੰ ਸਾਂਭਣ ਦਾ ਸਰਕਾਰ ਪ੍ਰਬੰਧ ਕਰੇ।ਮੀਟਿੰਗ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀਆਂ ਜਥੇਬੰਦੀਆਂ ਨਾਲ ਸਬੰਧਤ ਕਿਰਤੀ ਕਿਸਾਨ ਯੂਨੀਅਨ ਜਮਹੂਰੀ ਕਿਸਾਨ ਸਭਾ ਪੰਜਾਬ ਕੁੱਲ ਹਿੰਦ ਕਿਸਾਨ ਸਭਾ ਮਾਝਾ ਕਿਸਾਨ ਸੰਘਰਸ਼ ਕਮੇਟੀ ਬੀਕੇਯੂ ਮੁਸਤਫ਼ਾਬਾਦ ਸਾਬਕਾ ਸੈਨਿਕ ਸੰਘਰਸ਼ ਕਮੇਟੀ ਬੀਕੇਯੂ ਡਕੌਂਦਾ ਆਦਿ ਸਾਰੀਆਂ ਜਥੇਬੰਦੀਆਂ ਦੇ ਆਗੂ ਸ਼ਾਮਲ ਹੋਏ।ਆਗੂਆਂ ਨੇ ਦੱਸਿਆ ਕਿ ਵੱਖ ਵੱਖ ਵਿਧਾਇਕਾਂ ਨੂੰ ਮੰਗ ਪੱਤਰ ਦੇਣ ਲਈ ਉਸ ਇਲਾਕੇ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਆਪਸ ਵਿੱਚ ਤਾਲਮੇਲ ਕਰ ਕੇ ਸਮੇਂ ਅਤੇ ਸਥਾਨ ਬਾਰੇ ਫੈਸਲੇ ਉਪਰੰਤ ਝੰਡਾ ਮਾਰਚ ਕਰਨਗੀਆਂ ਅਤੇ ਮੰਗ ਪੱਤਰ ਦਿੱਤੇ ਜਾਣਗੇ।ਇਸ ਮੌਕੇ ਮੱਖਣ ਸਿੰਘ ਕੁਹਾੜ ਨੇ ਦੱਸਿਆ ਕਿ ਗੁਰਦਾਸਪੁਰ ਨਾਲ ਸਬੰਧਤ ਜਥੇਬੰਦੀਆਂ ਨੌਂ ਮਈ ਨੂੰ ਮੋਟਰਸਾਈਕਲਾਂ ਸਮੇਤ ਸਵੇਰੇ ਠੀਕ ਗਿਆਰਾਂ ਵਜੇ ਸੁੱਕੇ ਤਲਾਅ ਇਕੱਤਰ ਹੋ ਕੇ ਸ਼ਹਿਰ ਵਿੱਚ ਮਾਰਚ ਕਰਨ ਉਪਰੰਤ ਵਿਧਾਇਕ ਬਰਿੰਦਰਮੀਤ ਸਿੰਘ ਪਾਹੜ ?' ਨੂੰ ਮੰਗ ਪੱਤਰ ਦਿੱਤਾ ਜਾਵੇਗਾ। ਇਸ ਮੌਕੇ ਜਗੀਰ ਸਿੰਘ ਸਲਾਚ ਤਰਲੋਕ ਸਿੰਘ ਬਹਿਰਾਮਪੁਰ ਅਸ਼ਵਨੀ ਕੁਮਾਰ ਲੱਖਣ ਕਲਾਂ ਦਲਬੀਰ ਸਿੰਘ ਜੀਵਨਚੱਕ ਬਲਬੀਰ ਸਿੰਘ ਕੱਤੋਵਾਲ ਬਲਬੀਰ ਸਿੰਘ ਉੱਚਾ ਧਕਾਲਾ ਧਿਆਨ ਸਿੰਘ ਠਾਕਰ ਕਪੂਰ ਸਿੰਘ ਘੁੰਮਣ ਅਵਿਨਾਸ਼ ਸਿੰਘ ਮਲਕੀਤ ਸਿੰਘ ਬੁੱਡਾ ਕੋਟ ਰਘਬੀਰ ਸਿੰਘ ਚਾਹਲ ਕੁਲਵੰਤ ਸਿੰਘ ਬਾਠ ਗੁਰਦੀਪ ਸਿੰਘ ਕਾਮਲਪੁਰ ਵਿਜੈ ਸੋਹਲ ਆਦਿ ਵੱਡੀ ਗਿਣਤੀ ਵਿੱਚ ਹੋਰ ਕਿਸਾਨ ਆਗੂ ਵੀ ਸ਼ਾਮਲ ਸਨ।

# 14 ਮਈ ਨੂੰ ਸੰਗਤਪੁਰ (ਕਲਾਨੌਰ) ਵਿਖੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਮਨਾਇਆ ਜਾਵੇਗਾ ਸਰਹਿੰਦ ਫਤਹਿ ਦਿਵਸ



**ਗੁਰਦਾਸਪੁਰ/ਨਵਨੀਤ ਕੁਮਾਰ**:- ਬੇਜ਼ਮੀਨੇ ਮੁਜਾਰੇ ਕਿਰਸਾਨਾ ਨੂੰ ਜ਼ਮੀਨਾਂ ਦੇ ਮਾਲਕ ਬਣਾਉਣ ਵਾਲੇ ਅਤੇ ਮੁਗਲ ਸਾਮਰਾਜ ਵਿਰੁੱਧ ਆਮ ਲੋਕਾਂ ਨੂੰ ਇਕੱਠੇ ਕਰਕੇ ਸਰਹੰਦ ਨੂੰ ਫਤਹਿ ਕਰਨ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਸ਼ਰਧਾਂਜਲੀ ਦੇਣ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਸੰਗਤਪੁਰ (ਕਲਾਨੌਰ) 14 ਮਈ ਨੂੰ ਭਾਰੀ ਇਕੱਠ ਕੀਤਾ ਜਾ ਰਿਹਾ ਹੈ। ਜਿਸਨੂੰ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਸੰਬੋਧਨ ਕਰਨਗੇ। ਪਿੰਡ ਮਾਨੇਪੁਰ ਵਿਖੇ ਜਥੇਬੰਦੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸਤਬੀਰ ਸਿੰਘ ਸੁਲਤਾਨੀ ਨੇ ਕਿਹਾ ਕਿ ਬਾਬਾ ਬੰਦਾ ਬਹਾਦਰ ਸਿੰਘ ਨੇ ਦੱਬੇ ਕੁੱਚਲੇ ਲੋਕਾਂ ਨੂੰ ਜਥੇਬੰਦ ਕਰਕੇ ਮੁਗਲ ਬਾਦਸ਼ਾਹਾਂ ਦੇ ਜ਼ਬਰ, ਲੁੱਟ ਖਸੁੱਟ ਤੇ ਕਤਲੇਆਮ, ਅਤੇ ਜਗੀਰ ਦਾਰੀ ਖਿਲਾਫ ਬੇਕਿਰਕੀ ਨਾਲ ਸੰਘਰਸ਼ ਸਰਹਿੰਦ ਦੀ ਇੱਟ ਨਾਲ ਇੱਟ ਖੜਕਾਈ। ਉਨ੍ਹਾਂ ਮੁਜਾਰੇ ਕਿਸਾਨਾਂ ਨੂੰ ਜ਼ਮੀਨਾਂ ਦਾ ਮਾਲਕ ਬਣਾਕੇ ਉਚ ਨੀਚੀ, ਜਾਤ ਪਾਤੀ ਤੇ ਛੂਤ ਛਾਤ ਨੂੰ ਖਤਮ ਕਰਕੇ ਦੱਬੇ ਕੁੱਚਲੇ ਲੋਕਾਂ ਨੂੰ ਪਿੰਡ ਪੱਧਰ ਤੇ ਸੱਤਾ ਸੌਂਪੀ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਆਗੂ ਸਲਵਿੰਦਰ ਸਿੰਘ ਗੋਸਲ, ਪਲਵਿੰਦਰ ਸਿੰਘ ਕਿਲ੍ਹਾ ਨੱਥੂ ਸਿੰਘ, ਨੇ ਕਿਹਾ 14 ਮਈ ਨੂੰ ਹੋ ਰਹੀ ਸਰਹਿੰਦ ਫਤਹਿ ਦਿਵਸ ਕਾਨਫਰੰਸ ਲਈ ਲੋਕਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਖ਼ਸੀਅਤ ਅਤੇ ਚਰਿੱਤਰ ਨੂੰ ਅਖੌਤੀ ਧਾਰਮਿਕ ਜਥੇਦਾਰਾਂ ਵੱਲੋਂ ਨੀਵਾਂ ਦਿਖਾਉਣ ਲਈ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਇਸ ਲਈ ਬਾਬਾ ਬੰਦਾ ਸਿੰਘ ਬਹਾਦਰ ਦੀ ਸੋਚ ਨੂੰ ਅਮਲੀ ਜਾਮਾ ਪਹਿਨਾਉਣ ਲਈ ਜਥੇਬੰਧਕ ਤਾਕਤ ਵਧਾਉਣ ਲਈ ਇਕਠੇ ਹੋਣਾ ਸਮੇਂ ਦੀ ਲੋੜ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ, ਪਿਆਰਾ ਸਿੰਘ, ਸਤਨਾਮ ਸਿੰਘ ਸਤਵਿੰਦਰ ਸਿੰਘ ਅਤੇ ਰਣਜੀਤ ਸਿੰਘ ਨੇ ਵੀ ਸੰਬੋਧਨ ਕੀਤਾ।

# ਖੁਰਾਕ ਅਤੇ ਪ੍ਰੋਸੈਸਿੰਗ ਸਕੱਤਰ, ਵਿੱਤ ਸਕੱਤਰ ਅਤੇ MSME ਮੰਤਰਾਲੇ ਵਿੱਚ ਫਾਲੋ-ਅੱਪ ਮੀਟਿੰਗਾਂ ਕੀਤੀਆਂ ਜਾਣਗੀਆਂ



**ਬਟਾਲਾ/ਸੁਖਨਾਮ ਸਿੰਘ**

ਬਟਾਲਾ ਅਤੇ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਇੱਕ ਵਫਦ ਨੇ ਕੈਬਨਿਟ ਮੰਤਰੀ, ਭਾਰਤ ਸਰਕਾਰ ਸ਼੍ਰੀ ਪਿਊਸ਼ ਗੋਇਲ ਜੀ ਨਾਲ ਮੁਲਾਕਾਤ ਕੀਤੀ। ਸਰਦਾਰ ਫਤਿਹ ਬਾਜਵਾ, ਸ਼੍ਰੀ ਇੰਦਰ ਸੇਖੜੀ, ਸ਼੍ਰੀ ਪਵਨ ਅਤੇ ਸਰਦਾਰ ਮਨਜੀਤ ਸਿੰਘ ਨੇ ਮੰਤਰੀ ਨੂੰ ਸਾਰੇ ਮੁੱਦਿਆਂ ਬਾਰੇ ਜਾਣੂ ਕਰਵਾਇਆ। ਤੁਰੰਤ ਕਾਰਵਾਈ ਕੀਤੀ ਗਈ। ਸਾਡੇ ਵੱਲੋਂ ਉਠਾਏ ਗਏ ਮੁੱਦਿਆਂ ਦੇ ਹੱਲ ਲਈ ਮਾਣਯੋਗ ਮੰਤਰੀ ਵੱਲੋਂ ਦਿੱਤੇ ਨਿਰਦੇਸ਼ਾਂ ਦੀ ਪਾਲਣਾ ਕਰਨ ਲਈ ਸੀਨੀਅਰ ਅਧਿਕਾਰੀਆਂ ਨਾਲ ਹੋਰ ਮੀਟਿੰਗਾਂ ਕੀਤੀਆਂ ਜਾਣਗੀਆਂ।

MSME ਪ੍ਰੋਤਸਾਹਨ ਦੀ ਪਰਿਭਾਸ਼ਾ ਵਿੱਚ ਤਬਦੀਲੀ ਦਾ ਲਾਭ ਨਿਰਮਾਣ ਇਕਾਈਆਂ ਤੋਂ ਇਲਾਵਾ ਹੋਰਾਂ ਦੁਆਰਾ ਲਿਆ ਜਾਂਦਾ ਹੈ। ਮੈਨੂਫੈਕਚਰਿੰਗ MSME ਸੈਕਟਰ ਘੱਟ ਰਿਹਾ ਹੈ। ਰਾਜ ਸਭਾ ਵਿੱਚ ਵਿੱਤ ਮੰਤਰੀ ਦੇ ਬਿਆਨ ਅਨੁਸਾਰ 67% MSME ਸੈਕਟਰ ਅਸਥਾਈ ਤੌਰ @ਤੇ ਬੰਦ ਹੈ। ਬੰਦ ਪਏ ਉਦਯੋਗ ਨੂੰ ਮੁੜ ਚਾਲੂ ਕਰਨਾ ਔਖਾ ਕੰਮ ਹੈ। ਸਰਕਾਰ ਨੇ ਯਕੀਨੀ ਤੌਰ @ਤੇ MSME ਸੈਕਟਰ ਨੂੰ ਸਮਰਥਨ ਦੇਣ ਲਈ ਬਹੁਤ ਸਾਰੇ ਪ੍ਰੋਤਸਾਹਨ ਦਿੱਤੇ ਹਨ। ਅਸੀਂ ਕੁਝ ਹੋਰ ਸਹੂਲਤਾਂ ਦਾ ਪ੍ਰਸਤਾਵ ਕਰਦੇ ਹਾਂ ਜੋ ਉਦਯੋਗ ਨੂੰ ਸਮਰਥਨ ਦੇਣ ਅਤੇ ਮੁੜ ਚਾਲੂ ਕਰਨ ਲਈ ਬਹੁਤ ਮਦਦਗਾਰ ਹੋ ਸਕਦੀਆਂ ਹਨ। ਬੈਂਕਿੰਗ ਸੈਕਟਰ 1 ਉਦਯੋਗ ਨੂੰ ਕੱਚੇ ਮਾਲ ਦੀ ਲਾਗਤ ਨਾਲ ਜੁੜੀ ਵਧੀ ਹੋਈ ਕਾਰਜਕਾਰੀ ਪੂੰਜੀ ਦਿੱਤੀ ਜਾਣੀ ਚਾਹੀਦੀ ਹੈ। ਕੱਚੇ ਮਾਲ ਦੀਆਂ ਮੌਜੂਦਾ ਮਾਰਕੀਟ ਦਰਾਂ @ਤੇ ਹਰ ਸੀਮਾ ਨੂੰ ਦੁੱਗਣਾ ਕਰਨ ਦੀ ਲੋੜ ਹੈ। 2 ਕੋਵਿਡ ਟਰਮ ਲੋਨ ਨੂੰ ਵੀ ਕਾਰਜਸ਼ੀਲ ਪੂੰਜੀ ਨਾਲ ਮਿਲਾਇਆ ਜਾਣਾ ਚਾਹੀਦਾ ਹੈ। 3 ਮਾਰਜਿਨ ਨੂੰ ਘਟਾ ਕੇ 10% ਕੀਤਾ ਜਾਣਾ ਚਾਹੀਦਾ ਹੈ। MSME ਦੇ ਪੁਨਰਗਠਨ ਲਈ 4 RBI ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਮਿਤੀ 17 ਮਾਰਚ 2016 ਦੇ ਸਰਕੂਲਰ @ਤੇ ਕੀਤੀ ਜਾਣੀ ਚਾਹੀਦੀ ਹੈ। ਜਿੱਥੇ ਇਹਨਾਂ ਹਦਾਇਤਾਂ ਦੀ ਪਾਲਣਾ ਨਹੀਂ ਕੀਤੀ ਗਈ ਹੈ, ਬੈਂਕਰ ਦੁਆਰਾ ਕੁਤਾਹੀ ਦਾ ਲਾਭ MSME ਸੈਕਟਰ ਨੂੰ ਸਰਕੂਲਰ ਦੇ ਅਨੁਸਾਰ ਲਾਭ ਲੈਣ ਦਾ ਹੱਕਦਾਰ ਹੋਣਾ ਚਾਹੀਦਾ ਹੈ। ਦੂਜੇ ਸ਼ਬਦਾਂ ਵਿਚ ਦੇਰੀ ਨੂੰ ਮੁਆਫ ਕਰਨਾ ਚਾਹੀਦਾ ਹੈ। ਪਾਬੰਦੀਆਂ ਲਈ ਬੈਂਕਿੰਗ ਵਿੱਚ ਸੁਧਾਰ ਦੀ ਲੋੜ ਹੈ। ਬੁਨਿਆਦੀ ਢਾਂਚਾ ਮੌਜੂਦਾ ਬੁਨਿਆਦੀ ਢਾਂਚੇ ਦਾ ਸਮਰਥਨ ਕਰਨ ਲਈ ਇਸ ਖੇਤਰ ਵਿੱਚ ਰੇਲਵੇ/ਫੂਡ/ਰੱਖਿਆ ਪਾਰਕਾਂ ਦੀ ਵੰਡ ਕੀਤੀ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ ਕੇਂਦਰ ਸਰਕਾਰ ਨੂੰ ਪ੍ਰਾਈਵੇਟ ਜਾਂ ਸਰਕਾਰੀ ਸੈਕਟਰ ਦੁਆਰਾ ਵੱਡੇ ਪੈਮਾਨੇ ਦੀਆਂ ਇਕਾਈਆਂ ਸਥਾਪਤ ਕਰਨਾ ਸੰਭਵ ਬਣਾਉਣਾ ਚਾਹੀਦਾ ਹੈ। ਬਟਾਲਾ ਅੰਮ੍ਰਿਤਸਰ/ਬਿਆਸ ਬਟਾਲਾ ਰੇਲ ਸੇਵਾਵਾਂ ਨੂੰ ਮੈਟਰੋ ਸਿਟੀਜ਼ ਦੇ ਨਾਲ ਸੈਟੇਲਾਈਟ ਟਾਊਨ ਨਾਲ ਜੋੜ ਕੇ ਵਿਉਂਤਿਆ ਜਾਣਾ ਚਾਹੀਦਾ ਹੈ। ਬਟਾਲਾ ਨੂੰ ਐਕਸਪ੍ਰੈਸ ਵੇਅ ਨਾਲ ਚਾਰ ਮਾਰਗੀ ਸੜਕ ਨਾਲ ਜੋੜਿਆ ਜਾਵੇ। ਤਾਕਤ ਕੇਂਦਰ ਸਰਕਾਰ ਨੂੰ ਕਲੱਸਟਰਾਂ ਵਿੱਚ ਸੋਲਰ ਪਾਵਰ ਸਿਸਟਮ ਲਗਾਉਣ ਵਿੱਚ ਮਦਦ ਕਰਨੀ ਚਾਹੀਦੀ ਹੈ। ਇਸ ਨਾਲ ਸਾਡੀ ਬਿਜਲੀ ਦੀ ਲਾਗਤ ਘੱਟ ਜਾਵੇਗੀ ਅਤੇ ਉਦਯੋਗਾਂ ਨੂੰ 2/3 ਸਾਲਾਂ ਬਾਅਦ ਲਗਭਗ ਮੁਫਤ ਬਿਜਲੀ ਮਿਲੇਗੀ। ਪ੍ਰੋਤਸਾਹਨ ਵਿੱਤੀ ਪ੍ਰੋਤਸਾਹਨ ਹਿਮਾਚਲ, ਉੱਤਰਾਖੰਡ ਅਤੇ ਉੱਤਰ ਪੂਰਬੀ ਰਾਜਾਂ ਦੇ ਨਾਲ ਮਿਲ ਕੇ ਦਿੱਤੇ ਜਾਣ। ਫਰੇਟ ਸਬਸਿਡੀ ਜੰਮੂ-ਕਸ਼ਮੀਰ ਕੇਂਦਰ ਸ਼ਾਸਤ ਪ੍ਰਦੇਸ਼ ਦੇ ਅਨੁਸਾਰ ਦਿੱਤੀ ਜਾਣੀ ਚਾਹੀਦੀ ਹੈ। ਸਰਹੱਦੀ ਜ਼ਿਲ੍ਹਿਆਂ ਲਈ ਪ੍ਰੋਤਸਾਹਨ ਦੀ ਰੇਂਜ 30 ਕਿਲੋਮੀਟਰ ਤੋਂ 50 ਕਿਲੋਮੀਟਰ ਤੱਕ ਵਧਾ ਦਿੱਤੀ ਗਈ ਹੈ

# ਬਲਾਕ ਸਮਰਾਲਾ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਬਲਾਕ ਪੱਧਰੀ ਕੈਂਪ

**ਸਮਰਾਲਾ/ਭੂਸ਼ਨ ਬਾਂਸਲ ਸੁਨੀਲ ਅਗਰਵਾਲ**:- ਡਾ. ਨਰਿੰਦਰ ਸਿੰਘ ਬੈਨੀਪਾਲ ਮੁੱਖ ਖੇਤੀਬਾੜੀ ਅਫ਼ਸਰ, ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਰੰਗੀਲ ਸਿੰਘ ਖੇਤੀਬਾੜੀ ਅਫ਼ਸਰ ਸਮਰਾਲਾ ਦੀ ਪ੍ਰਧਾਨਗੀ ਹੇਠ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਅਤੇ ਮੁੱਖ ਤੌਰ ’ਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਪਿੰਡ ਮਹਿਦੂਦਾਂ ਵਿਖੇ ਬਲਾਕ ਪੱਧਰੀ ਕੈਂਪ ਲਗਾਇਆ ਗਿਆ। ਇਸ ਮੌਕੇ ਤੇ ਡਾ. ਹਰਜਿੰਦਰ ਕੌਰ ਖੇਤੀਬਾੜੀ ਵਿਕਾਸ ਅਫ਼ਸਰ ਸਮਰਾਲਾ ਵੱਲੋਂ ਝੋਨੇ ਦੀ ਕਾਸ਼ਤ ਖਾਸ ਤੌਰ ’ਤੇ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਆਪਣੇ




ਵਿਚਾਰ ਕਿਸਾਨ ਭਰਾਵਾਂ ਨਾਲ ਸਾਂਝੇ ਕੀਤੇ, ਉਹਨਾਂ ਦੱਸਿਆ ਕਿ ਧਰਤੀ ਹੇਠਲੇ ਡਿੱਗਦੇ ਪਾਣੀ ਦੇ ਲੈਵਲ ਨੂੰ ਠੱਲ ਪਾਉਣ, ਬਿਜਲੀ ਦੀ ਖਪਤ ਘਟਾਉਣ ਤੇ ਖੇਤੀ ਖਰਚੇ ਘਟਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਸਮੇਂ ਦੀ ਲੋੜ ਹੈ। ਇਸ ਤਕਨੀਕ ਨਾਲ ਪਰਾਲੀ ਪ੍ਰਬੰਧਨ ਕਰਨਾ ਵੀ ਸੌਖਾ ਹੈ ਤੇ ਪਰਾਲੀ ਨੂੰ ਅੱਗ ਲਾਉਣ ਤੋਂ ਵੀ ਬਚਿਆ ਜਾ ਸਕਦਾ ਹੈ। ਇਸ ਤੋਂ ਇਲਾਵਾ ਝੋਨੇ ਦੀ ਫ਼ਸਲ ਉੱਤੇ ਹਮਲਾ ਕਰਨ ਵਾਲੇ ਕੀੜੇ ਮਕੌੜੇ ਤੇ ਬਿਮਾਰੀਆਂ ਬਾਰੇ ਵੀ ਵਿਸਥਾਰ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਸੰਦੀਪ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ (ਪੀ.ਪੀ) ਨੇ ਸੱਠੀ ਮੂੰਗੀ ਅਤੇ ਬਸੰਤ ਰੁੱਤ ਦੀ ਮੱਕੀ ਬਾਰੇ ਕਿਸਾਨ ਭਰਾਵਾਂ ਨਾਲ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਦੱਸਿਆ ਕਿ ਸੱਠੀ ਮੂੰਗੀ ਜਿੱਥੇ ਇਕ ਵਾਧੂ ਹਾੜ੍ਹੀ ਫ਼ਸਲ ਹੈ ਉੱਥੇ ਇਹ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਵੀ ਵਾਧਾ ਕਰਦੀ ਹੈ ਅਤੇ ਨਾਲ ਹੀ ਮੱਕੀ ਦੀ ਫ਼ਸਲ ਵਿੱਚ ਹਮਲਾ ਕਰਨ ਵਾਲੇ ਕੀੜੇ ਫਾਲ ਆਰਮੀ ਵਾਰਮ ਬਾਰੇ ਵੀ ਕਿਸਾਨ ਭਰਾਵਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਸੁਖਜਿੰਦਰ ਸਿੰਘ ਖੇਤੀਬਾੜੀ ਵਿਸਥਾਰ ਅਫ਼ਸਰ ਵੱਲੋਂ ਵਾਧੂ ਹੋ ਰਹੀ ਖੇਤੀ ਜਹਿਰਾਂ ਦੀ ਵਰਤੋਂ ਸਬੰਧੀ ਕਿਸਾਨਾਂ ਨੂੰ ਸੁਚੇਤ ਕੀਤਾ ਤਾਂ ਜੋ ਅਸੀਂ ਆਪਣੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾ ਸਕੀਏ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ ’ਤੇ ਪਹੁੰਚੇ ਲਵਪ੍ਰੀਤ ਸਿੰਘ, ਭੂਮੀ ਰੱਖਿਆ ਅਫ਼ਸਰ ਸਮਰਾਲਾ, ਪ੍ਰੋਫੈਸਰ ਹਰਪ੍ਰੀਤ ਸਿੰਘ ਨੈਸ਼ਨਲ ਕਾਲਜ ਦੋਰਾਹਾ, ਜਿਨ੍ਹਾਂ ਦੀ ਟੀਮ (ਆਈ. ਟੀ. ਫਾਊਂਡੇਸ਼ਨ) ਨਾਲ ਮਿਲ ਕੇ ਪ੍ਰਾਲੀ ਪ੍ਰਬੰਧਨ ਸਬੰਧੀ ਕੰਮ ਕਰਦੀ ਹੈ। ਇਸ ਮੌਕੇ ਨੈਸ਼ਨਲ ਕਾਲਜ ਦੋਰਾਹਾ ਦੇ ਵਿਦਿਆਰਥੀਆਂ ਵੱਲੋਂ ਪ੍ਰਾਲੀ ਪ੍ਰਬੰਧਨ ਸਬੰਧੀ ਨੁਕੜ ਨਾਟਕ ਵੀ ਪੇਸ਼ ਕੀਤਾ ਗਿਆ। ਖੇਤੀਬਾੜੀ ਵਿਭਾਗ ਦੇ ਹੋਰ ਕਰਮਚਾਰੀ ਤੇਜਿੰਦਰ ਸਿੰਘ ਉੱਪ ਨਰੀਖਕ, ਚਮਕੌਰ ਸਿੰਘ ਉੱਪ ਨਰੀਖਕ, ਸਰਬਜੀਤ ਸਿੰਘ ਬੀ.ਟੀ.ਐਮ., ਕੁਲਵਿੰਦਰ ਸਿੰਘ ਏ.ਟੀ.ਐਮ., ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਪ੍ਰਦੀਪ ਸਿੰਘ ਤੇ ਮਹਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਸੁਸਾਇਟੀਆਂ ਦੇ ਸਕੱਤਰ ਸਾਹਿਬਾਨਾਂ ਨੇ ਵੀ ਸ਼ਮੂਲੀਅਤ ਕੀਤੀ।

# ਸੰਸਕਾਰਾਂ ਤੋਂ ਬਿਨਾਂ ਸਿੱਖਿਆ ਅਧੂਰੀ : ਸਵਾਮੀ ਆਰੀਆ ਵੇਸ਼

## ਡੀਏਵੀ ਸਕੂਲ ਚ ਕਰਵਾਇਆ ਗਿਆ ਪ੍ਰੋਗਰਾਮ




**ਦੀਨਾਨਗਰ/ਡਾ.ਰਮੇਸ਼ ਸਰੰਗਲ:-** ਐੱਸ ਐੱਸ ਡੀ ਏ ਵੀ ਸੀ ਸੈਕੰਡਰੀ ਸਕੂਲ ਚ ਸਰਵਦੇਸ਼ਿਕ ਆਰੀਆ ਪ੍ਰਤੀਨਿਧੀ ਸਭਾ ਨਵੀਂ ਦਿੱਲੀ ਦੇ ਪ੍ਰਧਾਨ ਸਵਾਮੀ ਆਰੀਆਵੇਸ਼ ਜੀ ਅਤੇ ਮਿਸ਼ਨ ਆਰੀਆਵਰਤਾ ਦੇ ਸੰਚਾਲਕ ਸਵਾਮੀ ਆਦਿਤਿਆ ਵੇਸ਼ ਜੀ ਦੇ ਸਕੂਲ ਦੇ ਵਿਹੜੇ @ਚ ਪਹੁੰਚਣ ਤੇ ਪ੍ਰਧਾਨ ਅਰਵਿੰਦ ਮਹਿਤਾ ਅਤੇ ਸਚਿਵ ਮਧੁਰਭਵਿਸ਼ੀਨੀ ਦੀ ਪ੍ਰਧਾਨਗੀ ਹੇਠ ਇੱਕ ਬੌਧਿਕ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਦੇ ਪਿੰਸੀਪਲ ਸੁਸ਼ੀਲ ਕੁਮਾਰ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸਕੂਲ ਦੇ ਵਿਹੜੇ @ਚ ਪਹੁੰਚਣ @ਤੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਅਤੇ ਆਰੀਆ ਜਗਤ ਦੇ ਸਰਵੋਤਮ ਸਵੈਮਾਣਿਕ ? ?ਦੇਵਤਾ ਦੇ ਕੰਮਾਂ @ਤੇ ਚਾਨਣਾ ਪਾਇਆ। ਇਸ ਮੌਕੇ ਸਵਾਮੀ ਆਰਿਆਵੇਸ਼ ਜੀ ਨੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਹੀ ਸਹੀ ਅਰਥਾਂ ਵਿੱਚ ਰਾਸ਼ਟਰ ਨਿਰਮਾਤਾ ਹੁੰਦੇ ਹਨ, ਜੋ ਬੱਚਿਆਂ ਨੂੰ ਆਪਣੇ ਗਿਆਨ ਰਾਹੀਂ ਰਾਸ਼ਟਰ ਨਿਰਮਾਣ ਵਿੱਚ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਗਾਇਤਰੀ ਮੰਤਰ ਨਾਲ ਵਿਅਕਤੀ ਦੀ ਬੁੱਧੀ ਸੰਪੂਰਨ ਹੋ ਜਾਂਦੀ ਹੈ। ਜਿਸ ਕੋਲ ਚੰਗੀ ਬੁੱਧੀ ਹੈ, ਉਸ ਕੋਲ ਤਾਕਤ ਹੈ ਅਤੇ ਉਹੀ ਜਿੱਤਦਾ ਹੈ। ਸਵਾਮੀ ਜੀ ਨੇ ਕਿਹਾ ਕਿ ਸਾਨੂੰ ਆਪਣੇ ਜੀਵਨ ਵਿੱਚੋਂ ਬੁਰਾਈਆਂ ਨੂੰ ਦੂਰ ਕਰਨ ਦਾ ਪ੍ਰਣ ਲੈਣਾ ਚਾਹੀਦਾ ਹੈ।

ਮਿਸ਼ਨ ਆਰੀਆਵਰਤਾ ਦੇ ਨਿਰਦੇਸ਼ਕ ਸਵਾਮੀ ਆਦਿਤਿਆ ਵੇਸ਼ ਜੀ ਨੇ ਬੱਚਿਆਂ ਨੂੰ ਸਿੱਖਿਆ ਦੇਣ ਵਿੱਚ ਅਧਿਆਪਕ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਿੱਖਿਆ ਸੰਸਕਾਰਾਂ ਤੋਂ ਬਿਨਾਂ ਅਧੂਰੀ ਹੈ। ਉਨਾਂ ਬੱਚਿਆਂ ਨੂੰ ਮੋਬਾਈਲ ਦੀ ਅੰਨ੍ਹੇਵਾਹ ਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਿਆ ਅਤੇ ਉਨ੍ਹਾਂ ਨੂੰ ਭਗਵਾਨ ਵਿੱਚ ਵਿਸ਼ਵਾਸ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਸਕੱਤਰ ਸ੍ਰੀਮਤੀ ਮਧੁਰਭਵਿਸ਼ੀਨੀ ਨੇ ਆਪਣੇ ਵਿਚਾਰਾਂ ਰਾਹੀਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਨੂੰ ਰੋਕਣ ਲਈ ਵੈਦਿਕ ਵਿਚਾਰਧਾਰਾ ਨੂੰ ਆਪਣੇ ਜੀਵਨ ਵਿੱਚ ਅਪਨਾਉਣ 'ਤੇ ਜ਼ੋਰ ਦਿੱਤਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਰਵਿੰਦ ਮਹਿਤਾ ਨੇ ਆਰੀਆ ਸਮਾਜ ਦੇ ਸਿਧਾਂਤਾਂ @ਤੇ ਚੱਲਣ ਦਾ ਸੱਦਾ ਦਿੱਤਾ। ਇਸ ਮੌਕੇ ਤੇ ਤੇ ਕਿਡਜ ਕੇਅਰ ਸਕੂਲ ਦੀ ਪ੍ਰਿੰਸੀਪਲ ਪ੍ਰੋਮਿਲਾ ਮਨਹਾਸ, ਐਡਵੋਕੇਟ ਵਿਰਜਾ ਨਾਥ, ਅਜੇ ਪਾਲ,ਧਰਮਿੰਦਰ ਆਰੀਆ ਵੱਲੋਂ ਇਸ ਪ੍ਰੋਗਰਾਮ ਦੀ ਸਮਾਪਤੀ ਸ਼ਾਤੀ ਪਾਠ ਨਾਲ ਕੀਤੀ। ਇਸ ਮੌਕੇ ਤੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ ।

# ਮੇਰੇ ਵੱਲੋਂ ਸ਼ੁਰੂ ਕਰਵਾਏ ਗਏ ਸਾਰੇ ਪ੍ਰੋਜੈਕਟਾਂ ਦੇ ਕੰਮ ਜਲਦੀ ਨੇਪਰੇ ਚਾੜ੍ਹੇ ਜਾਣਗੇ : ਅਰੁਨਾ ਚੋਧਰੀ

**ਦੀਨਾਨਗਰ/ਡਾ.ਰਮੇਸ਼ ਸਰੰਗਲ**

ਕਾਂਗਰਸ ਸਰਕਾਰ ਵੇਲੇ ਮਨਜ਼ੂਰ ਹੋਏ ਪਨਿਆਡ ? ਅੱਡੇ ਤੋਂ ਗਰੋਟੀਆਂ ਨੂੰ ਜਾਣ ਵਾਲੇ ਲਿੰਕ ਰੋਡ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਅੱਜ ਹਲਕਾ ਵਿਧਾਇਕਾ ਅਤੇ ਸਾਬਕਾ ਕੈਬਨਿਟ ਮੰਤਰੀ ਅਰੁਨਾ ਚੌਧਰੀ ਵੱਲੋਂ ਕੀਤਾ ਗਿਆ। ਇਸ ਰੋਡ 'ਤੇ ਸ਼ੂਗਰ ਮਿੱਲ ਸਥਿਤ ਹੋਣ ਕਾਰਨ ਸੀਜ਼ਨ ਦੇ ਦਿਨਾਂ 'ਚ ਸਡ ?ਕ ਗੰਨੇ ਦੀਆਂ ਟਰਾਲੀਆਂ ਨਾਲ ਭਰੀ ਰਹਿੰਦੀ ਸੀ, ਜਿਸ ਕਾਰਨ ਰਾਹਗੀਰ ਅੱਤ ਦੇ ਪਰੇਸ਼ਾਨ ਸਨ। ਲੋਕਾਂ ਦੀ ਇਸ ਪਰੇਸ਼ਾਨੀ ਨੂੰ ਦੇਖਦਿਆਂ ਕੁਝ ਮਹੀਨੇ ਪਹਿਲਾਂ ਤਤਕਾਲੀ ਕੈਬਨਿਟ ਮੰਤਰੀ ਅਰੁਨਾ ਚੌਧਰੀ ਨੇ ਰੋਡ ਨੂੰ 16 ਫੁੱਟ ਚੌਡ ?ਾ ਕਰਕੇ ਨਵੇਂ ਸਿਰੇ ਤੋਂ ਬਣਾਉਣ ਲਈ ਕਰੀਬ 50 ਲੱਖ ਰੁਪਏ ਮਨਜ਼ੂਰ ਕਰਵਾਏ ਸਨ ਅਤੇ ਅੱਜ ਇਸ ਸਡ ?ਕ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਰਸਮੀ ਉਦਘਾਟਨ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਅਰੁਨਾ ਚੌਧਰੀ ਨੇ ਕਿਹਾ ਕਿ ਇਸ ਰੋਡ 'ਤੇ ਖੰਡ ਮਿੱਲ ਸਥਿਤ ਹੋਣ ਕਾਰਨ ਲੋਕਾਂ ਦੀ ਆਵਾਜਾਈ ਵੱਡੇ ਪੱਧਰ 'ਤੇ ਹੁੰਦੀ ਹੈ ਅਤੇ ਪਿਛਲੀ ਸਡ ?ਕ ਦੀ ਚੌਡ ?ਾਈ ਕਾਫ਼ੀ ਘੱਟ ਹੋਣ ਕਾਰਨ ਸਾਰੀ ਸਡ ?ਕ ਗੰਨੇ ਨਾਲ ਭਰੀਆਂ ਟਰਾਲੀਆਂ ਮੱਲ ਲੈਂਦੀਆਂ ਸਨ। ਜਿਸ ਕਾਰਨ ਰੋਡ 'ਤੇ ਪੈਂਦੇ ਦਰਜਨਾਂ ਪਿੰਡਾਂ ਦੇ ਲੋਕ ਮੁਸ਼ਕਿਲਾਂ ਝੱਲਦੇ ਸਨ। ਅਰੁਨਾ ਚੌਧਰੀ ਨੇ ਦੱਸਿਆ ਕਿ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਦੇਖਦਿਆਂ ਹੁਣ ਇਹ ਰੋਡ 16 ਫੁੱਟ ਚੌਡ ?ਾ ਅਤੇ 1200 ਮੀਟਰ ਲੰਬਾ ਬਣਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਵੇਲੇ ਇਲਾਕੇ ਅੰਦਰ ਤਮਾਮ ਲਿੰਕ ਰੋਡ ਬਣਵਾ ਦਿੱਤੇ ਗਏ ਸਨ ਅਤੇ ਪਰ ਇਹ ਸਡ ?ਕ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਮਨਜ਼ੂਰ ਹੋਈ ਸੀ, ਜਿਸਨੂੰ ਵਿਭਾਗ ਨੇ ਹੁਣ ਕੰਪਲੀਟ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਪੰਜ ਸਾਲ ਇਲਾਕੇ ਅੰਦਰ ਅਣਗਿਣਤ ਵਿਕਾਸ ਕੰਮ ਹੋਏ ਹਨ ਅਤੇ ਇਸੇ ਕਰਕੇ ਦੀਨਾਨਗਰ ਦੀ ਜਨਤਾ ਨੇ ਉਨ੍ਹਾਂ ਨੂੰ ਚੌਥੀ ਵਾਰ ਜੇਤੂ ਬਣਾਇਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਨਹੀਂ ਬਣੀ ਹੈ ਪਰ ਉਹ ਹਲਕੇ ਦੀ ਜਨਤਾ ਨਾਲ ਪਹਿਲਾਂ ਵਾਂਗ ਹੀ ਜੁਡ ?ੇ ਰਹਿਣਗੇ ਅਤੇ ਇਸੇ ਤਰ੍ਹਾਂ ਹਲਕੇ ਦੀ ਸੇਵਾ ਕਰਦੇ ਰਹਿਣਗੇ। ਇਸ ਮੌਕੇ ਘਰੋਟੀਆਂ ਦੇ ਸਰਪੰਚ ਕਰਨੈਲ ਸਿੰਘ, ਸਾਬਕਾ ਸਰਪੰਚ ਬਸਤੀ ਵਿਕਾਸ ਨਗਰ ਸਰਬਜੀਤ ਸਿੰਘ, ਕੁਲਭੂਸ਼ਣ ਸਿੰਘ ਘਰੋਟੀਆਂ ਅਤੇ ਜਸਪਾਲ ਸਿੰਘ ਤੋਂ ਇਲਾਵਾ ਪਿੰਡ ਦੇ ਹੋਰ ਮੋਹਤਬਰ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਦਰਜਾ ਚਾਰ ਤੇ ਸਫਾਈ ਸੇਵਕਾਂ ਨੂੰ 46 ਸਫਾਈ ਕਿੱਟਾਂ ਦੀ ਵੰਡ



## ਡੀ ਸੀ, ਐਸ ਡੀ ਐਮ ਤੇ ਤਹਿਸੀਲ ਦਫ਼ਤਰ ਦੇ ਕਰਮਚਾਰੀਆਂ ਨੂੰ ਕਿੱਟਾਂ ਵੰਡਣ ਮੌਕੇ ਮੁਸ਼ਕਿਲਾਂ ਵੀ ਪੁੱਛੀਆਂ

**ਸਹੀਦ ਭਗਤ ਸਿੰਘ ਨਗਰ**

ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਅੱਜ ਡੀ ਸੀ ਦਫ਼ਤਰ, ਐਸ ਡੀ ਐਮ ਦਫ਼ਤਰ ਤੇ ਤਹਿਸੀਲ ਨਵਾਂਸ਼ਹਿਰ ਦਫ਼ਤਰ ਦੇ ਦਰਜਾ ਚਾਰ ਅਤੇ ਸਫਾਈ ਸੇਵਕਾਂ ਨੂੰ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਦੀ ਤਰਫ਼ੋਂ 46 ਸਾਫ਼-ਸਫ਼ਾਈ ਕਿੱਟਾਂ ਵੰਡੀਆਂ।ਉਨ੍ਹਾਂ ਇਸ ਮੌਕੇ ਇਨ੍ਹਾਂ ਕਰਮਚਾਰੀਆਂ ਵੱਲੋਂ ਪੂਰੀ ਤਨਦੇਹੀ ਨਾਲ ਨਿਭਾਈਆਂ ਜਾਂਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਕਰਮਚਾਰੀਆਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਹ ਕਿੱਟਾਂ ਉਸ ਵਚਨਬੱਧਤਾ ਦਾ ਪ੍ਰਤੀਕ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਿੱਟਾਂ ਵਿੱਚ ਹੱਥ ਧੋਣ ਵਾਲੇ ਸਾਬਣ, ਤਰਲ ਹੈਂਡਵਾਸ਼, ਦਸਤਾਨੇ, ਮਾਸਕ ਅਤੇ ਹੋਰ ਸਮਾਨ ਸ਼ਾਮਲ ਹੈ।ਡੀ ਸੀ ਐਨ ਪੀ ਐਸ ਰੰਧਾਵਾ ਨੇ ਕਿਹਾ ਕਿ ਦਰਜਾ ਚਾਰ ਅਤੇ ਸਫ਼ਾਈ ਸੇਵਕ ਹਮੇਸ਼ਾਂ ਆਪਣੀ ਡਿਊਟੀ ਬੜੀ ਮੁਸ਼ਕਿਲ ਭਰੇ ਹਾਲਾਤਾਂ ਵਿੱਚ ਕਰਦੇ ਹਨ ਅਤੇ ਕੋਵਿਡ-19 ਦੌਰਾਨ ਵੀ ਉਨ੍ਹਾਂ ਬੜੀ ਬਹਾਦਰੀ ਨਾਲ ਆਪਣੇ ਕੰਮ ਪ੍ਰਤੀ ਆਪਣੀ ਸੁਹਿਰਦਤਾ ਦਾ ਪ੍ਰਗਟਾਵਾ ਕੀਤਾ ਸੀ। ਉਨ੍ਹਾਂ ਇਸ ਮੌਕੇ ਇਨ੍ਹਾਂ ਕਰਮਚਾਰੀਆਂ ਨੂੰ ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ ਵੀ ਸੁਣੀਆਂ ਅਤੇ ਉਨ੍ਹਾਂ ਦੇ ਨਿਪਟਾਰੇ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਸਹਾਇਕ ਕਮਿਸ਼ਨਰ ਦੀਪਾਂਕਰ ਗਰਗ ਵੀ ਮੌਜੂਦ ਸਨ।

# ਭਾਸ਼ਾ ਵਿਭਾਗ ਤੇ ਕਾਲਜ ਪ੍ਰਸ਼ਾਸਨ ਦੇ ਸਹਿਯੋਗ ਨਾਲ ਗੋਵਿੰਦ ਨੈਸ਼ਨਲ ਕਾਲਜ ਨਾਰੰਗਵਾਲ ਵਿਖੇ ਸਮਾਗਮ ਆਯੋਜਿਤ




**ਲੁਧਿਆਣਾ/ਸੁਖਚੈਨ ਮਹਿਰਾ,ਕਰਨ ਅੱਗਰਵਾਲ**

ਕਵਿਤਾ ਕਵੀ ਦੀ ਕਸ਼ੀਦ ਕੀਤੀ ਹੋਈ ਆਤਮਕਥਾ ਹੁੰਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬੀ ਦੇ ਸਿਰਮੌਰ ਸ਼ਾਇਰ ਪਦਮਸ਼੍ਰੀ ਸੁਰਜੀਤ ਪਾਤਰ ਨੇ ਗੋਵਿੰਦ ਨੈਸ਼ਨਲ ਕਾਲਜ, ਨਾਰੰਗਵਾਲ ਵਿਖੇ ਇਕ ਰੂ-ਬਰੂ ਸਮਾਗਮ ਦੌਰਾਨ ਕੀਤਾ। ਬੀਤੇ ਦਿਨੀਂ ਇਹ ਸਮਾਗਮ ਭਾਸ਼ਾ ਵਿਭਾਗ ਪੰਜਾਬ ਦੀ ਅਗਵਾਈ ਵਿੱਚ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ ਅਤੇ ਕਾਲਜ ਪ੍ਰਸ਼ਾਸਨ ਦੇ ਸਹਿਯੋਗ ਨਾਲ਼ ਕਰਵਾਇਆ ਗਿਆ।

ਸਮਾਗਮ ਦੀ ਸ਼ੁਰੂਆਤ ਵਿੱਚ ਕਾਲਜ ਪ੍ਰਿੰਸੀਪਲ ਡਾ.ਅਵਿਨਾਸ਼ ਕੌਰ ਨੇ ਸੁਰਜੀਤ ਪਾਤਰ ਅਤੇ ਹੋਰ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਨੂੰ ਮਿਲ਼ਨਾ ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਵਿਦਿਆਰਥੀਆਂ ਦੇ ਰੂ-ਬਰੂ ਹੁੰਦਿਆਂ ਸੁਰਜੀਤ ਪਾਤਰ ਹੋਰਾਂ ਨੇ ਆਪਣੇ ਜੀਵਨ, ਸਿਰਜਣ ਪ੍ਰਕਿਰਿਆ ਤੇ ਜੀਵਨ ਵਿੱਚ ਕਵਿਤਾ/ਸਾਹਿਤ ਦੀ ਭੂਮਿਕਾ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ। ਉਹਨਾਂ ਨੇ ਆਪਣੀਆਂ ਕੁਝ ਚੋਣਵੀਆਂ ਰਚਨਾਵਾਂ ਵੀ ਸਾਂਝੀਆਂ ਕੀਤੀਆਂ।

ਸਮਾਗਮ ਵਿੱਚ ਸ਼ਿਰਕਤ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸੰਦੀਪ ਸ਼ਰਮਾ ਨੇ ਕਿਹਾ ਕਿ ਸਾਡੀ ਜ਼ੁਬਾਨ ਦੇ ਵੱਡੇ ਕਵੀ ਨੂੰ ਇਸ ਰੂਪ ਵਿੱਚ ਮਿਲ਼ਨਾ ਯਕੀਨਨ ਵਿਦਿਆਰਥੀਆਂ ਦੇ ਜੀਵਨ ਦਾ ਯਾਦਗਾਰੀ ਅਨੁਭਵ ਹੈ। ਉਹਨਾਂ ਨੇ ਦੱਸਿਆ ਕਿ ਸੰਯੁਕਤ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਡਾ. ਵੀਰਪਾਲ ਕੌਰ ਦੀ ਅਗਵਾਈ ਵਿੱਚ ਵਿਭਾਗ ਪੰਜਾਬੀ ਭਾਸ਼ਾ ਦੇ ਪ੍ਰਚਾਰ/ਪ੍ਰਸਾਰ ਲਈ ਲਗਾਤਾਰ ਯਤਨਸ਼ੀਲ ਹੈ। ਮੰਚ ਸੰਚਾਲਨ ਦੀ ਭੂਮਿਕਾ ਪੰਜਾਬੀ ਵਿਭਾਗ ਤੋਂ ਪ੍ਰੋਫ਼ੈਸਰ ਗੁਰਪ੍ਰੀਤ ਸਿੰਘ ਹੋਰਾਂ ਨੇ ਨਿਭਾਈ। ਇਸ ਮੌਕੇ ਖੋਜ ਅਫ਼ਸਰ ਸੰਦੀਪ ਸਿੰਘ ਅਤੇ ਜੂਨੀਅਰ ਸਹਾਇਕ ਸੁਖਦੀਪ ਸਿੰਘ ਦੀ ਅਗਵਾਈ ਵਿੱਚ ਭਾਸ਼ਾ ਵਿਭਾਗ ਦੀਆਂ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ।

ਕਾਲਜ ਵਿੱਚੋਂ ਵਿਦਿਆਰਥੀਆਂ ਦੇ ਨਾਲ਼-ਨਾਲ਼ ਸਟਾਫ਼ ਵਿੱਚੋਂ ਪ੍ਰੋਫ਼ੈਸਰ ਕਮਲਜੀਤ ਸਿੰਘ ਸੋਹੀ, ਕੁਲਦੀਪ ਕੁਮਾਰ ਬੱਤਾ, ਸੁਰਿੰਦਰ ਮੋਹਨਦੀਪ, ਜਗਮੀਤ ਸਿੰਘ, ਸੁਖਜੀਤ ਕੌਰ ਅਤੇ ਦਲਜੀਤ ਕੌਰ ਹਾਜ਼ਰ ਰਹੇ। ਸਮਾਗਮ ਵਿੱਚ ਸੁਰਜੀਤ ਪਾਤਰ ਜੀ ਦੇ ਧਰਮ ਪਤਨੀ ਸ੍ਰੀਮਤੀ ਭੁਪਿੰਦਰ ਕੌਰ, ਸ਼ਾਇਰ ਪਾਲੀ ਖਾਦਿਮ, ਜਸਪ੍ਰੀਤ ਅਮਲਤਾਸ ਅਤੇ ਐਜੂਕੇਸ਼ਨ ਕਾਲਜ, ਗੁਰੂਸਰ ਸੁਧਾਰ ਤੋਂ ਡਾ.ਜਗਜੀਤ ਸਿੰਘ ਤੇ ਭਾਸ਼ਾ ਮੰਚ ਦੇ ਵਿਦਿਆਰਥੀਆਂ ਨੇ ਵੀ ਸ਼ਿਰਕਤ ਕੀਤੀ।

# ਡੇਅਰੀ ਸਿਖਲਾਈ ਪ੍ਰੋਗਰਾਮ ਅਧੀਨ ਦੋ ਹਫਤੇ ਦਾ ਡੇਅਰੀ ਸਿਖਲਾਈ ਕੋਰਸ ਚਲਾਇਆ





**ਬੀਜਾ,ਸਮਰਾਲਾ/ਭੂਸ਼ਨ ਬਾਂਸਲ ਸੁਨੀਲ ਅਗਰਵਾਲ**

ਸ਼ ਕੁਲਦੀਪ ਸਿੰਘ ਧਾਲੀਵਾਲ ਮਾਣਯੋਗ ਕੈਬਨਿਟ ਮੰਤਰੀ, ਡੇਅਰੀ ਵਿਕਾਸ ਵਿਭਾਗ, ਪਸੂ ਪਾਲਣ, ਮੱਛੀ ਪਾਲਣ ਵਿਭਾਗ ਜੀ ਦੀ ਅਗਵਾਈ ਹੇਠ ਸ਼ ਕੁਲਦੀਪ ਸਿੰਘ ਜੱਸੋਵਾਲ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਨਿਰਦੇਸਾਂ ਅਨੁਸਾਰ ਬਲਵਿੰਦਰ ਸਿੰਘ ਡਿਪਟੀ ਡਾਇਰੈਕਟਰ ਡੇਅਰੀ, (ਲੁਧਿਆਣਾ) ਅਤੇ ਇੰਚਾਰਜ ਡੇਅਰੀ ਸਿਖਲਾਈ ਕੇਂਦਰ, (ਬੀਜਾ) ਦੀ ਦੇਖਰੇਖ ਹੇਠ ਮਿਤੀ 25-04-22 ਤੋਂ 06-05-22 ਤੱਕ ਦੋ ਹਫਤੇ ਦਾ ਡੇਅਰੀ ਸਿਖਲਾਈ ਕੋਰਸ ਚਲਾਇਆ ਗਿਆ. ਜਿਸ ਵਿਚ ਜਿਲ੍ਹਾ ਲੁਧਿਆਣਾ, ਫਤਿਹਗੜ ਸਾਹਿਬ , ਅਤੇ ਪਟਿਆਲਾ ਦੇ 28 ਸਿਖਿਆਰਥੀਆਂ ਨੇ ਭਾਗ ਲਿਆ. ਸਿਖਲਾਈ ਦੌਰਾਨ ਡੇਅਰੀ ਫਾਰਮਿੰਗ ਸੂਰੁ ਕਰਨ ਤੋਂ ਪਹਿਲਾਂ ਧਿਆਨ ਯੋਗ ਗੱਲਾਂ, ਦੁਧਾਰੂ ਪਸ਼ੂਆਂ ਦੀਆਂ ਨਸਲਾਂ, ਨਸਲ ਸੁਧਾਰ ਲਈ ਨਸਲਕਸੀ, ਸਾਰਾ ਸਾਲ ਹਰਾ ਚਾਰਾ ਪੈਦਾ ਕਰਨ ਦੀ ਵਿਉਂਤਬੰਦੀ, ਪਸੂਆਂ ਦੀ ਆਮ ਬੀਮਾਰੀਆਂ ਬਾਰੇ, ਦੁੱਧ ਦੀ ਫੈਟ£ ਐਸ਼ਐਨ ?ਐਫ ਬਾਰੇ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਸੰਤੁਲਿਤ ਪਸੂ ਖੁਰਾਕ ਤਿਆਰ ਕਰਨ ਅਤੇ ਵਰਤੋ, ਸਾਫ ਦੁੱਧ ਪੈਦਾ ਕਰਨ, ਡੇਅਰੀ ਫਾਰਮਿੰਗ ਦੀ ਆਰਥਿਕਤਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ. ਵਿਭਾਗੀ ਮਾਹਰਾਂ ਵਿਚੋਂ ਮਾਣਯੋਗ ਸ. ਬਲਵਿੰਦਰ ਸਿੰਘ (ਡਿਪਟੀ ਡਾਇਰੈਕਟਰ ਡੇਅਰੀ, ਲੁਧਿਆਣਾ), ਤ੍ਰਿਭਵਨਜੀਤ ਕੌਰ ਡੀ ?ਟੀ ਬੀਜਾ, ਸ੍ਰੀ ਬਾਲ ਕ੍ਰਿਸਨ ਡੇਅਰੀ ਵਿਕਾਸ ਇੰਸਪੈਕਟਰ, ਬੀਜਾ ਨੇ ਲਾਹੇਵੰਦ ਜਾਣਕਾਰੀ ਦਿੱਤੀ ਅਤੇ ਸਿਖਲਾਈ ਦੀ ਸਮਾਪਤੀ ਤੇ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ, ਐਮ. ਐਲ. ਏ, ਪਾਇਲ ਨੇ 06-05-22 ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਬੀਜਾ ਦਾ ਦੌਰਾ ਕੀਤਾ ਅਤੇ ਇੱਥੇ ਸਿਖਿਆਰਥੀਆਂ ਨੂੰ ਸੇਧ ਦੇਣ ਲਈ ਕੀਤੇ ਜਾਂਦੇ ਉਪਰਾਲਿਆਂ ਦਾ ਜਾਇਜਾ ਲਿਆ ਅਤੇ ਸਿਖਿਆਰਥੀਆਂ ਨੂੰ ਸਰਟੀਫਿਕੇਟਾਂ ਦੀ ਵੰਡ ਕੀਤੀ ਅਤੇ ਅਖੀਰ ਵਿਚ ਸ਼ਬਲਵਿੰਦਰ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਅਤੇ ਇੰਚਾਰਜ ਡੇਅਰੀ ਸਿਖਲਾਈ ਕੇਂਦਰ ਨੇ ਸਿਖਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਡੇਅਰੀ ਫਾਰਮਿੰਗ ਨੂੰ ਆਧੁਨਿਕ ਅਤੇ ਤਕਨੀਕੀ ਬਣਾਉਣ ਲਈ ਸਰਕਾਰ ਵੱਲੋਂ ਚਾਰਾ ਕੱਟਣ ਅਤੇ ਕੁਤਰਨ ਵਾਲੀ ਮਸੀਨ (ਚਾਫ ਕਟਰ), ਮਿਲਕਿੰਗ ਪਾਰਲਰ, ਮਿਲਕਿੰਗ ਮਸੀਨ, ਬਲਕ ਮਿਲਕ ਕੂਲਰ ਅਤੇ ਮਾਡਲ ਕੈਟਲ ਸੈਡ ਤੇ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ. ਨੌਜਵਾਨਾਂ ਨੂੰ ਡੇਅਰੀ ਦੇ ਧੰਦੇ ਨੂੰ ਵਪਾਰਕ ਲੀਹਾਂ ਤੇ ਚਲਾ ਕੇ ਵੱਧ ਤੋਂ ਵੱਧ ਮੁਨਾਫਾ ਕਮਾਉਣਾ ਚਾਹੀਦਾ ਹੈ ਇਸ ਉਪਰੰਤ ਸਮੂਹ ਸਟਾਫ਼ ਡੇਅਰੀ ਵਿਕਾਸ ਵਿਭਾਗ ਅਤੇ ਡੇਅਰੀ ਸਿਖਲਾਈ ਕੇਂਦਰ ਬੀਜਾ ਵੱਲੋਂ ਮੁੱਖ ਮਹਿਮਾਨ ਵਜੋਂ ਪਹੁੰਚੇ ਹਲਕਾ ਪਾਇਲ ਤੋਂ ਐਮਐਲਏ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਵਿਸ਼ੇਸ ਸਨਮਾਨ ਕੀਤਾ ਗਿਆ ਅਤੇ ਨਾਲ ਹੀ ਇੱਥੇ ਪਹੁੰਚਣ ਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ । ਡੇਅਰੀ ਟ੍ਰੇਨਿੰਗ ਪ੍ਰੋਗਰਾਮ ਦਾ ਅਗਲਾ ਬੈਚ ਮਿਤੀ 09-05-2022 ਤੋਂ ਸੂਰੂ ਹੋਵੇਗਾ ਚਾਹਵਾਨ ਸਿਖੀਆਰਥੀ ਵਧੇਰੇ ਜਾਣਕਾਰੀ ਲਈ ਬੀਜਾ ਸੈਂਟਰ 0128-264566 ਅਤੇ 0161-2400223 ਆਪਣੇ ਜਿਲੇ ਦੇ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ ਦੇ ਦਫਤਰ ਵਿਖੇ ਸੰਪਰਕ ਕੀਤਾ ਜਾਵੇ. ਇਸ ਮੌਕੇ ਹਾਜ਼ਰ ਯੂਥ ਆਗੂ ਹਰਜੀਤ ਸਿੰਘ ਖਰੇ ?, ਸੀਨੀਅਰ ਆਗੂ ਮੋਹਣ ? ਲਾਲ, ਅਮਰਦੀਪ ਸਿੰਘ ਕੂਹਲੀ,ਪੀ ਏ ? ਮਨਜੀਤ ਸਿੰਘ ਡੀ ਸੀ, ਕੁਲਜਿੰਦਰ ਸਿੰਘ ਦਹਿੜੂ , ਯਾਦਵਿੰਦਰ ਸਿੰਘ ਧਮੋਟ ਆਦਿ ਹਾਜ਼ਰ ਸਨ।

# ਡਾਕਟਰ ਨਿਸ਼ਾ ਸਾਹੀ ਵਲੋਂ ਅੱਜ ਖੇਤਰ ਵਿੱਚ ਮਿਸ਼ਨ ਇੰਦਰਧਨੁਸ਼ ਤਹਿਤ ਚੈਕਿੰਗ ਕੀਤੀ



**ਗੁਰਦਾਸਪੁਰ/ਨਵਨੀਤ ਕੁਮਾਰ**

ਡਿਪਟੀ ਡਾਇਰੈਕਟਰ ਸਿਹਤ ਵਿਭਾਗ ਡਾਕਟਰ ਨਿਸ਼ਾ ਸਾਹੀ ਵਲੋਂ ਅੱਜ ਖੇਤਰ ਵਿੱਚ ਮਿਸ਼ਨ ਇੰਦਰਧਨੁਸ਼ ਤਹਿਤ ਚੈਕਿੰਗ ਕੀਤੀ ਗਈ। ਡਾਕਟਰ ਨਿਸ਼ਾ ਸਾਹੀ ਨੇ ਪੀ.ਪੀ.ਯੂਨਿਟ , ਪਿੰਡ ਬਥਵਾਲਾ ਦੇ ਗੁਜਰਾਂ ਦੇ ਡੇਰੇ , ਬਥਵਾਲਾ ਭੱਠਾ , ਹਯਾਤਨਗਰ ਗੁਜਰਾਂ ਦੇ ਡੇਰੇ, ਸਲਮ ਏਰੀਆ ਗੁਰਦਾਸਪੁਰ ਵਿਖੇ ਚੈਕਿੰਗ ਕਰਕੇ 2 ਸਾਲ ਤੱਕ ਦੇ ਬੱਚਿਆ ਦਾ ਟੀਕਾਕਰਨ ਅਤੇ ਗਰਭਵਤੀ ਔਰਤਾਂ ਦੇ ਟੀਕਾਕਰਨ ਦਾ ਜਾਇਜ਼ਾ ਲਿਆ। ਟੀਕਾਕਰਨ ਦੇ ਕੰਮ ਤੇ ਉਨ੍ਹਾਂ ਤਸਲੀ ਪ੍ਰਗਟ ਕੀਤੀ। ਡਾਕਟਰ ਨਿਸ਼ਾ ਨੇ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਚੈਕਿੰਗ ਕੀਤੀ। ਮਰੀਜਾਂ ਨਾਲ ਗੱਲਬਾਤ ਕੀਤੀ। ਸਟਾਫ਼ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਕੰਮ ਵਿੱਚ ਬਿਹਤਰੀ ਦੇ ਸੁਝਾਓ ਦਿੱਤੇ। ਉਨ੍ਹਾਂ ਹਸਪਤਾਲ ਵਿੱਚ ਬਣ ਰਿਹੇ ਐਮ.ਸੀ.ਐਚ. ਵਾਰਡ ਦੇ ਕੰਮ ਦਾ ਜਾਇਜਾ ਲਿਆ।

# ਸੁਣਨ ਤੋਂ ਕਮਜ਼ੋਰ ਲੋਕਾਂ ਲਈ ਚੰਡੀਗੜ੍ਹ ਵਿੱਚ ਆਨੰਦ ਹੇਅਰਿੰਗ ਕੇਅਰ ਸੈਂਟਰ ਖੋਲ੍ਹਿਆ ਗਿਆ ਹੈ







**ਚੰਡੀਗੜ੍ਹ/ਲੋਕ ਬਾਣੀ**

ਵਾਈਡੈਕਸ ਨੇ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਇੱਕ ਅਤਿ-ਆਧੁਨਿਕ ਹੇਅਰਿੰਗ ਹੈਲਥਕੇਅਰ ਕਲੀਨਿਕ - ਆਨੰਦ ਹੇਅਰਿੰਗ ਕੇਅਰ ਸੈਂਟਰ ਖੋਲ੍ਹਣ ਦਾ ਐਲਾਨ ਕੀਤਾ ਹੈ। ਕਲੀਨਿਕ ਦਾ ਉਦਘਾਟਨ ਅਵਿਨਾਸ਼ ਪਵਾਰ, ਸੀਈਓ, ਵਾਈਡੈਕਸ ਇੰਡੀਆ ਅਤੇ ਪਦਮਸ਼੍ਰੀ ਸਈਅਦ ਕਿਰਮਾਨੀ, ਸਾਬਕਾ ਟੈਸਟ ਕ੍ਰਿਕਟਰ ਦੁਆਰਾ ਕੀਤਾ ਗਿਆ, ਜਦੋਂ ਕਿ ਦੇਸ਼ ਭਰ ਵਿੱਚ ਫੈਲੇ ਆਨੰਦ ਹੇਅਰਿੰਗ ਕੇਅਰ ਕਲੀਨਿਕ ਦੇ ਐਮਡੀ ਟੀਐਸ ਆਨੰਦ ਨੇ ਇਸ ਮੌਕੇ ਹਾਜ਼ਰੀ ਭਰੀ। ਇਹ ਕੇਂਦਰ ਆਧੁਨਿਕ ਯੁੱਗ ਦੇ ਹੇਅਰਿੰਗ ਦੀ ਦੇਖਭਾਲ ਕਰਨ ਵਾਲੇ ਪ੍ਰਦਾਤਾ ਹਨ ਜੋ ਪ੍ਰਭਾਵਿਤ ਲੋਕਾਂ ਨੂੰ ਉੱਚ ਪੱਧਰੀ ਹੱਲ ਪ੍ਰਦਾਨ ਕਰਦੇ ਹਨ।

ਵਿਸ਼ਵ ਸਿਹਤ ਸੰਗਠਨ ਦੁਆਰਾ ਭਾਰਤ ਵਿੱਚ ਅੰਦਾਜ਼ਨ 63 ਮਿਲੀਅਨ ਲੋਕ ਸੁਣਨ ਦੀ ਕਮਜ਼ੋਰੀ ਤੋਂ ਪੀੜਤ ਹਨ, ਜੋ ਕਿ ਦੇਸ਼ ਦੀ ਕੁੱਲ ਆਬਾਦੀ ਦਾ 6.3% ਹੈ। ਇਸ ਦਾ ਮੁੱਖ ਕਾਰਨ ਸੀਮਤ ਬੁਨਿਆਦੀ ਢਾਂਚੇ ਅਤੇ ਹੇਅਰਿੰਗ ਦੀ ਦੇਖਭਾਲ ਦੇ ਇਲਾਜ ਤੱਕ ਪਹੁੰਚ ਦੀ ਘਾਟ ਹੈ।

ਇਸ ਮੌਕੇ ਪਵਾਰ ਨੇ ਕਿਹਾ ਕਿ ਭਾਰਤ ਦੀ ਜ਼ਿਆਦਾਤਰ ਆਬਾਦੀ ਸੁਣਨ ਦੀ ਕਮਜ਼ੋਰੀ ਤੋਂ ਪੀੜਤ ਹੈ। ਭਾਰਤ ਵਿੱਚ ਵਾਲਾਂ ਦੇ ਸੰਵਾਰਨ ਦੇ ਬੁਨਿਆਦੀ ਢਾਂਚੇ ਅਤੇ ਪਹੁੰਚਯੋਗਤਾ ਦੀ ਘਾਟ ਹੈ। ਉਨ੍ਹਾਂ ਕਿਹਾ ਕਿ ਉਹ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਕੇ, ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਕੇ ਅਤੇ ਵਧੀਆ।

# ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਜੰਡਿਆਲਾ ਵਿਖੇ ਚੱਲ ਰਹੇ ਪ੍ਰਾਜੈਕਟਾਂ ਦਾ ਲਿਆ ਜਾਇਜਾ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ:-** ਲੋਕ ਨਿਰਮਾਣ ਵਿਭਾਗ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਵਿਖੇ ਵੱਖ ਵੱਖ ਤਰ੍ਹਾਂ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਅਤੇ ਇਨ੍ਹਾਂ ਵਿਕਾਸ ਕਾਰਜਾਂ ਦਾ ਜਾਇਜਾ ਲੈਂਦੇ ਹੋਏ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪ੍ਰਾਜੈਕਟਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ ਅਤੇ ਇਨ੍ਹਾਂ ਦੀ ਗੁਣਵੱਤਾ ਦਾ ਖਾਸ ਧਿਆਨ ਰੱਖਿਆ ਜਾਵੇ। ਸ੍ਰ ਹਰਭਜਨ ਸਿੰਘ ਨੇ ਵਿਕਾਸ ਕਾਰਜਾਂ ਦਾ ਜਾਇਜਾ ਲੈਂਦਿਆਂ ਕਿਹਾ ਕਿ ਗਹਿਰੀ ਮੰਡੀ ਤੋਂ ਖਜਾਲਾ ਸੜਕ ਉਪਰ ਅੰਮ੍ਰਿਤਸਰ-ਦਿੱਲੀ ਰੇਲਵੇ ਕਰਾਸਿੰਗ ਤੇ ਇਕ ਆਰ:ਓ:ਬੀ ਪ੍ਰਾਜੈਕਟ ਦੀ ਫਿਜੀਬਲਟੀ ਨੂੰ ਤੁਰੰਤ ਪੂਰਾ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਆਰ:ਓ:ਬੀ ਨਾਲ ਇਲਾਕਾ ਵਾਸੀਆਂ ਨੂੰ ਅਤੇ ਇਸ ਇਲਾਕੇ ਵਿੱਚ ਪੈਂਦੀਆਂ ਮੰਡੀਆਂ, ਸਟੋਰੇਜ, ਯਾਰਡਜ਼ ਆਦਿ ਦੇ ਹੈਵੀ ਟ੍ਰੈਫਿਕ ਦੀ ਸਮੱਸਿਆ ਨੂੰ ਠੱਲ ਪਾਉਣ ਵਿੱਚ ਕਾਫੀ ਸਹੂਲਤ ਮਿਲੇਗੀ। ਸ੍ਰ ਹਰਭਜਨ ਸਿੰਘ ਨੇ ਇਸ ਤੋਂ ਇਲਾਵਾ ਅੱਡਾ ਬੋਪਾਰਾਏ ਤੋਂ ਗਹਿਰੀ ਮੰਡੀ ਤੱਕ ਯੂ:ਬੀ:ਡੀ:ਸੀ ਕਨਾਲ ਦੀ ਪਟੜੀ ਦੇ ਨਾਲ ਨਾਲ ਨਵੀਂ ਸੜਕ ਦੀ ਉਸਾਰੀ ਕੀਤੇ ਜਾਣ ਦੇ ਪ੍ਰਾਜੈਕਟ ਬਾਰੇ ਵੀ ਜਾਇਜਾ ਲਿਆ। ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਨੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਅੰਮ੍ਰਿਤਸਰ-ਜਲੰਧਰ ਤੋਂ ਗਹਿਰੀ ਰੇਲਵੇ ਸਟੇਸ਼ਨ ਨੂੰ ਜਾਂਦੀ ਸੜਕ ਦੇ ਆਲੇ ਦੁਆਲੇ ਦੇ ਸੁੰਦਰੀਕਰਨ ਲਈ ਨਵੇਂ ਉਪਰਾਲੇ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸੜਕ ਤੇ ਬਣੇ ਬਰਮਾ ਨੂੰ ਪੱਕਾ ਕਰਨ ਲਈ ਇੰਟਰਲਾਕਿੰਗ ਟਾਈਲਾਂ ਦਾ ਉਪਬੰਧ ਕੀਤਾ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਹਲਕਾ ਜੰਡਿਆਲਾ ਦੀਆਂ 5 ਅਹਿਮ ਸੜਕਾਂ ਨੂੰ ਨਬਾਰਡ ਪ੍ਰੋਜਲ ਵਿੱਚ ਲੈਂਦੇ ਹੋਏ, ਸੜਕਾਂ ਨੂੰ 10 ਫੁੱਟ ਤੋਂ 18 ਫੁੱਟ ਤੱਕ ਚੌੜਾ ਕਰਨ ਦਾ ਪ੍ਰੋਜਲ ਤਿਆਰ ਕਰਨ ਲਈ ਕਿਹਾ। ਕੈਬਨਿਟ ਮੰਤਰੀ ਵੱਲੋਂ ਜੰਡਿਆਲਾ ਬਾਈਪਾਸ ਨੂੰ ਸੂਏ ਦੇ ਨਾਲ ਨਾਲ ਲਿਜਾਣ ਲਈ ਨਵੀਂ ਤਜਵੀਜ ਤਿਆਰ ਕਰਨ ਦੇ ਆਦੇਸ਼ ਵੀ ਦਿੱਤੇ। ਸ੍ਰ ਹਰਭਜਨ ਸਿੰਘ ਵੱਲੋਂ ਜੰਡਿਆਲਾ ਕਸਬੇ ਦੇ ਬਾਹਰਵਾਰ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜਾ ਲੈਂਦੇ ਹੋਏ ਸਪਸ਼ਟ ਸ਼ਬਦਾ ਵਿੱਚ ਕਿਹਾ ਕਿ ਗੁਣਵੱਤਾ ਦੇ ਕੰਮਾਂ ਵਿੱਚ ਕੋਈ ਵੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਪ੍ਰਾਜੈਕਟਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ। ਇਸ ਮੌਕੇ ਉਨ੍ਹਾਂ ਦੇ ਨਾਲ ਐਕਸੀਅਨ ਇੰਦਰਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜਰ ਸਨ।

Website : www.lokbani.com
lokbani08@gmail.com

# ਸੋਸ਼ਲ ਮੀਡੀਆ @ਤੇ ਵਾਇਰਲ ਦੁੱਧ ਨਾਲ ਨਹਾਉਂਦੇ ਵਿਅਕਤੀ ਦੀ ਵੀਡੀਓ ਦਾ ਵੇਰਕਾ ਨਾਲ ਕੋਈ ਸਬੰਧ ਨਹੀਂ

## ਵੀਡੀਓ ਤੁਰਕੀ ਦੇ ਸੈਂਟਰਲ ਐਂਟੋਨੀਅਨ ਸੂਬੇ ਦੇ ਕੋਨੀਆ ਨਾਮਕ ਕਸਬੇ ਵਿੱਚ ਫਿਲਮਾਏ ਜਾਣ ਦੀ ਹੋਈ ਪੁਸ਼ਟੀ

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਅੱਜ ਕੱਲ ਸੋਸ਼ਲ ਮੀਡੀਆ ਤੇ ਦੁੱਧ ਨਾਲ ਨਹਾਉਂਦੇ ਇੱਕ ਵਿਅਕਤੀ ਦੀ ਵੀਡੀਓ ਸਮਾਜ ਦੇ ਕੁਝ ਬੇਈਮਾਨ ਅਤੇ ਗੈਰ-ਜਿੰਮੇਦਾਰ ਅਨਸਰਾਂ ਵਲੋਂ ਵੇਰਕਾ ਨਾਲ ਸਬੰਧਤ ਲਿਖ ਕੇ ਸੋਸ਼ਲ ਮੀਡੀਆ ਤੇ ਵਾਇਰਲ ਕੀਤੀ ਜਾ ਰਹੀ ਹੈ। ਡੇਅਰੀ ਉਦਯੋਗ ਵਿੱਚ ਵੇਰਕਾ ਦੀ ਵੱਧ ਰਹੀ ਪ੍ਰਸਿੱਧੀ ਅਤੇ ਇਸ ਦੇ ਸਹਿਕਾਰੀ ਬ੍ਰਾਂਡ ਦੇ ਸਾਫ ਅਕਸ਼ ਨੂੰ ਖਰਾਬ ਕਰਨ ਦੀ ਇਹ ਘਿਨੌਣੀ ਹਰਕਤ ਸਮਾਜ ਅਤੇ ਲੋਕ ਵਿਰੋਧੀ ਅਨਸਰਾਂ ਵੱਲੋਂ ਕੀਤੀ ਗਈ ਹੈ।

ਇੱਥੇ ਜ਼ਿਕਰਯੋਗ ਹੈ ਕਿ ਵੇਰਕਾ ਦੇ ਸਾਰੇ ਮਿਲਕ ਪਲਾਂਟ ਫੂਡ ਸੇਫਟੀ ਐਂਡ ਸਟੈਂਡਰਡ ਅਥਾਰਟੀ ਆਫ ਇੰਡੀਆ 2006(6♥♥19) ਦੁਆਰਾ ਨਿਰਧਾਰਤ ਸਾਰੀਆਂ ਕਾਨੂੰਨੀ ਜਰੂਰਤਾਂ ਨੂੰ ਪੂਰਾ ਕਰ ਰਹੇ ਹਨ ਅਤੇ ਉਸ ਮੁਤਾਬਿਕ ਕੰਮ ਕਰ ਰਹੇ ਹਨ।

ਸੋਸ਼ਲ ਮੀਡੀਆ ਪਲੇਟਫਾਰਮ @ਤੇ ਵਾਇਰਲ ਵੀਡੀਓ ਦੇ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਇਹ ਵੀਡੀਓ ਲਗਭਗ 2 ਸਾਲ ਪੁਰਾਣਾ ਹੈ ਅਤੇ ਇਸ ਵੀਡੀਓ ਦਾ ਵੇਰਕਾ ਨਾਲ ਕੋਈ ਸਬੰਧ ਨਹੀ ਹੈ ਅਤੇ ਇਹ ਵੀਡੀਓ ਤੁਰਕੀ ਦੇ ਸੈਂਟਰਲ ਐਂਟੋਨੀਅਨ ਸੂਬੇ ਦੇ ਕੋਨੀਆ ਨਾਮਕ ਕਸਬੇ ਵਿੱਚ ਫਿਲਮਾਏ ਜਾਣ ਦੀ ਪੁਸ਼ਟੀ ਹੋਈ ਹੈ। ਦੁੱਧ ਦੇ ਟੈਂਕ ਵਿੱਚ ਜੋ ਆਦਮੀ ਨਹਾਉਂਦਾ ਦਿਖਾਈ ਦੇ ਰਿਹਾ ਹੈ ਉਸਦਾ ਨਾਮ ਐਮਰੇ ਸਯਾਰ ਹੈ। ਉਕਤ ਵੀਡੀਓ ਟੀਕ-ਟਾਕ ਰਾਹੀਂ ਤੁਰਕੀ ਦੇ ਵਸਨੀਕ ਉੱਗਰ ਉਰਗਤ ਦੁਆਰਾ ਅਪਲੋਡ ਕੀਤੇ ਜਾਣ ਦੀ ਪੁਸ਼ਟੀ ਕੀਤੀ ਗਈ ਹੈ ਅਤੇ ਵੀਡੀਓ ਨੂੰ ਅਪਲੋਡ ਕਰਨ ਤੋਂ ਬਾਅਦ ਦੋਵਾਂ ਨੂੰ ਤੁਰਕੀ ਸਰਕਾਰ ਨੇ ਗ੍ਰਿਫਤਾਰ ਕਰ ਲਿਆ ਸੀ।

ਜ਼ਿਕਰਯੋਗ ਹੈ ਕਿ ਕੋਵਿਡ-19 ਮਹਾਂਮਾਰੀ ਦੇ ਸਭ ਤੋਂ ਔਖੇ ਸਮੇਂ ਦੌਰਾਨ ਵੇਰਕਾ ਨੇ ਡੇਅਰੀ ਦੇ ਕੁਆਲਟੀ ਮਾਪਦੰਡਾਂ ਅਨੁਸਾਰ ਦੁੱਧ ਦੀ ਸੰਭਾਲ ਕੀਤੀ ਹੈ ਅਤੇ ਆਪਣੇ ਖ਼ਪਤਕਾਰਾਂ ਨੂੰ ਗੁਣਵੱਤਾ ਭਰਪੂਰ ਅਤੇ ਸੁਰੱਖਿਅਤ ਦੁੱਧ ਅਤੇ ਦੁੱਧ ਦੇ ਪਦਾਰਥਾਂ ਨੂੰ ਮੁਹੱਈਆ ਕਰਵਾਉਣ ਵਿੱਚ ਅਹਿਮ ਯੋਗਦਾਨ ਨਿਭਾਇਆ ਹੈ। ਵਾਇਰਲ ਵੀਡੀਓ ਦੀ ਤਸਦੀਕ ਸਪਸ਼ੱਟ ਤੌਰ @ਤੇ ਦਰਸਾਉਂਦੀ ਹੈ ਕਿ ਉਕਤ ਕਾਰਵਾਈ ਵੇਰਕਾ ਬ੍ਰਾਂਡ ਦੀ ਨਿੱਤ ਵੱਧ ਰਹੀ ਪ੍ਰਸਿੱਧੀ ਨੂੰ ਖਰਾਬ ਕਰਨ ਦੇ ਇਰਾਦੇ ਨਾਲ ਕੀਤੀ ਗਈ ਹੈ। ਮੈਨੇਜਿੰਗ ਡਾਇਰੈਕਟਰ ਮਿਲਕਫੈਡ, ਪੰਜਾਬ ਨੇ

**• ਡੇਅਰੀ ਉਦਯੋਗ 'ਚ ਵੇਰਕਾ ਦੇ ਸਾਫ ਅਕਸ਼ ਨੂੰ ਖਰਾਬ ਕਰਨ ਦੀ ਘਿਨੌਣੀ ਹਰਕਤ, ਸਮਾਜ ਤੇ ਲੋਕ ਵਿਰੋਧੀ ਅਨਸਰਾਂ ਵੱਲੋਂ ਕੀਤੀ ਗਈ**

ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ ਅਤੇ ਇਸ ਦੇ ਵਿਰੁੱਧ ਸੂਚਨਾ ਤਕਨਾਲੋਜੀ ਐਕਟ, 2000 ਦੇ ਤਹਿਤ ਸਾਈਬਰ ਸੈਲ ਵਿੱਚ ਸ਼ਿਕਾਇਤ ਦਰਜ਼ ਕਰਵਾਈ ਹੈ ਤਾਂ ਜੋ ਸਮਾਜ ਦੇ ਬੇਈਮਾਨ ਅਤੇ ਗੈਰ-ਜਿੰਮੇਦਾਰ ਅਨਸਰਾਂ ਵਿਰੁੱਧ ਲੋੜੀਂਦੀ ਬਣਦੀ ਕਾਨੂੰਨੀ ਕਰਵਾਈ ਕੀਤੀ ਜਾ ਸਕੇ।

ਵੇਰਕਾ ਇੱਕ ਵਾਰ ਫੇਰ ਆਪਣੇ ਖਪਤਕਾਰਾਂ ਨੂੰ ਭਰੋਸਾ ਦਿਵਾਉਂਦਾ ਹੈ ਕਿ ਮਿਲਕਫੈਡ ਪੰਜਾਬ ਰਾਜ ਦਾ ਇੱਕ ਸਹਿਕਾਰੀ ਅਦਾਰਾ ਹੈ ਜੋ ਕਿ ਪਿਛਲੇ 50 ਸਾਲਾਂ ਤੋਂ ਆਪਣੇ ਦੁੱਧ ਉਤਪਾਦਕਾਂ ਦੀ ਸੇਵਾ ਕਰ ਰਿਹਾ ਹੈ ਅਤੇ ਵੇਰਕਾ ਬ੍ਰਾਂਡ ਨਾਮ ਦੇ ਤਹਿਤ ਉੱਚ ਗੁਣਵੱਤਾ ਵਾਲੇ ਦੁੱਧ ਅਤੇ ਦੁੱਧ ਉਤਪਾਦਾਂ ਦੀ ਮਾਰਕੀਟਿੰਗ ਅਤੇ ਵਿਕਰੀ ਨਾ ਸਿਰਫ ਭਾਰਤੀ ਬਲਕਿ ਅੰਤਰਾਸ਼ਟਰੀ ਬਾਜਾਰਾਂ ਵਿੱਚ ਵੀ ਕਰ ਰਿਹਾ ਹੈ। ਮਿਲਕਫੈਡ ਨੂੰ ਇਹ ਸਾਂਝਾ ਕਰਨ ਵਿੱਚ ਮਾਣ ਮਹਿਸੂਸ ਹੁੰਦਾ ਹੈ ਕਿ ਇਸ ਦੀ ਗੁਣਵੱਤਾ ਅਤੇ ਭਰੋਸੇਮੰਦ ਅਤੇ ਸੁਰੱਖਿਅਤ ਉਤਪਾਦਾਂ ਦੀ ਡਿਲੀਵਰੀ ਦੇ ਕਾਰਨ ਇਸ ਦੇ ਉਤਪਾਦਾਂ ਨੂੰ ਹਰ ਮੋਰਚੇ @ਤੇ ਸਰਪਰੱਸਤੀ ਪ੍ਰਾਪਤ ਹੋਣ ਕਰਕੇ ਆਪਣੇ ਗ੍ਰਾਹਕਾਂ ਤੋਂ ਸ਼ਾਨਦਾਰ ਹੁੰਗਾਰਾ ਮਿਲ ਰਿਹਾ ਹੈ। ਇਸ ਸਰਪ੍ਰਸਤੀ ਨੇ ਨਾ ਸਿਰਫ ਵੇਰਕਾ ਦੇ ਬ੍ਰਾਂਡ ਦੀ ਦਿੱਖ ਨੂੰ ਮਜ਼ਬੂਤ ਕਰਨ ਵਿੱਚ ਸਹਾਈ ਹੋਈ ਹੈ ਸਗੋਂ ਇਸ ਨਾਲ ਵਿਕਰੀ ਵਿੱਚ ਵੀ ਕਈ ਗੁਣਾਂ ਵਾਧਾ ਹੋਇਆ ਹੈ ਜਿਵੇਂ ਕਿ ਵਿੱਤੀ ਸਾਲ 2021-22 ਦੌਰਾਨ ਮਿਲਕਫੈਡ ਨੇ ਵਿੱਤੀ ਸਾਲ 2020-21 ਦੀ ਵਿਕਰੀ ਪ੍ਰਾਪਤੀ ਦੇ ਮੁਕਾਬਲੇ ਵਿੱਚ ਪੈਕਡ ਵਾਲੇ ਦੁੱਧ ਵਿੱਚ 10 ਫੀਸਦ, ਦਹੀਂ ਵਿੱਚ 38 ਫੀਸਦ, ਲੱਸੀ ਵਿੱਚ 24 ਫੀਸਦ ਅਤੇ ਖੀਰ ਵਿੱਚ 30 ਫੀਸਦ ਸਾਲਾਨਾ ਵਾਧਾ ਦਰਜ਼ ਕੀਤਾ ਹੈ।

ਮਿਲਕਫੈਡ ਵੱਲੋਂ ਐਮਬੀਅਟ ਤਾਪਮਾਨ ਵਿੱਚ ਰੱਖੇ ਜਾਣ ਵਾਲੇ ਦੁੱਧ ਪਦਾਰਥਾਂ ਦੀ ਵਿਕਰੀ ਅਤੇ ਆਈਸਕ੍ਰੀਮ ਦੀ ਵਿਕਰੀ ਵਿੱਚ ਚੋਖਾ ਵਾਧਾ ਦਰਜ਼ ਕੀਤਾ ਹੈ। ਮਿਲਕਫੈਡ ਨੇ ਡੇਅਰੀ ਵਾਈਟਨਰ ਵਿੱਚ 82 ਫੀਸਦ, ਆਈਸਕ੍ਰੀਮ ਵਿੱਚ 51 ਫੀਸਦ, ਯੂ.ਐਚ.ਟੀ. ਦੁੱਧ ਵਿੱਚ 31 ਫੀਸਦ, ਘਿਓ ਵਿੱਚ 14 ਫੀਸਦ, ਮਿੱਠੇ ਦੁੱਧ ਅਤੇ ਲੱਸੀ ਵਿੱਚ ਵੀ 39 ਫੀਸਦ ਦਾ ਵਿਕਰੀ ਵਾਧਾ ਰਿਕਾਰਡ ਕੀਤਾ ਹੈ।

ਇਸ ਲਈ ਅਪੀਲ ਕੀਤੀ ਜਾਂਦੀ ਹੈ ਕਿ ਜਿਸ ਵੀ ਸੋਸ਼ਲ ਮੀਡੀਆ ਗਰੁੱਪ ਵਿੱਚ ਇਹ ਵੀਡੀਓ ਚਲਾਈ ਜਾ ਰਹੀ ਹੋਵੇ ਇਸ ਸਬੰਧੀ ਇਸ ਪੋਸਟ ਨੂੰ ਡੀਲੀਟ ਕਰਵਾਇਆ ਜਾਵੇ ਕਿਉਂਕਿ ਇਹ ਕਿਸੇ ਵੀ ਤਰ੍ਹਾਂ ਨਾਲ ਵੇਰਕਾ ਨਾਲ ਸਬੰਧਤ ਨਹੀਂ ਹੈ ਅਤੇ ਕੇਵਲ ਸਾੜੇ ਦੀ ਭਾਵਨਾ ਨਾਲ ਖ਼ਪਤਕਾਰਾਂ ਨੂੰ ਗੁੰਮਰਾਹ ਕਰਕੇ ਵੇਰਕਾ ਦੀ ਵੱਧ ਰਹੀ ਲੋਕਪ੍ਰਿਯਤਾ ਨੂੰ ਠੇਸ ਲਾਉਣ ਲਈ ਪਾਈ ਗਈ ਹੈ ਜਿਸ ਨਾਲ ਅਨੇਕਾਂ ਦੁੱਧ ਉਤਪਾਦਕਾਂ ਦਾ ਨੁਕਸਾਨ ਹੋਵੇਗਾ ਅਤੇ ਜੋ ਵੀ ਗੈਰ-ਜਿੰਮੇਵਾਰ ਢੰਗ ਨਾਲ ਸੋਸ਼ਲ ਮੀਡੀਆ @ਤੇ ਇਸ ਵੀਡੀਓ ਨੂੰ ਵਾਇਰਲ ਕਰੇਗਾ ਉਸ ਵਿਰੁੱਧ ਵੇਰਕਾ ਦੁਆਰਾ ਸੂਚਨਾ ਤਕਨਾਲੋਜੀ ਐਕਟ 2000 ਅਧੀਨ ਕਾਰਵਾਈ ਕੀਤੀ ਜਾਵੇਗੀ।

# ਅੱਜ ਮਨੁੱਖ ਆਪਣੇ ਸੁਆਰਥ ਪੂਰੇ ਕਰਨ ਲਈ ਦੂਜੇ ਦੀ ਜ਼ਿੰਦਗੀ ਨਾਲ ਕਰ ਰਿਹਾ ਖਿਲਵਾੜ

**ਮੋਗਾ/ਫਤਿਹਗੜ੍ਹ/ਪੰਜਤੂਰ ਦਵਿੰਦਰ ਸਿੰਘ/ਬਿੱਟੂ ਸਹੋਤਾ**

ਅੱਜ ਦੇ ਸਮੇਂ ਹਰ ਇਨਸਾਨ ਆਪਣਾ ਸਵਾਰਥ ਪੂਰਾ ਕਰਦਾ ਹੈ ਤੂੰ ਮਰਦਾ ਤਾਂ ਮਰੀ ਜਾ ਮੈਨੂੰ ਕੀ ਫ਼ਰਕ ਪੈਂਦਾ ਹੈ । ਪਰ ਜਦੋਂ ਕਿਤੇ ਆਪਣੇ ਗੋਡੇ ਗਿੱਟੇ ਨੂੰ ਲੱਗਦੀ ਹੈ ਤਾਂ ਫਿਰ ਅੱਗਿਓਂ ਮੱਤਾਂ ਦਿੰਦਾ ਥੱਕਦਾ ਨਹੀਂ ਕਿ ਇਨਸਾਨ ਨੂੰ ਕੀ ਕਰਨਾ ਚਾਹੀਦਾ ਹੈ, ਤੇ ਮਨੁੱਖ ਨੂੰ ਕੁਦਰਤ ਦੀਆਂ ਦਿੱਤੀਆਂ ਇੱਛਾਵਾਂ ਹੇਠ ਰਹਿਣਾ ਚਾਹੀਦਾ ਹੈ, ਇਨ੍ਹਾਂ ਨਾਲ ਖਿਲਵਾੜ ਨਹੀਂ ਕਰਨਾ ਚਾਹੀਦਾ ਸਮਝ ਨਹੀਂ ਲੱਗੀ ਉਹੀ ਇਨਸਾਨ ਠੋਕਰ ਲੱਗਣ ਤੇ ਕਿਉਂ ਸਮਝ ਜਾਂਦਾ ਹੈ। ਜਦ ਕਿ ਪਹਿਲਾਂ ਹਵਾ ਵਿੱਚ ਤੀਰ ਮਾਰਦਾ ਰਹਿੰਦਾ ਹੈ, ਅਜਿਹੇ ਵਿਚਾਰ ਉਦੋਂ ਸਮਝ ਵਿੱਚ ਆਏ ਜਦੋਂ ਕਸਬਾ ਫਤਹਿਗੜ੍ਹ ਪੰਜਤੂਰ ਤੋਂ ਸ਼ਾਹ ਅਬੁਬੱਕਰ ਰੋਡ ਤੇ ਖੇਤਾਂ ਵਿਚ ਲੱਗੀ ਅੱਗ ਨੇ ਯਾਦ ਕਰਾ ਦਿੱਤੇ ਕਿਉਂ ਕਿ ਸੜਕ ਦੇ ਕਿਨਾਅਰੇ ਨਾਲ ਲੱਗੇ ਸਰਕਾਰੀ ਦਰੱਖਤਾਂ ਦੀ ਠੰਢੀ ਛਾਂ ਮਨ ਨੂੰ ਸ਼ਾਂਤੀ ਅਤੇ ਤੱਪਦੀ ਗਰਮੀ ਤੋਂ ਰਾਹਤ ਦਿੰਦੀ ਹੈ , ਉੱਥੇ ਹੀ ਹਰ ਮਨੁੱਖ ਨੂੰ ਜਿਉਣ ਲਈ ਆਕਸੀਜਨ ਵੀ ਪ੍ਰਦਾਨ ਕਰਦੀ ਹੈ ਪਰ ਇਨਸਾਨ ਆਪਣੇ ਛੋਟੇ ਜਿਹੇ ਫ਼ਾਇਦੇ ਲਈ ਸਭ ਕੁਝ ਭੁੱਲ ਜਾਂਦਾ ਹੈ, ਕਿ ਮੈਂ ਕਿਹੜਾ ਗੁਨਾਹ ਕਰ ਰਿਹਾ ਹਾਂ, ਜਿਸ ਦੀ ਸਜ਼ਾ ਮੈਨੂੰ ਕਦੇ ਵੀ



ਮਿਲ ਸਕਦੀ ਹੈ । ਜਿਸ ਤਰ੍ਹਾਂ ਅੱਜ ਖੇਤਾਂ ਦੀਆਂ ਫ਼ਸਲਾਂ ਦੀ ਰੂਦ ਖ਼ੂੰਦ ਨੂੰ ਕਿਸਾਨਾਂ ਵੱਲੋਂ ਅੱਗ ਲਗਾਈ ਜਾਂਦੀ ਹੈ , ਤੇ ਸੜਕਾਂ ਦੇ ਕਿਨਾਰੇ ਖਡ੍ਹੇ ਦਰੱਖਤ ਵੀ ਝੁਲਸ ਜਾਂਦੇ ਹਨ। ਅਤੇ ਕਈ ਥਾਵਾਂ ਤੇ ਤਾਂ ਅਜਿਹੀ ਭਿਆਨਕ ਅੱਗ ਲੱਗਦੀ ਹੈ ਕਿ ਦਰੱਖਤ ਹੀ ਸੜ ਕੇ ਸੁਆਹ ਹੋ ਜਾਂਦੇ ਹਨ ਅਤੇ ਕਈ ਦਰੱਖਤਾਂ ਦੇ ਮੁੱਢ ਇੰਨੇ ਪੋਲੇ ਹੋ ਜਾਂਦੇ ਹਨ । ਕਿ ਤੇਜ ਹਨ੍ਹੇਰੀ ਦੇ ਪਹਿਲੇ ਝਟਕੇ ਵਿੱਚ ਹੀ ਡਿੱਗ ਜਾਂਦੇ ਹਨ, ਤੇ ਉਦੋਂ ਕਿਸੇ ਦਾ ਵੀ ਜਾਨੀ ਜਾਂ ਮਾਲੀ ਨੁਕਸਾਨ ਹੋ ਸਕਦਾ ਹੈ। ਇਸ ਲਈ ਹਰ ਇਨਸਾਨ ਨੂੰ ਆਪਣਾ ਫ਼ਰਜ਼ ਸਮਝ ਕੇ ਖੇਤਾਂ ਵਿੱਚ ਅੱਗ ਲਗਾਉਣੀ ਚਾਹੀਦੀ ਹੈ ਸੜਕਾਂ ਦੇ ਕਿਨਾਰੇ ਖਡ੍ਹੇ ਦਰੱਖਤਾਂ ਨੂੰ ਧਿਆਨ ਹੇਠ ਰੱਖਣਾ ਚਾਹੀਦਾ ਹੈ ਜਿਸ ਤਰ੍ਹਾਂ ਅਸੀਂ ਖੇਤਾਂ ਵਿਚ ਲੱਗੀ ਆਪਣੀ ਸਬਜ਼ੀ , ਪਸ਼ੂਆਂ ਦੇ ਚਾਰੇ ਅਤੇ ਬੀਜੀਆਂ ਹੋਈਆਂ ਫ਼ਸਲਾਂ ਦਾ ਖ਼ਿਆਲ ਰੱਖਦੇ ਹਾਂ , ਕਿਉਂਕਿ ਉਹ ਸਾਡਾ ਆਪਣਾ ਨੁਕਸਾਨ ਹੁੰਦਾ ਹੈ ਅਸੀਂ ਸੜਕਾਂ ਦੇ ਨਾਲ ਲਗਾਏ ਹੋਏ ਦਰੱਖਤਾਂ ਨੂੰ ਲਾਵਾਰਸ ਵੇਖ ਕੇ ਛੱਡ ਦਿੰਦੇ ਹਾਂ ਇਹ ਵੀ ਸਾਡਾ ਨੁਕਸਾਨ ਹੈ ਜਿਸ ਨਾਲ ਅਸੀਂ ਮੁਨੱਖਤਾ ਦੀਆਂ ਕੀਮਤੀ ਜਾਨਾਂ ਨਾਲ ਖਿਲਵਾੜ ਕਰਦੇ ਹਾਂ, ਤੇ ਫਿਰ ਪਛਤਾਵਾ ਕਰਦੇ ਹਾਂ ਇਸੇ ਲਈ ਹੀ ਕਹਾਵਤ ਬਣੀ ਹੈ ਕਿ ਤਬ ਪਛਤਾਇਆ ਕਿਆ ਕਰੇ ਜਬ ਚਿੜੀਆ ਚੁਗ ਗਈ ਖੇਤ , ਕੀ ਇਹ ਸਬ ਵਾਪਰ ਰਹੀਆਂ ਦੁਰਘਟਨਾਵਾਂ ਲਈ ਸਰਕਾਰ ਜ਼ਿੰਮੇਵਾਰ ਨਹੀਂ ਹੈ, ਕੀ ਇਸ ਦਾ ਜੰਗਲਾਤ ਵਿਭਾਗ ਜ਼ਿੰਮੇਵਾਰ ਨਹੀਂ ਹੈ । ਜੇਕਰ ਜ਼ਿੰਮੇਵਾਰ ਹੈ ਤਾਂ ਇਸ ਸਬੰਧੀ ਠੋਸ ਕਦਮ ਕਿਉਂ ਨਹੀਂ ਪੁੱਟ ਰਿਹਾ, ਇਸ ਲਈ ਸਾਨੂੰ ਸਭ ਨੂੰ ਇਸ ਪ੍ਰਤੀ ਵਿਚਾਰ ਕਰਨਾ ਚਾਹੀਦਾ ਹੈ ਨਹੀਂ ਤਾਂ ਆਉਣ ਵਾਲਾ ਸਮਾਂ ਮਨੁੱਖ ਲਈ ਬੜਾ ਦੁਖਦਾਈ ਹੋਵੇਗਾ ਸਾਨੂੰ ਆਕਸੀਜਨ ਦੇ ਜੰਤਰ ਨਾਲ ਲੈ ਕੇ ਚੱਲਣ ਦੀ ਲੋੜ ਪੈ ਸਕਦੀ ਹੈ । ਜੋ ਸਾਡੇ ਜੀਵਨ ਦਾ ਜ਼ਰੂਰੀ ਅੰਗ ਹੈ ਪਰ ਅੱਜ ਅਸੀਂ ਆਪਣੇ ਸਵਾਸਾਂ ਦੀ ਪੂੰਜੀ ਨਾਲ ਖਿਲਵਾੜ ਕਰ ਰਹੇ ਹਾਂ ।

## ਟਰੈਫਿਕ ਨਿਯਮਾਂ ਅਤੇ ਨਸ਼ਿਆਂ ਖ਼ਿਲਾ.ਫ ਸੈਮੀਨਾਰ

**ਸ਼ਹੀਦ ਭਗਤ ਸਿੰਘ ਨਗਰ/ਲੋਕ ਬਾਣੀ:-** ਐਸਐਸਪੀ ਸਾਹਿਬ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਸ੍ਰੀ ਸੰਦੀਪ ਸ਼ਰਮਾ ਜੀ ਦੇ ਹੁਕਮ ਅਨੁਸਾਰ ਅਤੇ ਸ੍ਰੀ ਜੰਗ ਬਹਾਦਰ ਸ਼ਰਮਾ ਕਮ ਜ਼ਿਲ੍ਹਾ ਕਮਿਊਨਿਟੀ ਅਫਸਰ ਦੀਆਂ ਹਦਾਇਤਾਂ ਮੁਤਾਬਕ ਇੰਚਾਰਜ ਸਿੱਖਿਆ ਸੈੱਲ ਹੁਸਨ ਲਾਲ ਵਲੋ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਨਸ਼ਿਆਂ ਦੇ ਸਰੀਰ ਵਿੱਚ ਪੈਣ ਵਾਲੇ ਮਾੜੇ ਪ੍ਰਭਾਵ ਸਬੰਧੀ , ਸੜਕ ਹਾਦਸੇ ਚ ਜ਼ਖਮੀ ਹੋਏ ਵਿਅਕਤੀਆਂ ਨੂੰ ਫਾਸਟ ਏਡ ਸੰਬਧੀ ਸਬੰਧੀ ਅੱਜ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਮੁਕੰਦਪੁਰ ਵਿਖੇ ਪ੍ਰਿੰਸੀਪਲ ਅਮਰਜੀਤ ਖੱਟੜ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਸੈਮੀਨਾਰ ਕੀਤਾ ਗਿਆ ਇਸ ਵਿੱਚ ਬੱਚਿਆ ਨੂੰ ਪੁਲੀਸ ਕੰਟਰੋਲ ਨੰਬਰ 112 ਅਤੇ ਮਹਿਲਾ ਪੁਲਿਸ ਹੈਲਪਲਾਈਨ ਨੰਬਰ 1091, ਅਤੇ ਮੈਡੀਕਲ ਸਹੂਲਤ ਬਾਰੇ 104 ਨੰਬਰ ਬਾਰੇ ਜਾਣਕਾਰੀ ਦਿੱਤੀ ਗਈ। ਅਤੇ ਪਰਚੇ ਵੀ ਵੰਡੇ ਗਏ ਇਹ ਸਮੇਂ ਅੱਜ ਦੇ ਸਮੇਂ ਵਿੱਚ ਗਰਮੀ ਤੋਂ ਬਚਾਅ ਵਾਸਤੇ ਵੀ ਬੱਚਿਆਂ ਨੂੰ ਦੱਸਿਆ ਗਿਆ ਸੰਜੀਵ ਕੁਮਾਰ ਜਗਤਾਰ ਸਿੰਘ ਸੰਤੋਖ ਸਿੰਘ ਭੁਪਿੰਦਰ ਸਿੰਘ ਰਾਣੂ ਬਹਾਦਰ ਨਿਰਮਲ ਰਾਮ ਤਰਸੇਮ ਲਾਲ ਗਰੀਬ ਸਿੰਘ ਕਸ਼ਮੀਰ ਸਿੰਘ ਮਨਦੀਪ ਸਿੰਘ ਬੁੱਧ ਉਦਾਸ ਮੀਨਾਕਸ਼ੀ ਪਰਵੀਨ ਕੌਰ ਲਹਿੰਬਰ ਸਿੰਘ ਰਾਮ ਲੁਭਾਇਆ ਕਲਸੀ ਵਿਜੇ ਕੁਮਾਰ ਆਦ ਹਾਜ਼ਰ ਸਨ।

## ਵਿਧਾਇਕ ਸਿੱਧੂ ਵੱਲੋਂ ਵਾਰਡ ਨੰਬਰ 45 'ਚ ਨਵੇਂ ਟਿਊਬਵੈਲ ਦਾ ਉਦਘਾਟਨ



**ਲੁਧਿਆਣਾ/ਸੁਖਚੈਨ ਮਹਿਰਾ:-** ਹਲਕਾ ਆਤਮ ਨਗਰ ਤੋਂ ਵਿਧਾਇਕ ਸਿੰਘ ਸ. ਕੁਲਵੰਤ ਸਿੰਘ ਸਿੱਧੂ ਵੱਲੋਂ ਵਾਰਡ ਨੰਬਰ 45 ਅਧੀਨ ਸ਼ਹੀਦ ਕਰਨੈਲ ਸਿੰਘ ਨਗਰ ਫੇਸ 3 ਵਿੱਚ ਨਵੇਂ ਟਿਊਬਵੈਲ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਕੌਂਸਲਰ ਸ੍ਰੀਮਤੀ ਬਰਜਿੰਦਰ ਕੌਰ ਵੀ ਮੌਜੂਦ ਸਨ। ਵਿਧਾਇਕ ਸਿੱਧੂ ਨੇ ਦੱਸਿਆ ਕਿ ਇਲਾਕਾ ਨਿਵਾਸੀ ਪਾਣੀ ਦੀ ਸਮੱਸਿਆ ਕਾਰਨ ਕਾਫੀ ਲੰਬੇ ਸਮੇਂ ਤੋਂ ਜੱਦੋ-ਜਹਿਦ ਕਰ ਰਹੇ ਸਨ ਅਤੇ ਵਸਨੀਕਾਂ ਦੀ ਜ਼ਰੂਰਤ ਨੂੰ ਮੁੱਖ ਰੱਖਦੇ ਹੋਏ ਨਵਾਂ ਟਿਊਬਵੈੱਲ ਲਗਾਇਆ ਜਾ ਰਿਹਾ ਹੈ ਤਾਂ ਜੋ ਸਥਾਨਕ ਵਸਨੀਕਾਂ ਨੂੰ ਕੋਈ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਵਿਧਾਇਕ ਸ. ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਵਸਨੀਕਾਂ ਨੂੰ ਆਉਣ ਵਾਲੀਆਂ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਵਚਨਬੱਧ ਹੈ। ਇਸ ਮੌਕੇ ਮਾਸਟਰ ਜਗਜੀਤ ਸਿੰਘ, ਨਛੱਤਰ ਸਿੰਘ, ਮੋਹਣ ਸਿੰਘ, ਖਜ਼ਾਨ ਸਿੰਘ, ਐਸ.ਪੀ. ਸਿੰਘ, ਨਵਦੀਪ ਸਿੰਘ, ਕੁਲਦੀਪ ਸਿੰਘ ਜਵੱਦੀ, ਤਰਸੇਮ ਸਿੰਘ ਜਵੱਦੀ, ਸ਼ਮਸ਼ੇਰ ਗਰੇਵਾਲ, ਪੰਡਿਤ ਸ਼ਿਵ ਕੁਮਾਰ, ਅਮਨਦੀਪ ਸਿੰਘ, ਭੁਪਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

# ਹੁਣ ਪੰਚਾਇਤੀ ਜ਼ਮੀਨਾਂ ’ਤੇ ਹੋਵੇਗੀ ਝੋਨੇ ਦੀ ਸਿੱਧੀ ਬਿਜਾਈ: ਚੰਦਰ ਗੈਂਦ

**ਬਰਨਾਲਾ/ਕਰਨਪ੍ਰੀਤ ਧੰਦਰਾਲ**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਫ਼ੈਸਲਾ ਕੀਤਾ ਹੈ ਕਿ ਹੁਣ ਸੂਬੇ ਦੀਆਂ ਪੰਚਾਇਤੀ ਜ਼ਮੀਨਾਂ ’ਤੇ ਝੋਨੇ ਦੀ ਸਿੱਧੀ ਬਿਜਾਈ ਜਾਂ ਵੱਟਾਂ ’ਤੇ ਝੋਨਾ ਲਾਉਣ ਦੀ ਤਕਨੀਕ ਨਾਲ ਖੇਤੀ ਕੀਤੀ ਜਾਵੇਗੀ। ਜੇਕਰ ਪੰਚਾਇਤੀ ਜ਼ਮੀਨ ’ਤੇ ਝੋਨਾ ਲੱਗੇਗਾ ਤਾਂ ਸਿਰਫ ਨਤੀਨਤਮ ਤਕਨੀਕ ਨਾਲ ਹੀ ਲੱਗੇਗਾ। ਇਹ ਪ੍ਰਗਟਾਵਾ ਡਿਵੀਜ਼ਨਲ ਕਮਿਸ਼ਨਰ ਸ੍ਰੀ ਚੰਦਰ ਗੈਂਦ ਨੇ ਪਿੰਡ ਰੂੜੇਕੇ ਕਲਾਂ ਦੀ ਸਹਿਕਾਰੀ ਸੁਸਾਇਟੀ ਵਿਖੇ ਝੋਨੇ ਦੀ ਸਿੱਧੀ ਬਿਜਾਈ ਬਾਰੇ ਕਿਸਾਨ ਸਿਖਲਾਈ ਕੈਂਪ ਦੇ ਉਦਘਾਟਨ ਮਗਰੋਂ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰੀਸ਼ ਨਈਅਰ ਵੀ ਮੌਜੂਦ ਸਨ।



ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਸ੍ਰੀ ਚੰਦਰ ਗੈਂਦ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਦੇਣ ਦਾ ਫ਼ੈਸਲਾ ਕੀਤਾ ਹੈ, ਉਥੇ ਇਤਿਹਾਸਕ ਫ਼ੈਸਲਾ ਲੈਂਦੇ ਹੋਏ ਮੂੰਗੀ ’ਤੇ ਐਮਐਸਪੀ ਦੇਣ ਦਾ ਐਲਾਨ ਕੀਤਾ ਹੈ। ਉਨਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹੈ ਕਿ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਵੱਲ ਮੋੜਿਆ ਜਾਵੇ, ਇਸ ਨਾਲ ਜਿੱਥੇ ਕਿਸਾਨਾਂ ਦੀ ਆਮਦਨ ’ਚ ਵਾਧਾ ਹੋਵੇਗੀ, ਉਥੇ ਡੂੰਘੇ ਹੋ ਰਹੇ ਪਾਣੀ ਦੀ ਵੀ ਬੱਚਤ ਹੋਵੇਗੀ। ਉਨਾਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਤੇ ਵੱਟਾਂ ’ਤੇ ਝੋਨਾ ਲਾਉਣ ਵਾਲੀਆਂ ਤਕਨੀਕਾਂ ਅਪਣਾ ਕੇ ਵਾਤਾਵਰਣ ਬਚਾਉਣ ਦਾ ਸੱਦਾ ਦਿੱਤਾ। ਉਨਾਂ ਕਿਹਾ ਕਿ ਇਸ ਉਦੇਸ਼ ਨਾਲ ਉਹ ਸਾਰੇ ਜ਼ਿਲਿਆਂ ਵਿਚ ਜਾ ਕੇ ਕਿਸਾਨ ਮੇਲਿਆਂ ਤੇ ਕੈਂਪਾਂ ਰਾਹੀਂ ਕਿਸਾਨਾਂ ਨੂੰ ਜਾਗਰੂਕ ਕਰ ਰਹੇ ਹਨ।

ਇਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰੀਸ਼ ਨਈਅਰ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ ਅਪਣਾਉਣ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਖੇਤੀਬਾੜੀ ਵਿਭਾਗ ਕਿਸਾਨਾਂ ਦੇ ਸਹਿਯੋਗ ਲਈ ਲਗਾਤਾਰ ਯਤਨਸ਼ੀਲ ਹੈ ਤੇ ਕਿਸਾਨ ਵੀ ਅਜਿਹੇ ਕੈਂਪਾਂ ਦਾ ਪੂਰਾ ਲਾਹਾ ਲੈਣ। ਇਸ ਮੌਕੇ ਪੀਏਯੂ ਦੇ ਸਾਬਕਾ ਵਿਗਿਆਨੀ ਦਲੇਰ ਸਿੰਘ ਨੇ ਕਿਸਾਨਾਂ ਨੂੰ ਵੱਟਾਂ ’ਤੇ ਝੋਨਾ ਲਾਉਣ ਦੀ ਤਕਨੀਕ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਸੇਵਾਮੁਕਤ ਸੰਯੁਕਤ ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਡਾ. ਬਲਦੇਵ ਸਿੰਘ ਨੇ ਕਿਸਾਨਾਂ ਨੂੰ ਖਾਦਾਂ ਦੀ ਢੁਕਵੀਂ ਵਰਤੋਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਸ੍ਰੀ ਬਲਬੀਰ ਚੰਦ ਨੇ ਦੱਸਿਆ ਕਿ ਪਿਛਲੇ ਸਾਲ ਜ਼ਿਲੇ ’ਚ ਲਗਭਗ 22096 ਹੈਕਟੇਅਰ ’ਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਗਈ ਤੇ ਇਸ ਸਾਲ ਲਗਭਗ 25000 ਹੈਕਟੇਅਰ ’ਚ ਸਿੱਧੀ ਬਿਜਾਈ ਦੀ ਸੰਭਾਵਨਾ ਹੈ। ਉਨਾਂ ਦੱਸਿਆ ਕਿ ਜ਼ਿਲੇ ’ਚ 67 ਮਸ਼ੀਨਾਂ ਸਿੱਧੀ ਬਿਜਾਈ ਲਈ ਉਪਲੱਬਧ ਹਨ। ਇਸ ਮੌਕੇ ਅਗਾਂਹਵਧੂ ਕਿਸਾਨ ਬਹਾਦਰ ਸਿੰਘ ਵਾਸੀ ਪੱਖੋਂ ਕਲਾਂ ਨੇ ਦੱਸਿਆ ਕਿ ਉਹ 4 ਸਾਲਾਂ ਤੋਂ ਝੋਨੇ ਦੀ ਸਿੱਧੀ ਬਿਜਾਈ ਕਰ ਰਿਹਾ ਹੈ ਤੇ ਝਾੜ ਵੀ ਮੁਕਾਬਲਤਨ ਵੱਧ ਨਿਕਲਦਾ ਹੈ। ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਅਗਾਂਹਵਧੂ ਕਿਸਾਨਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਮਿਤ ਬੈਂਬੀ, ਐਸਡੀਐਮ ਤਪਾ ਸਿਮਰਪ੍ਰੀਤ ਕੌਰ, ਸਹਾਇਕ ਰਜਿਸਟਰਾਰ ਰੁਪਿੰਦਰ ਸਿੰਘ ਸਿੱਧੂ, ਹਰਜੀਤ ਸਿੰਘ ਭੰਦੋਲ, ਡਾ. ਅਮਨਦੀਪ ਕੌਰ, ਪੀਏਯੂ ਮਾਹਿਰ ਤੇ ਕਿਸਾਨ ਹਾਜ਼ਰ ਸਨ।

## ਐੱਸ.ਪੀ. ਗੁਰਪ੍ਰੀਤ ਸਿੰਘ ਗਿੱਲ ਨੇ ਸਾਂਝ ਕਮੇਟੀ ਮੈਂਬਰਾਂ ਨਾਲ ਕੀਤੀ ਮੀਟਿੰਗ

# ਪੰਜਾਬ ਪੁਲਿਸ ਵੱਲੋਂ ਸਾਂਝ ਕੇਂਦਰਾਂ ਰਾਹੀਂ 44 ਵੱਖ-ਵੱਖ ਸੇਵਾਵਾਂ ਦਿਤੀਆਂ ਜਾ ਰਹੀਆਂ : ਐੱਸ.ਪੀ. ਗੁਰਪ੍ਰੀਤ ਸਿੰਘ ਗਿੱਲ





**ਬਟਾਲਾ/ਸੁਖਨਾਮ ਸਿੰਘ**

ਪੁਲਿਸ ਜ਼ਿਲ੍ਹਾ ਬਟਾਲਾ ਵੱਲੋਂ ਸਾਂਝ ਕੇਂਦਰਾਂ ਰਾਹੀਂ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜਾ ਲੈਣ ਲਈ ਐੱਸ.ਪੀ. ਹੈੱਡਕੁਆਟਰ ਸ. ਗੁਰਪ੍ਰੀਤ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਸਾਂਝ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਡੀ.ਐੱਸ.ਪੀ. ਹਰਿੰਦਰ ਸਿੰਘ ਗਿੱਲ, ਸਾਂਝ ਕੇਂਦਰ ਬਟਾਲਾ ਦੇ ਇੰਚਾਰਜ ਸੁਖਪਾਲ ਸਿੰਘ, ਕਮੇਟੀ ਮੈਂਬਰ ਗੁਰਬਖਸ਼ ਸਿੰਘ, ਜਗੀਰ ਸਿੰਘ, ਐਡਵੋਕੇਟ ਰਜਿੰਦਰ ਸਿੰਘ, ਸਵਰਨ ਸਿੰਘ, ਮਾਸਟਰ ਰਤਨ ਲਾਲ, ਕੁਲਵੰਤ ਸਿੰਘ ਐੱਮ.ਸੀ ਅਤੇ ਕਰਤਾਰ ਸਿੰਘ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਐੱਸ.ਪੀ. ਹੈੱਡਕੁਆਟਰ ਸ. ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਪੁਲਿਸ ਲੋਕਾਂ ਨੂੰ ਸਾਂਝ ਕੇਂਦਰਾਂ ਜਰੀਏ ਸਮਾਂਬੱਧ ਸੇਵਾਵਾਂ ਦੇਣ ਲਈ ਵਚਨਬੱਧ ਹੈ ਅਤੇ ਸਾਂਝ ਕੇਂਦਰ ਦਾ ਸਟਾਫ਼ ਲੋਕਾਂ ਦੀ ਸੇਵਾ ਵਿੱਚ ਹਰ ਸਮੇਂ ਹਾਜ਼ਰ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵਿਭਾਗ ਵੱਲੋਂ ਸਾਂਝ ਕੇਂਦਰਾਂ ਰਾਹੀਂ 44 ਵੱਖ-ਵੱਖ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਜਿਨ੍ਹਾਂ ਵਿੱਚ ਪੀ.ਸੀ.ਸੀ, ਪਾਸਪੋਰਟ ਇੰਨਕੁਆਰੀ, ਵਿਦੇਸ਼ ਤੇ ਸਰਵਿਸ ਇੰਨਕੁਆਰੀ, ਅਸਲਾ ਲਾਇਸੰਸ ਇਨਕੁਆਰੀ, ਐੱਫ.ਆਈ.ਆਰ ਦੀ ਕਾਪੀ, ਐੱਨ.ਓ.ਸੀ. ਮੇਲਾ ਆਦਿ, ਨੌਕਰਾਂ ਦੀ ਵੈਰੀਫਿਕੇਸ਼ਨ ਆਦਿ ਸੇਵਾਵਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸਾਰੀਆਂ 44 ਸੇਵਾਵਾਂ ਲਈ ਪੰਜਾਬ ਸਰਕਾਰ ਵੱਲੋਂ ਸਮਾਂ ਨਿਰਧਾਰਤ ਕੀਤਾ ਗਿਆ ਹੈ ਅਤੇ ਸਾਂਝ ਕੇਂਦਰਾਂ ਵੱਲੋਂ ਇਸ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਸੇਵਾਵਾਂ ਦੇ ਦਿੱਤੀਆਂ ਜਾਂਦੀਆਂ ਹਨ। ਐੱਸ.ਪੀ. ਸ. ਗੁਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਸਾਂਝ ਕੇਂਦਰਾਂ ਦੀ ਬਦੌਲਤ ਪੁਲਿਸ ਅਤੇ ਆਮ ਲੋਕਾਂ ਦੀ ਸਾਂਝ ਹੋਰ ਮਜਬੂਤ ਹੋਈ ਹੈ।

ਸਾਂਝ ਕਮੇਟੀ ਮੈਂਬਰਾਂ ਨੇ ਸਾਂਝ ਕੇਂਦਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ’ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ’ਤੇ ਪੁਲਿਸ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਮਾਂਬੱਧ ਸੇਵਾਵਾਂ ਨੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵਿਭਾਗ ਨਾਲ ਸਬੰਧਤ ਬਹੁਤ ਸਾਰੇ ਕੰਮ ਹੁਣ ਸਾਂਝ ਕੇਂਦਰਾਂ ਵਿੱਚ ਹੀ ਹੋ ਜਾਂਦੇ ਹਨ ਅਤੇ ਇਥੇ ਦਾ ਸਟਾਫ ਬਹੁਤ ਮਿਲਣਸਾਰ ਤੇ ਕਾਬਲ ਹੈ।

# ਸਕੱਤਰ ਆਰ.ਟੀ.ਏ. ਕਰਨਬੀਰ ਸਿੰਘ ਛੀਨਾ ਵਲੋਂ ਸੇਫ ਸਕੂਲ ਵਾਹਨ ਪਾਲਿਸੀ ਅਧੀਨ ਵਾਹਨਾਂ ਦੀ ਚੈਕਿੰਗ ਕੀਤੀ




**ਬਰਨਾਲਾ/ਕਰਨਪ੍ਰੀਤ ਧੰਦਰਾਲ**

ਬੀਤੇ ਦਿਨੀ ਇਕ ਸਕੂਲੀ ਬੱਸ ਜੋ ਕਿ ਅਗਨ ਭੇਂਟ ਹੋ ਗਈ ਸੀ ਤੇ ਉਸ ਵਿਚ ਸਵਾਰ ਵੱਡੀ ਗਿਣਤੀ ਵਿਚ ਸਵਾਰ ਬੱਚੇ ਝੁਲਸ ਗਏ ਸਨ 1 ਬਰਨਾਲਾ ਜਿਲੇ ਵਿਚ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਸੇਫ ਸਕੂਲ ਵਾਹਨ ਪਾਲਿਸੀ ਅਧੀਨ ਬਰਨਾਲਾ ਵਿਖੇ ਵੱਡੀ ਗਿਣਤੀ ਸਕੂਲ ਵਾਹਨਾਂ ਦੀ ਚੈਕਿੰਗ ਕੀਤੀ ਗਈ । ਸਕੱਤਰ ਆਰ.ਟੀ.ਏ. ਕਰਨਬੀਰ ਸਿੰਘ ਛੀਨਾ ਨੇ ਦੱਸਿਆ ਕਿ ਸਕੂਲ ਵਾਹਨ ਚਾਲਕਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਬਾਰੇ ਜਾਗਰੂਕ ਕਰਨ ਲਈ ਚੈਕਿੰਗ ਮੁਹਿੰਮ ਚਲਾਈ ਗਈ ਹੈ ਬਰਨਾਲਾ ਵਿਖੇ 20 ਦੇ ਕਰੀਬ ਸਕੂਲ ਵਾਹਨਾਂ ਦੀ ਚੈਕਿੰਗ ਕੀਤੀ ਗਈ । ਉਨ੍ਹਾਂ ਦੱਸਿਆ ਕਿ ਇਸ ਮੌਕੇ ਵਾਹਨ ਚਾਲਕਾਂ ਤੇ ਮਾਲਕਾਂ ਨੂੰ ਸਕੂਲ ਵਾਹਨਾਂ ਦੇ ਦਸਤਾਵੇਜ਼ਾਂ ਜਿਵੇਂ ਆਰ.ਸੀ.,ਪ੍ਰਦੂਸ਼ਣ ਸਰਟੀਫਿਕੇਟ, ਡਰਾਈਵਰ ਦੀ ਵਰਦੀ, ਬੀਮਾ, ਵਹੀਕਲ ਪਰਮਿਟ ਆਦਿ ਬਾਰੇ ਪੂਰੀ ਤਰ੍ਹਾਂ ਜਾਗਰੂਕ ਕੀਤਾ ਗਿਆ । ਉਨ੍ਹਾਂ ਕਿਹਾ ਕਿ ਨਿਯਮਾਂ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਆਉਂਦੇ ਦਿਨੀਂ ਵੀ ਚੈਕਿੰਗ ਮੁਹਿੰਮ ਜਾਰੀ ਰਹੇਗੀ।

# ਮਜ਼ਦੂਰ ਵਰਗਾਂ ਨੂੰ ਅੱਖੋਂ ਪਰੋਖੇ ਨਾ ਕਰੇ ਆਪ : ਸਰਬ ਸਮਾਜ ਸੰਸਥਾ

**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ ਸਹੋਤਾ**

ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਦੋ ਤੋਂ ਪੰਜਾਬ ਦੀ ਵਾਗਡੋਰ ਸੰਭਾਲੀ ਹੈ ਉਦੋਂ ਤੋਂ ਹੀ ਪੰਜਾਬ ਅੰਦਰ ਕੀਤੇ ਗਏ ਕੰਮਾਂ ਦੀ ਸ਼ਲਾਘਾ ਚਾਰੇ ਪਾਸੇ ਹੋ ਰਹੀ ਹੈ , ਪਰ ਕੁਝ ਨਵੇਂ ਫ਼ੈਸਲੇ ਲੋਕਾਂ ਲਈ ਕਿੰਨੇ ਕੁ ਢੁੱਕਵੇਂ ਦਿਸ ਰਹੇ ਹਨ ਇਸ ਦਾ ਨਤੀਜਾ ਸਕੀਮਾਂ ਲਾਗੂ ਹੋਣ ਤੇ ਲੱਗੇਗਾ ਜਿਨ੍ਹਾਂ ਦੀ ਮਜ਼ਦੂਰ ਵਰਗ ਬੇਸਬਰੀ ਨਾਲ ਉਡੀਕ ਕਰ ਰਿਹਾ ਹੈ , ਤੇ ਸਰਕਾਰ ਵੱਲੋਂ ਚਲਾਈਆਂ ਗਈਆਂ ਭਲਾਈ ਸਕੀਮਾਂ ਵਿੱਚ ਹੋਰ ਕੀਤੇ ਗਏ ਵਾਅਦਿਆਂ ਨੂੰ ਉਡੀਕ ਰਹੇ ਹਨ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਸਰਬ ਸਮਾਜ ਭਲਾਈ ਸੰਸਥਾ ਪੰਜਾਬ ਦੇ ਸਰਪ੍ਰਸਤ ਸਾਧੂ ਸਿੰਘ ਮੰਦਰ ਨਵਦੀਪ ਸਿੰਘ ਸਹੋਤਾ ਪੰਜਾਬ ਪ੍ਰਧਾਨ ,ਸਲਵਿੰਦਰ ਸਿੰਘ ਮੰਦਰ ਕਲਾਂ ,ਸਵਰਨ ਸਿੰਘ ਫੌਜੀ ਰਾਊਵਾਲਾ , ਨੇ ਪ੍ਰੈੱਸ ਨਾਲ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੋ ਰੁਪਏ ਕਿੱਲੋ ਕਣਕ ਵਾਲੀ ਸਕੀਮ ਦੀ ਥਾ ਆਂਟੇ ਦੀ ਸਕੀਮ ਸ਼ੁਰੂ ਕਰਨ ਲੱਗੀ ਹੈ ਜੋ ਫਾਇਦੇ ਦਾ ਕਾਰਨ ਬਣਦੀ ਸਿਹਤ ਲਈ ਨੁਕਸਾਨ ਦੇਹ ਨਾ ਬਣ ਜਾਵੇ , ਕਿਉਂ ਕਿ ਗਲੀ ਸੜੀ ਕਣਕ ਦੀ ਪਰਖ ਪਹਿਲਾਂ ਹੋ ਜਾਂਦੀ ਸੀ ਪਰ ਜੇਕਰ ਅਜਿਹੀ ਕਣਕ ਦਾ ਆਟਾ ਪੀਸ ਕੇ ਆ ਗਿਆ ਤਾਂ ਇਹ ਮਨੁੱਖ ਲਈ ਬਹੁਤ ਨੁਕਸਾਨਦੇਹ ਹੋਵੇਗਾ , ਇਸ ਲਈ ਮਾਨ ਸਰਕਾਰ ਨੂੰ ਬੜੇ ਸੁਚੇਤ ਹੋ ਕੇ ਸਾਫ਼ ਸੁਥਰੀ ਕਣਕ ਦਾ ਆਟਾ ਤਿਆਰ ਕਰਨਾ ਚਾਹੀਦਾ ਹੈ , ਉਨ੍ਹਾਂ ਇਹ ਵੀ ਕਿਹਾ ਕਿ ਪਿੰਡਾਂ ਸ਼ਹਿਰਾਂ ਤੇ ਕਸਬਿਆਂ ਵਿਚ ਪਈਆਂ ਪੰਚਾਇਤੀ ਜ਼ਮੀਨ ਦੀ ਅਨੁਸੂਚਿਤ ਜਾਤੀ ਪ੍ਰਤੀ ਰਾਖਵੇਂਕਰਨ ਦੀ ਸਰਲ ਪ੍ਰਣਾਲੀ ਬਣਾਈ ਜਾਵੇ ਤੇ ਉਸ ਨੂੰ ਘੱਟ ਤੋਂ ਘੱਟ ਸਰਕਾਰੀ ਰੇਟ ਤੇ ਹੀ ਲੀਜ਼ ਪਟੇ ਤੇ ਦਿੱਤਾ ਜਾਵੇ, ਤਾਂ ਜੋ ਕਿ ਗ਼ਰੀਬ ਪਰਿਵਾਰ ਆਪਣੀ ਰੋਜ਼ੀ ਰੋਟੀ ਕਮਾ ਸਕਣ ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਗ਼ਰੀਬਾਂ ਦੇ ਹੱਕ ਵਿੱਚ ਸਹੀ ਫ਼ੈਸਲੇ ਨਹੀਂ ਲੈਂਦੀ ਤਾਂ ਇਨ੍ਹਾਂ ਦੇ ਮਨ ਉੱਤੇ ਬੜੀ ਡੂਗੀ ਠੇਸ ਪਹੁੰਚੇਗੀ ।

ਅਦਾਰਾ ‘ਲੋਕ ਬਾਣੀ’ ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ’ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016.2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,



## ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਪ੍ਰਤੀ ਏਕੜ 1500 ਰੁਪਏ ਵਿੱਤੀ ਸਹਾਇਤਾ ਮਿਲੇਗੀ : ਡਿਪਟੀ ਕਮਿਸ਼ਨਰ

- **ਸਿੱਧੀ ਬਿਜਾਈ ਰਾਹੀਂ 20 ਮਈ ਤੋਂ ਝੋਨਾ ਬੀਜ ਸਕਦੇ ਹਨ ਕਿਸਾਨ**
- **ਆਪਣੇ ਬੱਚਿਆਂ ਦੇ ਭਵਿੱਖ ਲਈ ਪਾਣੀ ਬਚਾਉਣ ਦੇ ਰਾਹ ਤੁਰਨ ਕਿਸਾਨ**

**ਅੰਮ੍ਰਿਤਸਰ/ਰਾਜਾ ਕੋਟਲੀ**

ਪੰਜਾਬ ਦੇ ਦਿਨੋ-ਦਿਨ ਡੂੰਘੇ ਹੋ ਰਹੇ ਪਾਣੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਬਚਾਉਣ ਵਾਸਤੇ ਪੰਜਾਬ ਸਰਕਾਰ ਨੇ ਇਸ ਸਾਉਣੀ ਦੇ ਸੀਜ਼ਨ ਤੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਵਿੱਤੀ ਸਹਾਇਤਾ ਦੇਣ ਦਾ ਐਲਾਨ ਕਰ ਦਿੱਤਾ ਹੈ ਅਤੇ ਇਸ ਨਾਲ ਝੋਨੇ ਦੀ ਸਿੱਧੀ ਬਿਜਾਈ ਵੀ 20 ਮਈ ਤੋਂ ਕੀਤੀ ਜਾ ਸਕਦੀ ਹੈ। ਉਕਤ ਸਬਦਾਂ ਦਾ ਪ੍ਰਗਟਾਵਾ ਕਰਦੇ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਸੂਦਨ ਨੇ ਜਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਅਸੀਂ ਇਹ ਤਕਨੀਕ ਅਪਨਾਉਣ ਵਾਲੇ ਕਿਸਾਨਾਂ ਲਈ ਹਰ ਤਰਾਂ ਦਾ ਤਕਨੀਕੀ ਸਹਿਯੋਗ ਦੇਣ ਲਈ ਤਿਆਰ ਹਾਂ ਅਤੇ ਉਹ ਇਸ ਮੌਕੇ ਦਾ ਵੱਧ ਤੋਂ ਵੱਧ ਲਾਭ ਲੈਣ। ਉਨਾਂ ਕਿਹਾ ਕਿ ਸਾਡਾ ਖੇਤੀਬਾੜੀ ਵਿਭਾਗ ਜਿਲ੍ਹੇ ਵਿਚ ਇਸ ਬਿਜਾਈ ਦੇ ਬੀਤੇ ਕਈ ਸਾਲਾਂ ਤੋਂ ਸਫਲ ਤਜ਼ਰਬੇ ਕਰ ਚੁੱਕਾ ਹੈ ਅਤੇ ਹੁਣ ਵੀ ਤੁਹਾਡੀ ਸੇਵਾ ਵਿਚ ਹਰ ਤਰਾਂ ਨਾਲ ਮਦਦ ਲਈ ਤਿਆਰ ਹੈ।

ਸ੍ਰੀ ਸੂਦਨ ਨੇ ਕਿਹਾ ਕਿ ਜਿਲ੍ਹੇ ਦੇ ਧਰਤੀ ਹੇਠਲੇ ਪਾਣੀ ਦੀ ਸਥਿਤੀ ਬਹੁਤੀ ਚੰਗੀ ਨਹੀਂ ਹੈ, ਸੋ ਸਾਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਦੀ ਬਚਤ ਅੱਜ ਤੋਂ ਹੀ ਸ਼ੁਰੂ ਕਰਨੀ ਪਵੇਗੀ। ਉਨਾਂ ਕਿਹਾ ਕਿ ਇਹ ਬਿਜਾਈ ਜਿੱਥੇ ਪਾਣੀ ਦੀ ਬਚਤ ਕਰਦੀ ਹੈ, ਉਥੇ ਲੇਬਰ ਦੇ ਖਰਚੇ ਘੱਟਦੇ ਹਨ। ਝੋਨੇ ਦੇ ਝਾੜ ਉਤੇ ਇਸ ਦਾ ਕੋਈ ਅਸਰ ਨਹੀਂ ਪੈਂਦਾ, ਜਿਸ ਨਾਲ ਕਿਸਾਨ ਦਾ ਮੁਨਾਫਾ ਵੱਧਦਾ ਹੈ। ਉਨਾਂ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਜੇਕਰ ਕਿਸ ਕਿਸਾਨ ਨੂੰ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਕੋਈ ਤਕਨੀਕੀ ਜਾਣਕਾਰੀ ਚਾਹੀਦੀ ਹੈ ਤਾਂ ਉਹ ਖੇਤੀਬਾੜੀ ਵਿਭਾਗ ਨਾਲ ਰਾਬਤਾ ਕਰਨ, ਉਹ ਤੁਹਾਡੀ ਹਰ ਤਰਾਂ ਨਾਲ ਮਦਦ ਕਰਨਗੇ।

## ਵਿਧਾਇਕ ਸ਼ੈਰੀ ਕਲਸੀ ਨੇ ਸਕੂਲ ਬੱਸ ਹਾਦਸੇ 'ਚ ਜ਼ਖਮੀ ਹੋਏ ਬੱਚਿਆਂ ਦਾ ਹਾਲ ਜਾਣਿਆ





**ਬਟਾਲਾ/ਸੁਖਨਾਮ ਸਿੰਘ**

ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਕਲਸੀ ਨੇ ਅੱਜ ਸਥਾਨਕ ਮਰਵਾਹਾ ਹਸਪਤਾਲ ਵਿੱਚ ਪਹੁੰਚ ਕੇ ਬੀਤੇ ਦਿਨੀਂ ਹਾਦਸੇ ਦਾ ਸ਼ਿਕਾਰ ਹੋਏ ਬੱਚਿਆਂ ਦਾ ਹਾਲ ਜਾਣਿਆ। ਇਸ ਘਟਨਾ 'ਤੇ ਦੁੱਖ ਤੇ ਚਿੰਤਾ ਜ਼ਾਹਰ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਨੂੰ ਹਰ ਹੀਲੇ ਰੋਕਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਹਾਦਸੇ ਦੇ ਜਿੰਮੇਵਾਰਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਅੱਗੇ ਤੋਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਕਿਸੇ ਵੀ ਪੱਧਰ 'ਤੇ ਕੋਈ ਕੁਤਾਹੀ ਜਾਂ ਅਣਗਿਹਲੀ ਨਾ ਹੋਵੇ। ਵਿਧਾਇਕ ਸ਼ੈਰੀ ਕਲਸੀ ਨੇ ਅਰਦਾਸ ਕੀਤੀ ਕਿ ਸਾਰੇ ਬੱਚੇ ਤੰਦਰੁਸਤ ਹੋ ਕੇ ਜਲਦੀ ਆਪਣੇ ਘਰਾਂ ਨੂੰ ਜਾਣ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹਾਦਸੇ ਦਾ ਪਤਾ ਲੱਗਣ ਤੋਂ ਤੁਰੰਤ ਬਾਅਦ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ੍ਰੀ ਮੀਤ ਹੇਅਰ ਵੱਲੋਂ ਡਿਪਟੀ ਕਮਿਸ਼ਨਰ ਨਾਲ ਗੱਲ ਕਰਕੇ ਸਾਰੇ ਜ਼ਖਮੀ ਬੱਚਿਆਂ ਦਾ ਸਰਕਾਰ ਵੱਲੋਂ ਮੁਫ਼ਤ ਇਲਾਜ ਕਰਨ ਦੀਆਂ ਹਦਾਇਤਾਂ ਦਿੱਤੀਆਂ ਸਨ। ਉਨ੍ਹਾਂ ਕਿਹਾ ਕਿ ਵਾਹਿਗੁਰੂ ਦਾ ਸ਼ੁਕਰ ਹੈ ਕਿ ਇਸ ਵੱਡੇ ਹਾਦਸੇ ਵਿੱਚ ਵੀ ਪ੍ਰਮਾਤਮਾ ਨੇ ਹੱਥ ਦੇ ਕੇ ਬੱਚਿਆਂ ਦੀ ਰਾਖੀ ਕੀਤੀ ਹੈ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਕਣਕ ਦੇ ਨਾੜ ਨੂੰ ਅੱਗ ਬਿਲਕੁਲ ਨਾ ਲਗਾਉਣ ਕਿਉਂਕਿ ਅੱਗ ਲੱਗਣ ਨਾਲ ਜਿਥੇ ਧਰਤੀ ਤੇ ਵਾਤਾਵਰਨ ਦਾ ਨੁਕਸਾਨ ਹੁੰਦਾ ਹੈ ਓਥੇ ਅਜਿਹੇ ਦੁਖਦਾਇਕ ਹਾਦਸੇ ਵੀ ਵਾਪਰਦੇ ਹਨ। ਉਨ੍ਹਾਂ ਕਿਹਾ ਕਿ ਸਰਬੱਤ ਦੇ ਭਲੇ ਅਤੇ ਮਾਨਵਤਾ ਦੇ ਵਡੇਰੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਖੇਤਾਂ ਵਿੱਚ ਨਾੜ ਨੂੰ ਅੱਗ ਬਿਲਕੁਲ ਨਾ ਲਗਾਈ ਜਾਵੇ।

## ਪੰਛੀਆਂ ਦੇ ਲਈ ਆਪਣੇ ਘਰਾਂ ਦੀਆਂ ਛੱਤਾਂ ਉਪਰ ਪੀਣ ਵਾਲਾ ਪਾਣੀ ਜ਼ਰੂਰ ਰੱਖੋ ਇਸ ਤੋ ਵੱਡੀ ਸੇਵਾ ਕੋਈ ਨਹੀਂ - ਡਾ. ਅਜੇ ਕਾਂਸਲ

**ਮੋਗਾ/ਦਵਿੰਦਰ ਸਿੰਘ ਬਿੱਟੂ**

ਗਰਮੀਆ ਆ ਗਈਆ ਨੇ ਜਿਵੇਂ ਜਿਵੇਂ ਇਨਸਾਨ ਨੂੰ ਗਰਮੀ ਤੋਂ ਬਚਣ ਦੇ ਲਈ ਪੀਣ ਵਾਲੇ ਪਾਣੀ ਦੀ ਜ਼ਰੂਰਤ ਹੁੰਦੀ ਹੈ ਉਸੇ ਤਰ੍ਹਾਂ ਬੇਜ਼ੁਬਾਨ ਜਾਨਵਰਾਂ ਅਤੇ ਪੰਛੀਆਂ ਨੂੰ ਵੀ ਪਾਣੀ ਦੀ ਬੇਹੱਦ ਜ਼ਰੂਰਤ ਹੁੰਦੀ ਹੈ। ਸਾਨੂੰ ਸਭ ਨੂੰ ਆਪਣੇ ਘਰਾਂ ਦੀਆਂ ਛੱਤਾਂ ਉਪਰ ਪੀਣ ਵਾਲੇ ਪਾਣੀ ਨੂੰ ਕਿਸੇ ਬਰਤਨ ਵਿੱਚ ਪਾ ਕੇ ਰੋਜ਼ਾਨਾ ਰੱਖਣਾ ਚਾਹੀਦਾ ਹੈ ਜੋ ਕਿ ਇਸ ਪਾਣੀ ਨੂੰ ਪੀ ਕੇ ਪੰਛੀ ਆਪਣੀ ਪਿਆਸ ਬੁਝਾ ਸਕਣ। ਸਾਡਾ ਇੱਕ ਨੇਕੀ ਨਾਲ ਕੀਤਾ



ਹੋਇਆ ਪੁੰਨ ਸਾਨੂੰ ਪ੍ਰਮਾਤਮਾਂ ਦੇ ਦਰਵਾਜ਼ੇ ਤੱਕ ਲੈ ਜਾਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਅੱਗਰਵਾਲ ਸਮਾਜ ਸਭਾ ਦੇ ਪੰਜਾਬ ਪ੍ਰਧਾਨ ਡਾਕਟਰ ਅਜੈ ਕਾਂਸਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਇਕ ਉਪਰਾਲਾ ਕਰਨਾ ਚਾਹੀਦਾ ਹੈ ਅਤੇ ਲੋਕਾਂ ਨੂੰ ਮੈਸੇਜ ਦੇਣਾ ਚਾਹੀਦਾ ਹੈ ਕਿ ਗਰਮੀਆਂ ਦੇ ਵਿਚ ਆਪਣੀਆਂ ਛੱਤਾਂ ਦੇ ਉੱਪਰ ਕਿਸੇ ਬਰਤਨ ਵਿੱਚ ਪਾਣੀ ਪਾ ਕੇ ਪੰਛੀਆਂ ਅਤੇ ਚਿੜੀਆਂ ਦੇ ਲਈ ਰੱਖਣਾ ਚਾਹੀਦਾ ਹੈ ਕਿਉਂਕਿ ਗਰਮੀਆਂ ਨੂੰ ਪਾਣੀ ਦੀ ਬਹੁਤ ਜ਼ਰੂਰਤ ਹੁੰਦੀ ਹੈ ਸਾਡੇ ਇਹ ਛੋਟੇ ਜਿਹੇ ਉਪਰਾਲੇ ਨਾਲ ਅਨੇਕਾਂ ਜੀਵ-ਜੰਤੂਆਂ ਦੀ ਪਿਆਸ ਮਿਟੁੰਗੀ ਅਤੇ ਅਨੇਕਾਂ ਪੰਛੀਆਂ ਦੀ ਜਾਨ ਵੀ ਬਚੇਗੀ । ਇਹ ਸੇਵਾ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਕਰਨੀ ਚਾਹੀਦੀ ਹੈ।

## ਸੌਰਭ ਕੁਮਾਰ ਗੁਪਤਾ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਆਪਣੇ ਪਿਤਾ ਜੀ ਦੀਆਂ ਅੱਖਾਂ ਦਾਨ ਕਰਕੇ ਸਮਾਜ ਦੇ ਲਈ ਪ੍ਰੇਰਨਾ ਸਰੋਤ ਬਣੇ - ਡਾ. ਰਮੇਸ਼

**ਰਾਏਕੋਟ/ਗੁਰਭਿੰਦਰ ਗੁਰੀ**

ਬੀਤੇ ਦਿਨੀ ਲੁਧਿਆਣਾ ਨਿਵਾਸੀ ਸ੍ਰੀ ਅਸ਼ਵਨੀ ਕੁਮਾਰ ਗੁਪਤਾ ਅਚਾਨਕ ਦਿਲ ਦਾ ਦੌਰਾ ਪੈਣ ਨਾਲ ਅਕਾਲ ਚਲਾਣਾ ਕਰ ਗਏ ਸਨ, ਉਹਨਾਂ ਦੇ ਇਸ ਤਰ੍ਹਾਂ ਚਲੇ ਜਾਣ ਤੋਂ ਬਾਅਦ ਪਰਿਵਾਰ ਨੂੰ ਬਹੁਤ ਵੱਡਾ ਸਦਮਾਂ ਲੱਗਾ ਲੇਕਿਨ ਪਰਿਵਾਰ ਨੇ ਉਹਨਾਂ ਦੀ ਅੰਤਿਮ ਇੱਛਾ ਪੂਰੀ ਕਰਦੇ ਹੋਏ ਅਤੇ ਸਮਾਜ ਦੇ ਭਲੇ ਲਈ ਉਹਨਾਂ ਦੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਅਤੇ ਪਰਿਵਾਰ ਦੀ ਸਹਿਮਤੀ ਨਾਲ ਉਹਨਾਂ ਦੇ ਬੇਟੇ ਸ੍ਰੀ ਸੌਰਭ ਕੁਮਾਰ ਗੁਪਤਾ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਅੰਬਾਲਾ ਨੇ ਪੁਨਰਜੋਤ ਆਈ ਬੈਂਕ ਨਾਲ ਗੱਲ ਕੀਤੀ ਅਤੇ ਆਪਣੇ ਪਿਤਾ ਜੀ ਦੀ ਅੱਖਾਂ ਦਾਨ ਕਰਨ ਦੀ ਅੰਤਿਮ ਇੱਛਾ ਪੂਰੀ ਕੀਤੀ। ਸ੍ਰੀ ਸੌਰਭ ਕੁਮਾਰ ਗੁਪਤਾ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਨੇ ਦੱਸਿਆ ਕੇ ਉਹਨਾਂ ਦੇ ਪਿਤਾ ਜੀ ਪੰਜਾਬ ਨੈਸ਼ਨਲ ਬੈਂਕ ਦੇ ਰਿਟਾਇਰਡ ਕਰਮਚਾਰੀ ਸਨ। ਉਹ ਇੱਕ ਸਮਾਜ ਸੇਵਕ ਅਤੇ ਵਾਤਾਵਰਣ ਪ੍ਰੇਮੀ ਸਨ, ਉਹਨਾਂ ਦੀ ਇਹ ਧਾਰਨਾ ਸੀ ਕਿ




ਸਾਨੂੰ ਜਿਓਂਦੇ ਜੀ ਸਮਾਜ ਦੇ ਕੰਮ ਆਉਣਾ ਚਾਹੀਦਾ ਹੈ ਮਰਨ ਤੋਂ ਬਾਅਦ ਵੀ ਆਪਣੇ ਅੰਗ ਦਾਨ ਕਰਕੇ ਲੋੜਵੰਦ ਲੋਕਾਂ ਦੇ ਕੰਮ ਆਉਣਾ ਚਾਹੀਦਾ ਹੈ। ਸਵ. ਸ੍ਰੀ ਅਸ਼ਵਨੀ ਕੁਮਾਰ ਗੁਪਤਾ ਜੀ ਨੇ ਆਪਣੇ ਪਰਿਵਾਰ ਨੂੰ ਸਮਾਜ ਭਲਾਈ ਦੇ ਕੰਮਾਂ ਨਾਲ ਜੋੜਿਆ। ਅੱਖ ਦਾਨੀ ਪਰਿਵਾਰ ਦੇ ਇਸ ਵੱਡਮੁਲੇ ਯੋਗਦਾਨ ਨਾਲ ਦੋ ਦ੍ਰਿਸ਼ਟੀਹੀਣ ਇਨਸਾਨਾਂ ਦੀ ਜਿੰਦਗੀ ਦੁਬਾਰਾ ਰੋਸ਼ਨ ਹੋਈ। ਸਵ. ਸ੍ਰੀ ਅਸ਼ਵਨੀ ਕੁਮਾਰ ਗੁਪਤਾ ਦੇ ਬੇਟੇ ਸ੍ਰੀ ਸੌਰਭ ਕੁਮਾਰ ਗੁਪਤਾ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਅੰਬਾਲਾ ਨੇ ਆਪਣੇ ਪਿਤਾ ਜੀ ਦੀ ਅੰਤਿਮ ਇੱਛਾ ਪੂਰੀ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਮਿੱਤਰ ਪਿਆਰੇ ਦੇ ਵਿਛੋੜੇ ਤੋਂ ਬਾਅਦ ਉਸ ਦੇ ਜਿਉਂਦੇ ਅੰਗਾਂ ਨੂੰ ਅਗਨ ਭੇਟ ਜਾਂ ਦਫਨਾਉਣ ਦੀ ਵਜਾਏ ਉਹਨਾਂ ਨੂੰ ਕਿਸੇ ਲੋੜਵੰਦ ਇਨਸਾਨ ਲਈ ਦਾਨ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਉਹ ਲੋੜਵੰਦ ਇਨਸਾਨ ਜੋ ਏਨਾ ਅੰਗਾਂ ਦੀ ਘਾਟ ਕਰਕੇ ਨਿਰਾਸ਼ ਬੈਠੇ ਹਨ ਉਨ੍ਹਾਂ ਦੀ ਨਿਰਾਸ਼ਾ ਨੂੰ ਦੂਰ ਕੀਤਾ ਜਾ ਸਕੇ ਅਤੇ ਉਹ ਵੀ ਦੁਨੀਆ ਦਾ ਆਨੰਦ ਮਾਣ ਸਕਣ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕੇ ਸਾਨੂੰ ਜੀਉਂਦੇ ਜੀ ਖੂਨ ਦਾਨ ਅਤੇ ਮਰਨ ਤੋਂ ਬਾਅਦ ਆਪਣੀਆਂ ਅੱਖਾਂ ਦਾ ਦਾਨ ਜਰੂਰ ਕਰਨਾ ਚਾਹੀਦਾ ਹੈ। ਉਹਨਾਂ ਨੌਜਵਾਨ ਵਰਗ ਨੂੰ ਇਸ ਮੁਹਿੰਮ ਨਾਲ ਜੁੜਣ ਦੀ ਅਪੀਲ ਵੀ ਕੀਤੀ। ਡਾਕਟਰ ਰਮੇਸ਼ ਮੈਡੀਕਲ ਡਾਇਰੈਕਟਰ ਪੁਨਰਜੋਤ ਆਈ ਬੈਂਕ ਨੇ ਅੱਖਦਾਨੀ ਪਰਿਵਾਰ ਦਾ ਧੰਨਵਾਦ ਕੀਤਾ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਮਹਾਂਮਾਰੀ ਕਾਰਨ ਅੱਖਾਂ ਦਾਨ ਦੀ ਮੁਹਿੰਮ ਵਿਚ ਕਾਫੀ ਗਿਰਾਵਟ ਆਈ ਹੈ ਸੋ ਹੁਣ ਦੋਬਾਰਾ ਇਸ ਮੁਹਿੰਮ ਨੂੰ ਤੁਹਾਡੇ ਸਹਿਯੋਗ ਦੀ ਲੋੜ ਹੈ। ਆਓ ਇਸ ਅੱਖਾਂ ਦਾਨ ਮੁਹਿੰਮ ਨਾਲ ਜੁੜੀਏ ਅਤੇ ਉਹਨਾਂ ਦ੍ਰਿਸ਼ਟੀਹੀਣ ਇਨਸਾਨਾਂ ਨੂੰ ਇਸ ਰੰਗਲੀ ਦੁਨੀਆਂ ਦੇਖਣ ਦਾ ਮੌਕਾ ਪ੍ਰਦਾਨ ਕਰੀਏ। ਡਾ. ਰਮੇਸ਼ ਮੈਡੀਕਲ ਡਾਇਰੈਕਟਰ ਪੁਨਰਜੋਤ ਆਈ ਬੈਂਕ ਸੁਸਾਇਟੀ, ਲੁਧਿਆਣਾ ਨੇ ਦੱਸਿਆ ਕਿ ਪਿਛਲੇ 29 ਸਾਲਾਂ ਤੋਂ ਪੰਜਾਬ ਵਿੱਚ ਡਾਕਟਰ ਸਾਹਿਬਾਨਾਂ ਅਤੇ ਪੈਰਾ ਮੈਡੀਕਲ ਸਟਾਫ, ਗੈਰ ਸਰਕਾਰੀ ਸਵੈ ਸੇਵੀ ਸੰਸਥਾਵਾਂ, ਮੀਡੀਆ ਅਤੇ ਪੰਜਾਬ ਸਰਕਾਰ ਦੇ ਆਪਸੀ ਸਹਿਯੋਗ ਨਾਲ ਇੱਕ ਰੋਲ ਮਾਡਲ ਦੇ ਤੌਰ ਤੇ ਪੁਨਰਜੋਤ ਅੱਖ ਬੈਂਕ ਵੱਲੋਂ ਅੱਖਾਂ ਦਾਨ ਮਹਾਂ ਦਾਨ ਦੀ ਮੁਹਿੰਮ ਚਲਾਈ ਜਾ ਰਹੀ ਹੈ। ਹੁਣ ਤੱਕ ਲਗਭਗ 7500 ਤੋਂ ਵੱਧ ਅੱਖ ਦਾਨ ਪ੍ਰਾਪਤ ਕਰਕੇ ਉੱਤਰੀ ਭਾਰਤ ਵਿੱਚ ਇੱਕ ਵਿਲੱਖਣ ਪ੍ਰਾਪਤੀ ਹਾਸਿਲ ਕੀਤੀ ਹੈ, ਜੋ ਕਿ ਨਿਸ਼ਕਾਮ ਮਨੁੱਖੀ ਸੇਵਾ ਦੀ ਇੱਕ ਵਧੀਆ ਮਿਸ਼ਾਲ ਬਣੀ ਹੈ। ਹੁਣ ਪੰਜਾਬ ਸੂਬਾ ਕੁੱਲ ਭਾਰਤ ਦਾ ਪਹਿਲਾ ਸੂਬਾ ਬਣਨ ਦੀ ਮੰਜਿਲ ਵੱਲ ਵੱਧ ਰਿਹਾ ਹੈ, ਜਿੱਥੇ ਅੱਖ ਦਾਨ ਲੈਣ ਵਾਲਿਆਂ ਦੀ ਇੰਤਜਾਰ ਲਿਸਟ ਨਹੀ ਹੋਵੇਗੀ, ਜੋ ਕਿ ਅੰਗ ਦਾਨ ਦੀ ਮੁਹਿੰਮ ਵਿੱਚ ਇੱਕ ਇਤਿਹਾਸਿਕ ਮੀਲ ਪੱਧਰ ਸਾਬਿਤ ਹੋਵੇਗਾ। ਸਮੂਹ ਸੰਸਾਰ ਲਈ ਸਾਡੇ ਪੰਜਾਬੀ ਭਾਈਚਾਰੇ ਦੇ ਸਭਿਆਚਾਰ ਅਤੇ ਗੁਰੂ ਸਾਹਿਬਾਨਾਂ ਵੱਲੋਂ ਦਰਸਾਏ ਸੇਵਾ ਦੇ ਮਾਰਗ ਨੂੰ ਕੁੱਲ ਸੰਸਾਰ ਲਈ ਸੇਧ ਦੇਣਗੇ। ਪੁਨਰਜੋਤ ਆਈ ਬੈਂਕ ਸੁਸਾਇਟੀ, ਲੁਧਿਆਣਾ ਵੱਲੋਂ ਅੱਖਾਂ ਦੀ ਪੁੱਤਲੀ ਬਦਲਣ ਦੇ ਅਪ੍ਰੇਸ਼ਨ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ।

Website : www.lokbani.com
lokbani08@gmail.com

# ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰਾਂ ਕੀਤੀਆਂ



**ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੀ ਆਰ 126 ਝੋਨੇ ਦੇ ਬੀਜ ਦੀ ਹੁੰਦੀ ਕਾਲਾ ਬਾਜ਼ਾਰੀ ਤੁਰੰਤ ਰੋਕੀ ਜਾਵੇ ਕਿਉਂਕਿ ਪਿਛਲੇ ਸਾਲ ਇਸ ਨੇ ਚੰਗੀ ਉਪਜ ਦਿੱਤੀ ਸੀ ਜਿਸ ਕਰਕੇ ਕਿਸਾਨਾਂ ਦਾ ਰੁਝਾਨ ਇਸ ਕਸਮ ਵੱਲ ਹੋਇਆ ਹੈ। ਉਨ੍ਹਾਂ ਕਿਹਾ ਕਿ ਬੜੀ ਚਿੰਤਾ ਦੀ ਗੱਲ ਹੈ ਕਿ ਇਸ ਦੀ ਕਾਲਾਬਾਜ਼ਾਰੀ ਸ਼ੁਰੂ ਹੋ ਗਈ ਹੈ ਅਤੇ ਇਸ ਨੂੰ ਵਾਜਬ ਭਾਅ @ਤੇ ਵੀ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕਾਲਾ ਬਾਜ਼ਾਰੀ ਅਤੇ ਵੱਧ ਕੀਮਤ ਵਸੂਲਣ ਵਾਲੇ ਡੀਲਰਾਂ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਸ ਵਾਰ ਕਿਸਾਨ ਵੀਰਾਂ ਦੇ ਵਿਚ ਪੀ ਆਰ 126 ਕਿਸਮ ਦਾ ਰੁਝਾਨ ਜ਼ਿਆਦਾ ਹੈ । ਪਿਛਲੇ ਸਾਲ ਜਿੰਨਾ ਖੇਤਾਂ ਵਿਚ ਪਛੇਤੀ ਬਿਜਾਈ ਕੀਤੀ ਸੀ ਉਥੇ ਇਸ ਕਿਸਮ ਨੇ ਬਹੁਤ ਚੰਗਾ ਝਾੜ ਦਿੱਤਾ। ਜਦੋਂਕਿ ਇਸਦੇ ਮੁਕਾਬਲੇ ਪੂਸਾ ਵਗੈਰਾ ਜੋ ਕਿਸਮਾਂ ਹਨ ਉਨ੍ਹਾਂ ਦੇ ਝਾੜ ਘੱਟ ਨਿਕਲੇ ਸਨ । ਇਸ ਲਈ ਦੇਖਾ ਦੇਖੀ ਬਹੁਤ ਸਾਰੇ ਕਿਸਾਨ ਇਸ ਵਾਰ 126 ਕਿਸਮ ਦੇ ਪਿੱਛੇ ਪੈ ਗਏ ਹਨ। ਜਿਸ ਦਾ ਨਤੀਜਾ ਇਹ ਹੋਇਆ ਹੈ ਕਿ ਇਸ ਕਿਸਮ ਦੇ ਬੀਜ ਦਾ ਰੇਟ ਬਾਜ਼ਾਰ ਦੇ ਵਿੱਚ ਵਧ ਗਿਆ ਹੈ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਬੀਜ ਵੇਚਣ ਵਾਲੇ ਕੇਂਦਰਾਂ ਕੋਲ ਇਸ ਬੀਜ ਦਾ ਜਿੰਨਾ ਸਟਾਕ ਉਪਲੱਬਧ ਸੀ । ਉਹ ਪਹਿਲਾਂ ਹੀ ਵਿਕ ਚੁੱਕਾ ਹੈ । ਜਿਸ ਕਾਰਨ ਹੁਣ ਖਤਰਾ ਇਹ ਵੀ ਹੈ ਕਿ ਇਸ ਕਿਸਮ ਦੇ ਬੀਜ ਦੀ ਕਾਲਾਬਾਜ਼ਾਰੀ ਸ਼ੁਰੂ ਹੋ ਗਈ ਹੈ। ਜਿਸ ਦੇ ਨਾਲ ਨਾਲ ਕਿਸਾਨਾਂ ਨੂੰ ਡੁਪਲੀਕੇਟ ਅਤੇ ਗ਼ੈਰ ਮਿਆਰੀ ਬੀਜ ਮਿਲਣ ਦੀ ਵੀ ਸੰਭਾਵਨਾ ਹੈ । ਇਸ ਲਈ ਕਿਸਾਨ ਵੀਰ ਇਸ ਪ੍ਰਤੀ ਸੁਚੇਤ ਰਹਿਣ , ਦੂਸਰੇ ਪਾਸੇ ਇਕ ਬਹੁਤ ਵੱਡਾ ਰਕਬਾ ਜੋ ਕਿ ਪੂਸਾ 44 ਡੋਗਰ ਪੂਸਾ ਜਾਂ ਪੀਲੀ ਪੂਸਾ ਆਦਿ ਝੋਨੇ ਦੀ ਕਾਸ਼ਤ ਕਰ ਰਿਹਾ ਹੈ । ਇਨ੍ਹਾਂ ਕਿਸਾਨ ਵੀਰਾਂ ਨੂੰ ਵੀ ਇਹ ਬੇਨਤੀ ਹੈ ਕਿ ਭਾਵੇਂ ਕਿ ਇਹ ਕਿਸਮਾਂ ਸਿੱਧੇ ਰੂਪ ਵਿੱਚ ਦੂਸਰੇ ਝੋਨੇ ਦੇ ਨਾਲੋਂ ਜ਼ਿਆਦਾ ਝਾੜ ਦਿੰਦੀਆਂ ਹਨ ਪ੍ਰੰਤੂ ਪਾਣੀ ਦੀ ਖਪਤ ਦਵਾਈਆਂ ਦੇ ਕੀਟਨਾਸ਼ਕ ਉੱਲੀਨਾਸ਼ਕ ਆਦਿ ਦੇ ਵੱਧ ਖ਼ਰਚੇ ਕਰਨ ਪ੍ਰਤੀ ਏਕੜ ਮੁਨਾਫਾ ਦੂਸਰੀਆਂ ਕਿਸਮਾਂ ਦੇ ਬਰਾਬਰ ਹੀ ਰਹਿ ਜਾਂਦਾ ਹੈ । ਜੇਕਰ ਇਨ੍ਹਾਂ ਕਿਸਮਾਂ ਨੂੰ ਬੈਕਟੀਰੀਅਲ ਝੁਲਸਰੋਗ ਆ ਜਾਵੇ ਤਾਂ ਇਨ੍ਹਾਂ ਕਿਸਮਾਂ ਦਾ ਕਾਫੀ ਜ਼ਿਆਦਾ ਨੁਕਸਾਨ ਹੋ ਸਕਦਾ ਹੈ । ਇਨ੍ਹਾਂ ਕਿਸਮਾਂ ਦੀ ਪਰਾਲੀ ਦਾ ਪ੍ਰਬੰਧ ਕਰਨਾ ਵੀ ਬਹੁਤ ਮੁਸ਼ਕਿਲ ਹੁੰਦਾ ਹੈ ਕਿਉਂਕਿ ਇਸ ਵਿੱਚ ਪਰਾਲ ਜ਼ਿਆਦਾ ਬਣਦਾ ਹੈ ਜਿਸ ਕੰਮ ਅੱਗ ਲਗਾਉਣ ਵਰਗੀਆਂ ਘਟਨਾਵਾਂ ਹੁੰਦੀਆਂ ਹਨ। ਇਸ ਮੌਕੇ ਬਚਨ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਪੰਜਾਬ, ਮਲੂਕ ਸਿੰਘ ਨੰਬਰਦਾਰ ਮੇਬਰ ਐਗਜੇਕਟਿਵ ਕਮੇਟੀ ਪੰਜਾਬ, ਤੋਤਾ ਸਿੰਘ ਬਹਿਰਾਮਕੇ, ਸੁਖਦੇਵ ਸਿੰਘ ਲਖਮੀਰ ਕੇ, ਅਵਤਾਰ ਸਿੰਘ ਹੀਰਾ ਜਿਲਾ ਪ੍ਰਧਾਨ ਰੂਪ ਨਗਰ, ਜਸਵਿੰਦਰ ਸਿੰਘ ਭੁਲੇਰੀਆ ਜਿਲਾ ਪ੍ਰਧਾਨ ਫਿਰੋਜ਼ਪੁਰ, ਮੁਖਤਿਆਰ ਸਿੰਘ ਮਾਹਲਾ ਐਗਜੇਕਟਿਵ ਕਮੇਟੀ ਪੰਜਾਬ, ਸੁਰਿੰਦਰਪਾਲ ਸਿੰਘ ਪ੍ਰਧਾਨ, ਕੇਪਟਨ ਪਿਆਰਾ ਸਿੰਘ ਸੀਨੀਅਰ ਆਗੂ ਹਾਜਰ ਸਨ।

# ਰਾਏਕੋਟ ਦੇ ਪੰਜਾਬ ਨੈਸ਼ਨਲ ਬੈਂਕ ਦੀ ਖੱਜਲ-ਖੁਆਰੀ ਤੋਂ ਲੋਕ ਔਖੇ ਬੈਂਕ ਦੇ ਰਲੇਵੇਂ ਕਾਰਨ ਦਿੱਕਤਾਂ ਵਧੀਆਂ





**ਰਾਏਕੋਟ/ਗੁਰਭਿੰਦਰ ਗੁਰੀ**

ਸਥਾਨਕ ਪੰਜਾਬ ਨੈਸ਼ਨਲ ਬੈਂਕ ਦੇ ਖਾਤਾਧਾਰਕਾਂ ਨੂੰ ਕੰਮ ਵਿੱਚ ਦੇਰੀ ਹੋਣ ਕਰਕੇ ਤੇ ਬੈਂਕ ਵਿੱਚ ਬੈਠਣ ਆਦਿ ਦਾ ਯੋਗ ਪ੍ਰਬੰਧ ਨਾ ਹੋਣ ਕਰਕੇ ਖੱਜਲ-ਖੁਆਰ ਹੋਣਾ ਪੈਂਦਾ ਹੈ। ਖਪਤਕਾਰਾਂ ਨੂੰ ਬੈਂਕ ਦੇ ਆਪਣੇ ਜਰੂਰੀ ਕੰਮਾਂ ਲਈ ਵੀ ਕਈ ਕਈ-ਕਈ ਦਿਨ ਦੀ ਉਡੀਕ ਕਰਨੀ ਪੈਂਦੀ ਹੈ ਕਿਉਂਕਿ ਬੈਂਕ ਵਿੱਚ ਭੀੜ ਹੋਣ ਕਾਰਨ ਕਈ ਲੋਕ ਸਮੇਂ ’ਤੇ ਆਪਣਾ ਕਰਵਾਉਣ ਤੋਂ ਵਾਂਝੇ ਰਹਿ ਜਾਂਦੇ ਹਨ।

ਇਸ ਦਾ ਮੁੱਖ ਕਾਰਨ ਇਹ ਹੈ ਕਿ ਓਰੀਐਂਟਲ ਬੈਂਕ ਆਫ ਕਾਮਰਸ ਨੂੰ ਵੀ ਪੰਜਾਬ ਨੈਸ਼ਨਲ ਬੈਂਕ ਦੇ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ। ਜਿਸ ਨਾਲ ਦੋ ਬੈਂਕਾਂ ਦਾ ਭਾਰ ਸਥਾਨਕ ਪੰਜਾਬ ਨੈਸ਼ਨਲ ਬੈਂਕ ਦੀ ਸ਼ਾਖਾ ‘ਤੇ ਆ ਪਿਆ ਹੈ। ਇਨ੍ਹਾਂ ਬੈਂਕਾਂ ਦੇ ਰਲੇਵੇਂ ਕਾਰਨ ਨਾ ਤਾਂ ਸਟਾਫ਼ ਵਿੱਚ ਵਾਧਾ ਕੀਤਾ ਗਿਆ ਹੈ ਤੇ ਨਾ ਹੀ ਥਾਂ ਦਾ ਵਾਧਾ ਹੋਇਆ ਹੈ। ਮੌਜੂਦਾ ਬੈਂਕ ਸਟਾਫ ਗਾਹਕਾਂ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਅਸਮਰੱਥ ਹੈ।

ਇਸ ਸਬੰਧੀ ਬੈਂਕ ਮੈਨੇਜਰ ਅਮਰਜੀਤ ਮਾਨ ਨੇ ਦੱਸਿਆ ਕਿ ਸਟਾਫ ਦੀ ਘਾਟ ਕਾਰਨ ਗਾਹਕਾਂ ਨੂੰ ਮੁਸ਼ਕਲ ਪੇਸ਼ ਆ ਰਹੀ ਹੈ। ਉਹਨਾਂ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਲਿਖ ਕੇ ਭੇਜਿਆ ਹੈ ਤੇ ਇਸ ਸਮੱਸਿਆ ਦਾ ਹੱਲ ਜਲਦੀ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਬੈਂਕ ਵਿੱਚ 6-7 ਹਜਾਰ ਸਾਬਕਾ ਫੌਜੀਆਂ ਅਤੇ 2 ਹਜਾਰ ਤੋਂ ਵੱਧ ਬੁਢਾਪਾ ਪੈਨਸ਼ਨ ਖਾਤਾ ਧਾਰਕਾਂ ਦੇ ਖਾਤੇ ਹਨ, ਇਸ ਤੋਂ ਇਲਾਵਾ ਕਈ ਸਕੂਲਾਂ ਦੀਆਂ ਫੀਸਾਂ ਵੀ ਬੈਂਕ ਵਿੱਚ ਜਮ੍ਹਾਂ ਹੁੰਦੀਆਂ ਹਨ ਅਤੇ ਬੈਂਕ ਦੇ ਰਲੇਵੇਂ ਕਾਰਨ ਖਾਤਾ ਧਾਰਕਾਂ ਦੀ ਗਿਣਤੀ ਵਿੱਚ ਭਾਰੀ ਵਾਧਾ ਹੋਇਆ ਹੈ, ਜਿਸ ਦੇ ਹਿਸਾਬ ਨਾਲ ਸਟਾਫ ਬਹੁਤ ਘੱਟ ਹੈ। ਫੇਰ ਵੀ ਉਹ ਗਾਹਕਾਂ ਦੀ ਹਰ ਸੰਭਵ ਮੱਦਦ ਕਰਦੇ ਹਨ।

ਇਸ ਸਬੰਧੀ ਆਮ ਲੋਕਾਂ ਨੇ ਮੰਗ ਕੀਤੀ ਹੈ ਕਿ ਬੈਂਕ ’ਚ ਲੋੜੀਦਾ ਸਟਾਫ ਪੂਰਾ ਕੀਤਾ ਜਾਵੇ ਅਤੇ ਗਾਹਕਾਂ ਦੇ ਬੈਠਣ ਆਦਿ ਲਈ ਯੋਗ ਪ੍ਰਬੰਧ ਕੀਤਾ ਜਾਵੇ।

# ਆਪ@ ਸਰਕਾਰ ਦੀਆਂ ਨੀਤੀਆਂ ਤੋਂ ਕਿਸਾਨ ਪਰੇਸ਼ਾਨ ਅਤੇ ਘਾਟੇ ਵਿੱਚ ਸਰਕਾਰ ਕਿਸਾਨਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਵੇ

**ਬਟਾਲਾ/ਸੁਖਨਾਮ ਸਿੰਘ**

ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਨੀਤੀਆਂ ਕਾਰਨ ਪੰਜਾਬ ਦੇ ਕਿਸਾਨ, ਵਪਾਰੀ ਵਰਗ, ਸਨਅਤਕਾਰ, ਮਜ਼ਦੂਰ ਤੋਂ ਇਲਾਵਾ ਛੋਟੇ ਕਾਰੋਬਾਰੀ ਲੋਕ ਰੋਹ ਵਿੱਚ ਆ ਗਏ ਹਨ।

ਆਮ ਆਦਮੀ ਪਾਰਟੀ ਦੇ ਸੱਤਾ @ਚ ਆਉਂਦੇ ਹੀ ਪੰਜਾਬ ਦੇ ਲੋਕਾਂ @ਤੇ ਬਿਜਲੀ ਸੰਕਟ ਆ ਗਿਆ ਹੈ।ਭਾਜਪਾ ਦੇ ਸੀਨੀਅਰ ਆਗੂ ਸਨਅਤਕਾਰ ਇੰਦਰ ਸੇਖੜੀ ਨੇ ਕਿਹਾ ਕਿ ਇਸ ਵਾਰ ਕਣਕ ਦੀ ਫ਼ਸਲ ਦੀ ਝਾੜ ਘੱਟ ਹੋਣ ਕਾਰਨ ਫ਼ਸਲ ਦੀ ਪੈਦਾਵਾਰ ਬਹੁਤ ਘੱਟ ਹੋਈ ਹੈ, ਜਿਸ ਦਾ ਨੁਕਸਾਨ ਆਰਥਿਕ ਪੱਖੋਂ ਕਿਸਾਨਾਂ ਨੂੰ ਹੋਇਆ ਹੈ

ਇਸ ਤੋਂ ਇਲਾਵਾ ਭਵਿੱਖ @ਚ ਝੋਨੇ ਦੀ ਫ਼ਸਲ ਦੀ ਬਿਜਾਈ ਲਈ ਪਾਣੀ ਅਤੇ ਬਿਜਲੀ ਦੀ ਬਹੁਤ ਜ਼ਿਆਦਾ ਲੋੜ ਪਵੇਗੀ, ਜੋ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇਣ @ਚ ਨਾਕਾਮ ਸਾਬਤ ਹੋ ਰਹੀ ਹੈ, ਜੇਕਰ ਕਿਸਾਨਾਂ ਨੂੰ ਬਿਜਲੀ ਨਾ ਮਿਲੀ ਤਾਂ ਕਿਸਾਨ ਖੇਤਾਂ @ਚ ਝੋਨੇ ਦੀ ਫਸਲ ਦੀ ਬਿਜਾਈ @ਤੇ ਪਾਣੀ ਨਹੀਂ ਦੇ ਸਕਣਗੇ, ਜਿਸ ਕਾਰਨ ਝੋਨੇ ਦੀ ਫਸਲ ਦਾ ਭਾਰੀ ਨੁਕਸਾਨ ਹੋਣ ਦਾ ਖਦਸ਼ਾ ਹੈ। ਦਿੱਲੀ ਮਾਡਲ ਦਾ ਰੌਲਾ ਪਾਉਣ ਵਾਲੀ ਆਮ ਆਦਮੀ ਪਾਰਟੀ ਨੂੰ 1 ਮਹੀਨੇ ਚ ਹੀ ਪਤਾ ਲੱਗ ਗਿਆ ਹੈ ਕਿ ਦਿੱਲੀ ਮਾਡਲ ਫੇਲ੍ਹ ਹੈ ਕਿਉਂਕਿ ਬਿਜਲੀ ਸੰਕਟ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਕੋਈ ਨੀਤੀ ਨਹੀਂ, ਵਪਾਰੀ ਵਰਗ ਨੂੰ ਸਹੂਲਤਾਂ ਦੇਣ ਦੀ ਕੋਈ



ਨੀਤੀ ਨਹੀਂ, ਬੇਰੁਜ਼ਗਾਰਾਂ ਨੂੰ ਨੌਕਰੀਆਂ ਦੇਣ ਦੀ ਕੋਈ ਨੀਤੀ ਨਹੀਂ, ਦਿੱਲੀ ਮਾਡਲ ਦਿੱਲੀ ਮਾਡਲ ਬਣਾਉਣ ਦਾ ਰੌਲਾ ਪਾਇਆ ਜਾ ਰਿਹਾ ਹੈ ਜਦੋਂਕਿ ਪੰਜਾਬ ਦਾ ਮਾਹੌਲ ਦਿੱਲੀ ਨਾਲੋਂ ਬਿਲਕੁਲ ਵੱਖਰਾ ਹੈ ਪੰਜਾਬ ਵਿੱਚ ਖੇਤੀ ਪ੍ਰਧਾਨ ਸੂਬਾ ਹੈ। ਜਿਸ ਵਿੱਚ ਕਿਸਾਨਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ, ਪੰਜਾਬ ਸਭ ਤੋਂ ਵੱਧ ਅਨਾਜ ਪੈਦਾ ਕਰਨ ਵਾਲਾ ਸੂਬਾ ਹੈ, ਪਰ ਕਿਸਾਨਾਂ ਪ੍ਰਤੀ ਸਰਕਾਰ ਦੀ ਕੋਈ ਨੀਤੀ ਨਹੀਂ ਹੈ। ਪੰਜਾਬ ਦੇ ਲੋਕ ਸਮਝ ਰਹੇ ਹਨ ਕਿ ਉਨ੍ਹਾਂ ਨੇ ਪੰਜਾਬ ਦੀ ਸੱਤਾ ਅਣਜਾਣ ਲੋਕਾਂ ਦੇ ਹੱਥਾਂ ਵਿੱਚ ਦੇ ਦਿੱਤੀ ਹੈ, ਜਿਸ ਦਾ ਖਾਮਿਆਜ਼ਾ ਉਨ੍ਹਾਂ ਨੂੰ ਪੰਜ ਸਾਲ ਤੱਕ ਭੁਗਤਣਾ ਪਵੇਗਾ।

ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਸਨ, ਹੁਣ ਤੱਕ ਸਾਰੇ ਵਾਅਦੇ ਮੁਸੀਬਤ ਹੀ ਲਿਆ ਰਹੇ ਹਨ। ਆਮ ਆਦਮੀ ਪਾਰਟੀ ਨੇ ਸੂਬੇ ਵਿੱਚੋਂ ਇੰਸਪੈਕਟਰੀ ਰਾਜ ਖਤਮ ਕਰਨ ਦੀ ਗੱਲ ਕੀਤੀ ਸੀ, ਅੱਜ ਹਰ ਵਿਭਾਗ ਦੇ ਅਧਿਕਾਰੀ ਦੁਕਾਨ @ਤੇ ਛਾਪੇਮਾਰੀ ਕਰ ਰਹੇ ਹਨ, ਪੁਲਿਸ ਪ੍ਰਸ਼ਾਸਨ ਥਾਂ-ਥਾਂ ਲੋਕਾਂ ਦੇ ਚਲਾਨ ਕੱਟ ਰਿਹਾ ਹੈ, ਉਥੇ ਹੀ ਚੋਰ ਚੋਰੀਆਂ ਨੂੰ ਅੰਜਾਮ ਦੇਣ ਵਿੱਚ ਕਾਮਯਾਬ ਹੋ ਰਹੇ ਹਨ। ਕੰਮ ਕਰਨ ਵਾਲੇ ਮਜ਼ਦੂਰ ਵੀ ਪਰੇਸ਼ਾਨ ਹੋ ਰਹੇ ਹਨ ਹੁਣ ਜੂਨ ਮਹੀਨੇ ਵਿੱਚ ਝੋਨੇ ਦੀ ਫ਼ਸਲ ਲਈ ਪਾਣੀ ਦੀ ਬਹੁਤ ਕਮੀ ਹੋਵੇਗੀ ਪਰ ਉਸ ਸਮੇਂ ਬਿਜਲੀ ਨਾ ਆਉਣ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਵੇਗਾ।

ਪੰਜਾਬ ਸਰਕਾਰ ਨੂੰ ਕਿਸਾਨਾਂ ਨੂੰ ਆਰਥਿਕ ਮੰਦਹਾਲੀ ਤੋਂ ਬਚਾਉਣ ਲਈ ਬਿਜਲੀ ਦਾ ਇੰਤਜ਼ਾਮ ਕਰਨਾ ਪਵੇਗਾ, ਜਿਵੇਂ ਕਿ ਪਿਛਲੀਆਂ ਵੱਖ-ਵੱਖ ਸਰਕਾਰਾਂ ਵੱਲੋਂ ਸਮੇਂ-ਸਮੇਂ @ਤੇ ਕੀਤੇ ਜਾ ਰਹੇ ਸਨ।

ਉਪਰੋਕਤ ਸਾਰੇ ਆਉਣ ਵਾਲੇ ਬੁਰੇ ਦਿਨਾਂ ਨੂੰ ਦਰਸਾਉਂਦੇ ਹਨ ਆਪ’ ਸਰਕਾਰ ਵੱਲੋਂ ਸਮੇਂ ਸਿਰ ਕਾਰਵਾਈ ਨਾ ਕਰਨ ਕਾਰਨ ਕਿਸਾਨਾਂ ਦਾ ਹੋਇਆ ਨੁਕਸਾਨ ਹੈ। ਗਰਮੀ ਦੀ ਲਹਿਰ ਕਾਰਨ ਮਾਰਚ ਦੌਰਾਨ ਜਦੋਂ ਪਾਣੀ ਦੀ ਲੋੜ ਹੁੰਦੀ ਸੀ ਤਾਂ ਬਿਜਲੀ ਉਪਲਬਧ ਨਹੀਂ ਸੀ।

# ਆਂਗਣਵਾੜੀ ਯੂਨੀਅਨ ਨੇ ਮੰਗਾਂ ਸਬੰਧੀ ਸੀ ਡੀ ਪੀ ਓ ਨੂੰ ਦਿੱਤਾ ਮੰਗ ਪੱਤਰ



**ਮੋਗਾ/ਧਰਮਕੋਟ/ਦਵਿੰਦਰ ਸਿੰਘ ਬਿੱਟੂ**

ਆਂਗਣਵਾੜੀ ਵਰਕਰ ਯੂਨੀਅਨ ਧਰਮਕੋਟ ਦੇ ਪ੍ਰਧਾਨ ਗੁਰਜੀਤ ਕੌਰ ਦੀ ਅਗਵਾਈ ਹੇਠ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੇ ਦਿਸ਼ਾ ਨਿਰਦੇਸ਼ਾਂ ਤੇ ਆਪਣੀਆਂ ਮੰਗਾਂ ਨੂੰ ਲੈ ਕੇ ਸੀ ਡੀ ਪੀ ਓ ਦਫਤਰ ਧਰਮਕੋਟ ਵਿਖੇ ਸੀ ਡੀ ਪੀ ਓ ਨੂੰ ਮੰਗ ਪੱਤਰ ਦਿੱਤਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਸੂਬੇ ਅੰਦਰ ਖ਼ਾਲੀ ਪਈਆਂ ਹਜ਼ਾਰਾਂ ਅਸਾਮੀਆਂ ਦੀ ਭਰਤੀ ਛੇਤੀ ਤੋਂ ਛੇਤੀ ਕੀਤੀ ਜਾਵੇ। ਆਂਗਣਵਾੜੀ ਸੈਂਟਰਾਂ ਦੇ ਤਿੰਨ ਸਾਲ ਤੋਂ 6 ਸਾਲ ਤੱਕ ਦੇ ਬੱਚੇ ਜੋ ਸਰਕਾਰ ਨੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਭੇਜ ਦਿੱਤੇ ਹਨ ਉਨ੍ਹਾਂ ਨੂੰ ਵਾਪਸ ਸੈਂਟਰਾਂ ਵਿੱਚ ਭੇਜਿਆ ਜਾਵੇ ਅਤੇ ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਪਿਛਲੇ ਕਈ ਸਾਲਾਂ ਤੋਂ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਦੀ ਤੁਰੰਤ ਭਰਤੀ ਕੀਤੀ ਜਾਵੇ। ਭਰਤੀ ਨਿਯਮਾਂ ਵਿਚ ਪਿਛਲੀ ਸਰਕਾਰ ਵੱਲੋਂ ਜੋ ਤਰੁੱਟੀਆਂ ਕੀਤੀਆਂ ਗਈਆਂ ਸਨ ਉਨ੍ਹਾਂ ਨੂੰ ਦੂਰ ਕੀਤਾ ਜਾਵੇ ਅਤੇ ਆਂਗਣਵਾੜੀ ਸੈਂਟਰਾਂ ਵਿੱਚ ਮੁੱਢਲੀਆਂ ਲੋੜੀਂਦੀਆਂ ਚੀਜ਼ਾਂ ਦੀ ਪੂਰਤੀ ਕੀਤੀ ਜਾਵੇ। ਇਸ ਮੌਕੇ ਭੁਪਿੰਦਰ ਕੌਰ ਬਲਜਿੰਦਰ ਕੌਰ ਸਵਰਨਜੀਤ ਕੌਰ ਪੂਜਾ ਹਾਂਡਾ ਸੁਰਜੀਤ ਕੌਰ ਕੁਲਜੀਤ ਕੌਰ ਰਾਜਵੰਤ ਕੌਰ ਜਸਵਿੰਦਰ ਕੌਰ ਪਰਕਾਸ਼ ਕੌਰ ਹਰਜਿੰਦਰ ਕੌਰ ਵੀਰਪਾਲ ਕੌਰ ਗੁਰਦੇਵ ਕੌਰ ਅਮਰਜੀਤ ਕੌਰ ਪਰਮਿੰਦਰ ਕੌਰ ਸੁਖਜੀਤ ਕੌਰ ਤੋਂ ਇਲਾਵਾ ਹੋਰ ਆਂਗਣਵਾੜੀ ਵਰਕਰ ਹਾਜ਼ਰ ਸਨ।